7-MAR-PAGE-1.qxd 3/6/2025 11:07 PM Page 1

ਸ਼ੁੱਕਰਵਾਰ, 7 ਮਾਰਚ, 2025
24 ਫੱਗਣ { ਨਾਨਕਸ਼ਾਹੀ 556 / ਬਿਕਰਮੀ 2081
ਜਿਲਦ/VOL. : 73
ਅੰਕ/NO. : 276

ਰੋਜ਼ਾਨਾ
ਨਵਾਂ ਜ਼ਮਾਨਾ

DAILY NAWAN ZAMANA • FRIDAY, 7 MARCH, 2025
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

You Tube nawan zamana TV

ਕੀਮਤ/PRICE : 5.00 ਰੁਪਏ | Regd. No : L-4/Pb-JL-0023/2024-26, (R.N.I.)-00068/57 | E-mail : nawanzamana@gmail.com | www.nawanzamana.in | ਸਫ਼ੇ : 12

ਨਸ਼ੇ ਦੀ ਅਲਾਮਤ ਦਾ ਇੱਕ ਕਿਣਕਾ ਵੀ ਨਹੀਂ ਰਹਿਣ ਦੇਣਾ : ਮਾਨ

ਮੁਹਾਲੀ (ਗੁਰਜੀਤ ਬਿੱਲਾ)

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵੀਰਵਾਰ ਲੋਕਾਂ ਨੂੰ ਨਸ਼ਿਆਂ ਵਿਰੁੱਧ ਮੁਹਿੰਮ ਵਿੱਚ ਸਰਗਰਮ ਹਿੱਸੇਦਾਰ ਬਣਨ ਦਾ ਸੱਦਾ ਦਿੱਤਾ, ਤਾਂ ਜੋ ਸੂਬੇ ਵਿੱਚੋਂ ਇਸ ਅਲਾਮਤ ਦਾ ਪੂਰੀ ਤਰ੍ਹਾਂ ਸਫ਼ਾਇਆ ਕੀਤਾ ਜਾ ਸਕੇ।ਸਿਟੀ ਸਰਵੀਲੈਂਸ ਤੇ ਮੈਨੇਜਮੈਂਟ ਸਿਸਟਮ ਦੀ ਸ਼ੁਰੂਆਤ ਕਰਨ ਤੋਂ ਬਾਅਦ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਨਸ਼ਿਆਂ ਵਿਰੁੱਧ ਵੱਡੀ ਕਾਰਵਾਈ ਸ਼ੁਰੂ ਕੀਤੀ ਹੈ। ਉਨ੍ਹਾ ਕਿਹਾ ਕਿ ਨਸ਼ਿਆਂ ਦੀ ਸਪਲਾਈ ਲਾਈਨ ਤੋੜਨ, ਨਸ਼ਾ ਤਸਕਰਾਂ ਨੂੰ ਸਲਾਖਾਂ ਪਿੱਛੇ ਡੱਕਣ ਅਤੇ ਨਸ਼ਾ ਪੀੜਤਾਂ ਦਾ ਮੁੜ ਵਸੇਬਾ ਯਕੀਨੀ ਬਣਾਉਣ ਲਈ ਇਹ ਸੁਚੱਜੀ ਯੋਜਨਾਬੱਧ ਮੁਹਿੰਮ ਚਲਾਈ ਗਈ ਹੈ। ਮਾਨ ਨੇ ਨਸ਼ਾ ਵਿਰੋਧੀ ਮੁਹਿੰਮ ਨੂੰ ਭਰਵਾਂ ਹੁੰਗਾਰਾ ਦੇਣ ਲਈ ਲੋਕਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ। ਉਨ੍ਹਾ ਕਿਹਾ ਕਿ ਇਹ ਜੰਗ ਲੋਕਾਂ ਦੇ ਸਰਗਰਮ ਸਹਿਯੋਗ ਤੋਂ ਬਿਨਾਂ ਜਿੱਤੀ ਨਹੀਂ ਜਾ ਸਕਦੀ। ਉਨ੍ਹਾ ਕਿਹਾ ਕਿ ਸੂਬਾ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਮੈਗਾ ਮੁਹਿੰਮ ਦੇ ਹਿੱਸੇ ਵਜੋਂ ਡਰੱਗ ਮਨੀ ਰਾਹੀਂ ਹਾਸਲ ਕੀਤੀਆਂ ਨਸ਼ਾ ਤਸਕਰਾਂ ਦੀਆਂ ਜਾਇਦਾਦਾਂ ਨੂੰ ਢਾਹ/ ਜ਼ਬਤ ਕੀਤਾ ਜਾ ਰਿਹਾ ਹੈ। ਨਸ਼ਿਆਂ ਵਿਰੁੱਧ ਮੁਹਿੰਮ ਉਦੋਂ ਤੱਕ ਜਾਰੀ ਰਹੇਗੀ,

ਜਦੋਂ ਤੱਕ ਸੂਬੇ ਵਿੱਚ ਇਸ ਅਲਾਮਤ ਦਾ ਇੱਕ ਕਿਣਕਾ ਵੀ ਮੌਜੂਦ ਹੈ।

ਉਨ੍ਹਾ ਕਿਹਾ ਕਿ ਸੂਬਾ ਸਰਕਾਰ ਨੇ ਲੋਕਾਂ ਨਾਲ ਕੀਤੇ ਸਾਰੇ ਵਾਅਦੇ ਪੂਰੇ ਕਰਨ ਤੋਂ ਇਲਾਵਾ ਕਈ ਅਜਿਹੇ ਕੰਮ ਵੀ ਕੀਤੇ ਹਨ, ਜਿਨ੍ਹਾਂ ਦਾ ਕਦੇ ਵੀ ਵਾਅਦਾ ਨਹੀਂ ਕੀਤਾ ਗਿਆ। ਮੁੱਖ ਮੰਤਰੀ ਨੇ ਕਿਹਾ ਕਿ ਇਹ ਬਹੁਤ ਮਾਣ ਅਤੇ ਤਸੱਲੀ ਦਾ ਮੌਕਾ ਹੈ ਕਿ ਸਿਟੀ ਸਰਵੀਲੈਂਸ ਤੇ ਮੈਨੇਜਮੈਂਟ ਸਕੀਮ ਮੁਹਾਲੀ ਸ਼ਹਿਰ ਵਿੱਚ ਸ਼ੁਰੂ ਕੀਤੀ ਗਈ ਹੈ। ਉਨ੍ਹਾ ਕਿਹਾ ਕਿ ਜਲਦੀ ਹੀ ਇਸ ਸਕੀਮ ਨੂੰ ਸੂਬੇ ਦੇ ਬਾਕੀ ਸ਼ਹਿਰਾਂ ਵਿੱਚ ਵੀ ਲਾਗੂ ਕੀਤਾ ਜਾਵੇਗਾ, ਤਾਂ ਜੋ ਲੋਕਾਂ ਨੂੰ ਇਸ ਦਾ ਭਰਪੂਰ ਲਾਭ ਮਿਲ ਸਕੇ।

ਲਾਲ ਬੱਤੀ ਟੱਪੀ ਤਾਂ...

ਮੁਹਾਲੀ (ਗੁਰਜੀਤ ਬਿੱਲਾ)-ਮੁੱਖ ਮੰਤਰੀ ਭਗਵੰਤ ਸਿੰਘ ਨੇ ਮਾਨ ਨੇ ਵੀਰਵਾਰ ਇੱਥੇ ਸੈਕਟਰ-79 ਦੇ ਪੁਲਸ ਥਾਣੇ 'ਚ ਸਿਟੀ ਸਰਵੀਲੈਂਸ ਐਂਡ ਟਰੈਫਿਕ ਮੈਨੇਜਮੈਂਟ ਸਿਸਟਮ ਦਾ ਉਦਘਾਟਨ ਕੀਤਾ। ਇਸ ਦੇ ਨਾਲ ਹੀ ਮੁਹਾਲੀ ਟਰੈਫਿਕ ਪੁਲਸ ਨੇ ਟਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਦੇ ਈ-ਚਲਾਨ ਸ਼ੁਰੂ ਕਰ ਦਿੱਤੇ।

ਇਹ ਸਿਸਟਮ ਫਰਵਰੀ 2024 ਤੋਂ ਲਾਗੂ ਕਰਨ ਦੀ ਯੋਜਨਾ ਸੀ, ਪਰ ਕੰਮ ਲਮਕਦਾ ਰਿਹਾ। ਹੁਣ 17.70 ਕਰੋੜ ਦੇ ਪ੍ਰੋਜੈਕਟ ਤਹਿਤ ਮੁਹਾਲੀ ਵਿੱਚ 20 ਥਾਵਾਂ 'ਤੇ 405 ਸੀ ਸੀ ਟੀ ਵੀ ਕੈਮਰੇ ਲੱਗ ਗਏ ਹਨ। ਟਰੈਫਿਕ ਨਿਯਮਾਂ ਦੀ ਉਲੰਘਣਾ ਕੀਤੀ ਨਹੀ ਤਾਂ ਸਮਝੋ ਜੁਰਮਾਨਾ ਠੁਕਿਆ ਨਹੀਂ।

ਬੀ ਕੇ ਆਈ ਮੈਂਬਰ ਯੂ ਪੀ ਤੋਂ ਗ੍ਰਿਫ਼ਤਾਰ

ਲਖਨਊ : ਯੂ ਪੀ ਐੱਸ ਟੀ ਐੱਫ ਅਤੇ ਪੰਜਾਬ ਪੁਲਸ ਨੇ ਸਾਂਝੇ ਆਪ੍ਰੇਸ਼ਨ ਵਿੱਚ ਵੀਰਵਾਰ ਤੜਕੇ ਪਾਕਿਸਤਾਨ ਦੀ ਆਈ ਐੱਸ ਆਈ ਨਾਲ ਕਥਿਤ ਸੰਬੰਧਾਂ ਵਾਲੇ ਬੱਬਰ ਖਾਲਸਾ ਇੰਟਰਨੈਸ਼ਨਲ (ਬੀ ਕੇ ਆਈ) ਦੇ ਸਰਗਰਮ ਮੈਂਬਰ ਲਾਜਰ ਮਸੀਹ ਨੂੰ ਕੌਸ਼ਾਂਬੀ ਜ਼ਿਲ੍ਹੇ ਦੇ ਕੋਖਰਾਜ ਥਾਣਾ ਖੇਤਰ ਤੋਂ ਗ੍ਰਿਫ਼ਤਾਰ ਕੀਤਾ। ਉਹ ਅੰਮ੍ਰਿਤਸਰ ਦੇ ਪਿੰਡ ਕੁਰਲਾਂ ਦਾ ਹੈ। ਉਹ ਸਵਰਨ ਸਿੰਘ ਉਰਫ ਜੀਵਨ ਫੌਜੀ ਲਈ ਕੰਮ ਕਰਦਾ ਹੈ, ਜੋ ਕਿ ਬੀ ਕੇ ਆਈ ਦੇ ਜਰਮਨੀ ਸਥਿਤ ਮਡਿਊਲ ਦਾ ਮੁਖੀ ਹੈ ਅਤੇ ਉਹ ਪਾਕਿਸਤਾਨ ਸਥਿਤ ਆਈ ਐੱਸ ਆਈ ਦੇ ਬੰਦਿਆਂ ਨਾਲ ਸਿੱਧੇ ਸੰਪਰਕ ਵਿੱਚ ਹੈ। ਉਸ ਤੋਂ ਤਿੰਨ ਐਕਟਿਵ ਹੈਂਡ ਗਰਨੇਡ, ਦੋ ਐਕਟਿਵ ਡੈਟੋਨੇਟਰ, ਇੱਕ ਵਿਦੇਸ਼ੀ ਪਿਸਤੌਲ ਅਤੇ 13 ਕਾਰਤੂਸ ਬਰਾਮਦ ਕੀਤੇ ਗਏ ਹਨ। ਇਕ ਚਿੱਟੇ ਰੰਗ ਦਾ ਵਿਸਫੋਟਕ ਪਾਊਡਰ, ਗਾਜ਼ੀਆਬਾਦ ਦੇ ਪਤੇ ਵਾਲਾ ਆਧਾਰ ਕਾਰਡ, ਸਿਮ ਕਾਰਡ ਤੋਂ ਬਿਨਾਂ ਇਕ ਮੋਬਾਈਲ ਫੋਨ ਵੀ ਬਰਾਮਦ ਕੀਤਾ ਗਿਆ ਹੈ।

ਉਹ 24 ਸਤੰਬਰ 2024 ਨੂੰ ਪੰਜਾਬ ਵਿੱਚ ਨਿਆਂਇਕ ਹਿਰਾਸਤ ਵਿੱਚੋਂ ਫਰਾਰ ਹੋ ਗਿਆ ਸੀ।

ਲੰਮੀਆਂ ਤਰੀਕਾਂ ਵਾਜਬ ਨਹੀਂ

ਨਵੀਂ ਦਿੱਲੀ : ਸੁਪਰੀਮ ਕੋਰਟ ਨੇ ਵੀਰਵਾਰ ਅਹਿਮ ਟਿੱਪਣੀ ਕਰਦਿਆਂ ਕਿਹਾ ਕਿ ਅਦਾਲਤਾਂ ਤੋਂ ਆਜ਼ਾਦੀ ਨਾਲ ਸੰਬੰਧਤ ਮਾਮਲਿਆਂ ਨੂੰ ਦੇਰ ਤੱਕ ਲਟਕਾਈ ਰੱਖਣ ਅਤੇ 'ਲੰਮੀਆਂ ਤਰੀਕਾਂ' ਦੇਣ ਦੀ ਤਵੱਕੋ ਨਹੀਂ ਕੀਤੀ ਜਾਂਦੀ। ਜਸਟਿਸ ਬੀ ਆਰ ਗਵਈ ਅਤੇ ਜਸਟਿਸ ਆਗਸਟੀਨ ਜਾਰਜ ਮਸੀਹ ਦੀ ਬੈਂਚ ਨੇ ਇਹ ਟਿੱਪਣੀ ਇਹ ਜਾਣਕਾਰੀ ਦਿੱਤੇ ਜਾਣ ਤੋਂ ਬਾਅਦ ਕੀਤੀ ਕਿ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਮੈਡੀਕਲ ਆਧਾਰ 'ਤੇ ਆਰਜ਼ੀ ਜ਼ਮਾਨਤ ਦੀ ਮੰਗ ਕਰਦੀ ਇਕ ਪਟੀਸ਼ਨ ਦੀ ਸੁਣਵਾਈ ਦੋ ਮਹੀਨਿਆਂ ਲਈ ਮੁਲਤਵੀ ਕਰ ਦਿੱਤੀ।

ਪਟੀਸ਼ਨਰ ਦੇ ਵਕੀਲ ਨੇ ਕਿਹਾ ਕਿ ਉਸ ਨੇ ਹਾਈ ਕੋਰਟ ਵਿੱਚ ਆਰਜ਼ੀ ਜ਼ਮਾਨਤ ਲਈ ਇਸ ਆਧਾਰ 'ਤੇ ਪਹੁੰਚ ਕੀਤੀ ਸੀ ਕਿ ਉਸ ਦੇ ਮੁਵੱਕਲ ਦੀ ਦੋ ਸਾਲਾ ਧੀ ਨੂੰ ਤੁਰੰਤ ਸਰਜਰੀ ਦੀ ਲੋੜ ਹੈ। ਵਕੀਲ ਨੇ ਦਲੀਲ ਦਿੱਤੀ ਕਿ ਹਾਈ ਕੋਰਟ ਨੇ 21 ਫਰਵਰੀ ਨੂੰ ਦਿੱਤੇ ਆਪਣੇ ਹੁਕਮਾਂ ਵਿੱਚ ਮਾਮਲੇ ਦੀ ਸੁਣਵਾਈ 22 ਅਪਰੈਲ ਤੱਕ ਟਾਲ ਦਿੱਤੀ। ਬੈਂਚ ਨੇ ਕਿਹਾ ਕਿ ਆਜ਼ਾਦੀ ਦੇ ਮਾਮਲਿਆਂ ਵਿੱਚ ਅਦਾਲਤਾਂ ਤੋਂ ਇੰਨੀਆਂ ਲੰਮੀਆਂ ਤਰੀਕਾਂ ਦਿੱਤੇ ਜਾਣ ਦੀ ਉਮੀਦ ਨਹੀਂ ਕੀਤੀ ਜਾਂਦੀ। ਇਸ ਦੇ ਨਾਲ ਹੀ ਬੈਂਚ ਨੇ ਪਟੀਸ਼ਨਰ ਨੂੰ ਪਹਿਲਾਂ ਸੁਣਵਾਈ ਲਈ ਹਾਈ ਕੋਰਟ ਜਾਣ ਦੀ ਇਜਾਜ਼ਤ ਦੇ ਦਿੱਤੀ।

ਬੈਂਚ ਨੇ ਹਾਈ ਕੋਰਟ ਨੂੰ ਕਿਹਾ ਕਿ ਉਹ ਤਰੀਕ ਦਾ ਵਕਫ਼ਾ ਘਟਾਏ ਅਤੇ ਪਟੀਸ਼ਨਰ ਦੀ ਧੀ ਦੇ ਅਪ੍ਰੇਸ਼ਨ ਲਈ ਮੈਡੀਕਲ ਆਧਾਰ 'ਤੇ ਆਰਜ਼ੀ ਜ਼ਮਾਨਤ ਦੇਣ ਦੇ ਮੁੱਦੇ 'ਤੇ ਸੁਣਵਾਈ ਕਰੇ।

10 ਨੂੰ ਵਿਧਾਇਕਾਂ ਦੇ ਘਰਾਂ ਅੱਗੇ ਹੋਣਗੇ ਰੋਸ ਮੁਜ਼ਾਹਰੇ : ਰਾਜੇਵਾਲ

ਸਮਰਾਲਾ (ਸੁਰਜੀਤ ਸਿੰਘ)

ਅਗਲੇ ਕਿਸਾਨੀ ਸੰਘਰਸ਼ ਲਈ ਸੰਯੁਕਤ ਕਿਸਾਨ ਮੋਰਚੇ ਦੀ ਵੀਰਵਾਰ ਲੁਧਿਆਣਾ ਵਿਖੇ ਹੋਈ ਮੀਟਿੰਗ ਵਿਚ ਕਿਸਾਨ ਆਗੂਆਂ ਨੇ ਜਿਥੇ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੇ ਕਿਸਾਨੀ ਪ੍ਰਤੀ ਰਵੱਈਏ ਦੀ ਸਖ਼ਤ ਨਿਖੇਧੀ ਕੀਤੀ, ਉਥੇ ਅਗਲੇ ਕਿਸਾਨੀ ਸੰਘਰਸ਼ ਦਾ ਵੀ ਐਲਾਨ ਕੀਤਾ ਹੈ। ਸੰਯੁਕਤ ਮੋਰਚੇ ਦੇ ਸੀਨੀਅਰ ਆਗੂ ਅਤੇ ਬੀ ਕੇ ਯੂ (ਰਾਜੇਵਾਲ) ਦੇ ਕੌਮੀ ਪ੍ਰਧਾਨ ਬਲਬੀਰ ਸਿੰਘ ਰਾਜੇਵਾਲ ਨੇ ਦੱਸਿਆ ਕਿ ਭਗਵੰਤ ਮਾਨ ਦੇ ਕਿਸਾਨ ਵਿਰੋਧੀ ਰਵੱਈਏ ਖਿਲਾਫ 10 ਮਾਰਚ ਨੂੰ ਪੰਜਾਬ ਦੇ ਸਾਰੇ ਆਮ ਆਦਮੀ ਪਾਰਟੀ ਦੇ ਵਿਧਾਇਕਾਂ ਦੇ ਘਰਾਂ ਮੂਹਰੇ ਸਵੇਰੇ 11 ਵਜੇ ਤੋਂ ਸ਼ਾਮ 3 ਵਜੇ ਤੱਕ ਰੋਸ ਮੁਜ਼ਾਹਰੇ ਕੀਤੇ ਜਾਣਗੇ। ਇਹਨਾਂ ਮੁਜ਼ਾਹਰਿਆਂ ਰਾਹੀਂ ਸਖ਼ਤੀ ਨਾਲ ਇਹ ਤਾਕੀਦ ਕੀਤੀ ਜਾਵੇਗੀ ਕਿ ਉਹ ਕਿਸਾਨੀ ਪ੍ਰਤੀ ਆਪਣਾ ਵਿਰੋਧੀ ਰਵੱਈਆ ਬਦਲੇ। ਜੇਕਰ ਫੇਰ ਵੀ ਉਹਨਾ ਦੇ ਕਿਸਾਨ ਵਿਰੋਧੀ ਰਵੱਈਏ ਵਿਚ ਤਬਦੀਲੀ ਨਾ ਆਈ ਤਾਂ 15 ਮਾਰਚ ਤੋਂ ਕਿਸਾਨੀ ਸੰਘਰਸ਼ ਸ਼ੁਰੂ ਕੀਤਾ ਜਾਵੇਗਾ। ਉਹਨਾਂ ਕਿਹਾ ਕਿ ਮੁੱਖ ਮੰਤਰੀ ਨੇ ਕਿਸਾਨ ਆਗੂਆਂ ਨੂੰ ਜ਼ਲੀਲ ਕੀਤਾ ਹੈ, ਜੋ ਕਿ ਹਰਗਿਜ਼ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਜ਼ਿਕਰਯੋਗ ਹੈ ਕਿ ਮੰਗਾਂ ਨੂੰ ਲੈ ਕੇ ਸੰਯੁਕਤ ਕਿਸਾਨ ਮੋਰਚੇ ਵੱਲੋਂ 5 ਮਾਰਚ ਨੂੰ ਚੰਡੀਗੜ੍ਹ ਵਿਖੇ ਪੱਕਾ ਮੋਰਚਾ ਲਾਉਣ ਦਾ ਐਲਾਨ ਕੀਤਾ ਸੀ। ਇਸ ਤੋਂ ਪਹਿਲਾਂ ਮੁੱਖ ਮੰਤਰੀ ਪੰਜਾਬ ਨੇ ਕਿਸਾਨਾਂ ਨੂੰ 3 ਮਾਰਚ ਨੂੰ ਮੀਟਿੰਗ ਲਈ ਸੱਦਿਆ, ਪਰ ਗੱਲਬਾਤ ਸਿਰੇ ਨਾ ਚੜ੍ਹਨ ਕਰਕੇ ਸੰਯੁਕਤ ਕਿਸਾਨ ਮੋਰਚਾ 5 ਮਾਰਚ ਦੇ ਧਰਨੇ 'ਤੇ ਅਡਿੱਗ ਰਿਹਾ। ਕਿਸਾਨੀ ਸੰਘਰਸ਼ ਨੂੰ ਅਸਫਲ ਬਣਾਉਣ ਲਈ ਸਰਕਾਰ ਨੇ 4 ਮਾਰਚ ਅੱਧੀ ਰਾਤ ਨੂੰ ਕਿਸਾਨ ਆਗੂਆਂ ਦੀ ਫੜੋਫੜੀ ਸ਼ੁਰੂ ਕਰ ਦਿੱਤੀ। ਸਿੱਟੇ ਵਜੋਂ ਕਿਸਾਨ ਕਾਫ਼ਲਿਆਂ ਨੂੰ ਜਿੱਥੇ ਰੋਕਿਆ ਗਿਆ, ਉਹ ਉਥੇ ਹੀ ਸੜਕ 'ਤੇ ਦਰੀਆਂ ਵਿਛਾ ਕੇ ਧਰਨੇ 'ਤੇ ਬੈਠ ਗਏ।

ਸ੍ਰੀ ਸੁਖਮਨੀ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਜ਼ ਐਂਡ ਰਿਸਰਚ ਦਾ ਨੀਂਹ ਪੱਥਰ ਰੱਖਿਆ

ਡੇਰਾ ਬੱਸੀ (ਵਿਨੈ ਕੁਮਾਰ ਜੈਨ)

'ਸਿਹਤਮੰਦ ਪੰਜਾਬ' ਦੇ ਮਿਸ਼ਨ ਦੀ ਸਫਲਤਾ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵੀਰਵਾਰ ਕਿਹਾ ਕਿ ਸੂਬਾ ਸਰਕਾਰ ਵੱਲੋਂ ਲੋਕਾਂ ਨੂੰ ਮਿਆਰੀ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਦੀ ਗਾਰੰਟੀ ਨੂੰ ਸਫਲਤਾ ਨਾਲ ਪੂਰਾ ਕੀਤਾ ਜਾ ਰਿਹਾ ਹੈ, ਤਾਂ ਕਿ ਕੋਈ ਵੀ ਪੰਜਾਬੀ ਇਲਾਜ ਕਰਵਾਉਣ ਤੋਂ ਵਾਂਝਾ ਨਾ ਰਹੇ।ਇੱਥੇ ਸ੍ਰੀ ਸੁਖਮਨੀ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਜ਼ ਐਂਡ ਰਿਸਰਚ ਦਾ ਨੀਂਹ ਪੱਥਰ ਰੱਖਣ ਤੋਂ ਬਾਅਦ ਮੁੱਖ ਮੰਤਰੀ ਨੇ ਕਿਹਾ ਕਿ ਸਿਹਤ ਸੰਭਾਲ ਕਿਸੇ ਵੀ ਖੁਸ਼ਹਾਲ ਸਮਾਜ ਦੀ ਰੀੜ੍ਹ ਦੀ ਹੱਡੀ ਹੁੰਦੀ ਹੈ ਅਤੇ ਸੂਬਾ ਸਰਕਾਰ ਇਸ ਲਈ ਕੋਈ ਕਸਰ ਬਾਕੀ ਨਹੀਂ ਛੱਡ ਰਹੀ।ਮੁੱਖ ਮੰਤਰੀ ਨੇ ਦੱਸਿਆ ਕਿ ਸੂਬਾ ਸਰਕਾਰ ਵੱਖ-ਵੱਖ ਜ਼ਿਲ੍ਹਿਆਂ ਵਿੱਚ ਮੈਡੀਕਲ ਕਾਲਜ ਸਥਾਪਤ ਕਰ ਰਹੀ ਹੈ, ਤਾਂ ਕਿ ਸਾਡੇ ਬੱਚੇ ਇੱਥੇ ਹੀ ਡਾਕਟਰੀ ਸਿੱਖਿਆ ਹਾਸਲ ਕਰਕੇ ਲੋਕਾਂ ਦੀ ਸੇਵਾ ਕਰ ਸਕਣ। ਸਿਹਤ ਖੇਤਰ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਭਰ ਵਿੱਚ 881 ਆਮ ਆਦਮੀ ਕਲੀਨਿਕ ਸਥਾਪਤ ਕੀਤੇ ਹਨ, ਜਿਨ੍ਹਾਂ ਸੂਬੇ ਵਿੱਚ ਸਿਹਤ ਸੰਭਾਲ ਖੇਤਰ ਦੇ ਵਿੱਚ ਕ੍ਰਾਂਤੀ ਲਿਆਂਦੀ ਹੈ।ਡੇਰਾ ਬੱਸੀ ਵਿਖੇ ਬਣਨ ਵਾਲੇ ਇਸ ਮੈਡੀਕਲ ਕਾਲਜ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ ਦੱਸਿਆ ਕਿ ਮੁਹਾਲੀ ਜ਼ਿਲ੍ਹੇ ਵਿੱਚ ਇਹ ਦੂਜਾ ਮੈਡੀਕਲ ਕਾਲਜ ਹੋਵੇਗਾ, ਜਦਕਿ ਇਸ ਤੋਂ ਪਹਿਲਾਂ ਮੁਹਾਲੀ ਵਿਖੇ ਡਾ. ਬੀ ਆਰ ਅੰਬੇਡਕਰ ਸਟੇਟ ਇੰਸਟੀਚਿਊਟ ਆਫ ਮੈਡੀਕਲ ਸਾਇੰਸਜ਼ ਸਥਾਪਤ ਕੀਤਾ ਗਿਆ ਹੈ।ਮੈਡੀਕਲ ਕਾਲਜ ਦੀ ਮਹੱਤਤਾ ਦਾ ਜ਼ਿਕਰ ਕਰਿਦਆਂ ਮਾਨ ਨੇ ਕਿਹਾ ਕਿ ਨੀਂਹ ਪੱਥਰ ਰੱਖਣ ਨਾਲ ਅਸੀਂ ਸਿਰਫ਼ ਇਹ ਇਮਾਰਤ ਨਹੀਂ ਬਣਾ ਰਹੇ, ਸਗੋਂ ਅਸੀਂ 'ਸਿਹਤਮੰਦ ਪੰਜਾਬ' ਲਈ ਇਕ ਹੋਰ ਮੀਲ ਪੱਥਰ ਕਾਇਮ ਕਰ ਰਹੇ ਹਾਂ। ਆਪਣੇ ਕਾਲਜ ਦੇ ਦਿਨਾਂ ਨੂੰ ਚੇਤੇ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾ ਵੱਖ-ਵੱਖ ਯੁਵਕ ਮੇਲਿਆਂ ਵਿੱਚ ਪ੍ਰਦਰਸ਼ਨ ਕੀਤਾ ਅਤੇ ਕਾਲਜ ਲਈ ਟਰਾਫੀਆਂ ਜਿੱਤੀਆਂ ਉਹਨਾ ਕਿਹਾ ਕਿ ਜਿੱਤਣਾ ਹੀ ਮੇਰਾ ਇਕੋ-ਇਕ ਜਨੂੰਨ ਹੈ ਅਤੇ ਜਿੱਤ ਲਈ ਮੈਂ ਹਮੇਸ਼ਾ ਸਕਾਰਾਤਮਕ ਸੋਚ ਰੱਖੀ ਹੈ।ਨਾਂਹ-ਪੱਖੀ ਸੋਚ ਵਾਲੇ ਲੋਕਾਂ ਦੀ ਸੰਗਤ ਤੋਂ ਬਚਣਾ ਚਾਹੀਦਾ ਹੈ। ਨੌਜਵਾਨਾਂ ਨੂੰ ਵੀ ਦ੍ਰਿੜ੍ਹਤਾ ਨਾਲ ਕੰਮ ਕਰਨ ਅਤੇ ਮਿਹਨਤ ਵਿੱਚ ਵਿਸ਼ਵਾਸ ਰੱਖਣਾ ਚਾਹੀਦਾ ਹੈ, ਕਿਉਂਕਿ ਇਹੀ ਸਫਲਤਾ ਦੀ ਕੁੰਜੀ ਹੈ।

ਵਿਸ਼ੇਸ਼ ਸਪਲੀਮੈਂਟ

ਕਪੂਰਥਲਾ ਤੋਂ ਜਰਨਲਿਸਟ ਪ੍ਰੈੱਸ ਕਲੱਬ (ਰਜਿ.) ਪੰਜਾਬ ਦੀ 11ਵੀਂ ਵਰ੍ਹੇਗੰਢ ਮੌਕੇ 20 ਮਾਰਚ ਨੂੰ ਵਿਸ਼ੇਸ਼ ਸਪਲੀਮੈਂਟ ਪ੍ਰਕਾਸ਼ਤ ਕੀਤਾ ਜਾ ਰਿਹਾ ਹੈ। ਇਸ ਸੰਬੰਧੀ ਇਸ਼ਤਿਹਾਰ ਤੇ ਹੋਰ ਸਮੱਗਰੀ ਦੇਣ ਲਈ ਸਾਡੇ ਪੱਤਰਕਾਰ **ਪ੍ਰੀਤ ਸੰਗੋਜਲਾ** ਨਾਲ ਮੋਬਾਇਲ 99143-35663 'ਤੇ ਸੰਪਰਕ ਕਰੋ।

-ਜਨਰਲ ਮੈਨੇਜਰ

ਰੰਗਦਾਰ ਵਿਸ਼ੇਸ਼ ਸਪਲੀਮੈਂਟ

ਅਰਵਿੰਦਰ ਬਿੰਦੀ
ਆਨੰਦਪੁਰ ਸਾਹਿਬ
98727-68567

ਹੋਲੇ ਮਹੱਲੇ ਮੌਕੇ ਵਿਸ਼ੇਸ਼ ਸਪਲੀਮੈਂਟ ਪ੍ਰਕਾਸ਼ਤ ਕੀਤੇ ਜਾ ਰਹੇ ਹਨ। ਇਸ ਸੰਬੰਧੀ ਇਸ਼ਤਿਹਾਰ ਤੇ ਹੋਰ ਛਪਣਯੋਗ ਸਮੱਗਰੀ ਦੇਣ ਲਈ ਸਾਡੇ ਇਨ੍ਹਾਂ ਪੱਤਰਕਾਰਾਂ ਨਾਲ ਸੰਪਰਕ ਕੀਤਾ ਜਾ ਸਕਦਾ ਹੈ। *ਜਨਰਲ ਮੈਨੇਜਰ*

ਮੱਖਣ ਮਨੋਜ
ਝਬਾਲ
88726-19500

ਪੱਤਰਕਾਰਾਂ ਲਈ ਸੂਚਨਾ

'ਨਵਾਂ ਜ਼ਮਾਨਾ' ਦੇ ਜਿਨ੍ਹਾਂ ਪ੍ਰਤੀਨਿਧਾਂ ਦੇ ਸ਼ਨਾਖਤੀ ਕਾਰਡ ਦੀ ਮਿਆਦ ਲੰਘ ਚੁੱਕੀ ਹੈ, ਉਨ੍ਹਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਆਪੋ-ਆਪਣੇ ਕਾਰਡ ਜਲਦੀ ਤੋਂ ਜਲਦੀ 'ਨਵਾਂ ਜ਼ਮਾਨਾ' ਦਫਤਰ ਆ ਕੇ ਬਾਅਦ ਦੁਪਹਿਰ ਸ਼ੁੱਕਰਵਾਰ ਅਤੇ ਸੋਮਵਾਰ ਨੂੰ 2 ਵਜੇ ਤੋਂ ਸ਼ਾਮ 5 ਵਜੇ ਤੱਕ ਨਵਿਆਉਣ। ਪਿਛਲੇ ਸਾਲ ਦੀ ਅਧਿਕਾਰਤ ਪੱਤਰ ਦੀ ਕਾਪੀ ਨਾਲ ਲਿਆਉਣ। *-ਮੈਨੇਜਰ*

ਟਰੈਕਟਰ-ਟਰਾਲੀ ਤੇ ਕਾਰਾਂ ਦੀ ਟੱਕਰ ਦੌਰਾਨ 5 ਮੌਤਾਂ

ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)

ਭਾਰਤੀ ਕਮਿਊਨਿਸਟ ਪਾਰਟੀ ਵੱਲੋਂ ਕਿਸਾਨ ਆਗੂਆਂ ਦੀ ਫੜੋ-ਫੜੀ ਦੀ ਨਿੰਦਾ

ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)-ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਫਰੀਦਕੋਟ ਨੇ 5 ਮਾਰਚ ਨੂੰ ਚੰਡੀਗੜ੍ਹ ਰੋਸ ਧਰਨਾ ਦੇਣ ਜਾ ਰਹੇ ਸੰਯੁਕਤ ਕਿਸਾਨ ਮੋਰਚੇ ਨਾਲ ਸਬੰਧਤ ਜਥੇਬੰਦੀਆਂ ਦੇ ਆਗੂਆਂ ਅਤੇ ਵਰਕਰਾਂ ਨੂੰ 3 ਮਾਰਚ ਦੀ ਰਾਤ ਤੋਂ ਹੀ ਘਰਾਂ ਤੇ ਪੁਲਸ ਦੀ ਛਾਪੇਮਾਰੀ ਕਰਕੇ ਗ੍ਰਿਫ਼ਤਾਰ ਕਰਨ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ।ਪਾਰਟੀ ਦੇ ਜ਼ਿਲ੍ਹਾ ਸਕੱਤਰ ਅਸ਼ੋਕ ਕੌਸ਼ਲ, ਮੀਤ ਸਕੱਤਰ ਗੁਰਨਾਮ ਸਿੰਘ ਸਰਪੰਚ, ਨਰੇਗਾ ਮਜ਼ਦੂਰ ਯੂਨੀਅਨ ਦੇ ਗੋਰਾ ਸਿੰਘ ਪਿਪਲੀ ਅਤੇ ਮਾਸਟਰ ਗੁਰਚਰਨ ਸਿੰਘ ਮਾਨ ਨੇ ਕਿਹਾ ਕਿ ਇੱਕ ਪਾਸੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਨੇ ਕੇਂਦਰ ਸਰਕਾਰ ਵੱਲੋਂ ਜਬਰੀ ਥੋਪੀ ਜਾ ਰਹੀ ਕਿਸਾਨ ਵਿਰੋਧੀ ਖੇਤੀ ਮੰਡੀਕਰਨ ਨੀਤੀ ਨੂੰ ਰੱਦ ਕਰਕੇ ਸਹੀ ਸਟੈਂਡ ਲਿਆ ਹੈ, ਪਰ ਦੂਜੇ ਪਾਸੇ ਕਿਸਾਨ ਆਗੂਆਂ ਨਾਲ 3 ਮਾਰਚ ਨੂੰ ਚੰਡੀਗੜ੍ਹ ਵਿੱਚ ਹੋਈ। ਮੀਟਿੰਗ ਨੂੰ ਅਧੂਰਾ ਛੱਡਣ ਅਤੇ ਤਲਖ਼ਕਲਾਮੀ ਵਾਲੀ ਸ਼ਬਦਾਵਲੀ ਵਰਤ ਕੇ ਕਿਸਾਨ ਜਥੇਬੰਦੀਆਂ ਦਾ ਅਪਮਾਨ ਕੀਤਾ ਹੈ।ਇਸਦੇ ਨਾਲ ਹੀ ਸਭ ਜਮਹੂਰੀ ਕਦਰਾਂ ਕੀਮਤਾਂ ਨੂੰ ਛਿੱਕੇ ਟੰਗਦੇ ਹੋਏ ਕਿਸਾਨ ਆਗੂਆਂ ਅਤੇ ਵਰਕਰਾਂ ਤੋਂ ਇਲਾਵਾ ਭਰਾਤਰੀ ਸਮਰਥਨ ਦੇਣ ਵਾਲੇ ਆਗੂਆਂ ਨੂੰ ਵੀ ਦਬਾਉਣ ਲਈ ਪੁਲਿਸ ਵੱਲੋਂ ਚੁੱਕਿਆ ਗਿਆ ਹੈ, ਜਿਵੇਂ ਫ਼ਰੀਦਕੋਟ ਜ਼ਿਲੇ ਵਿੱਚ ਬਿੰਦਰ ਸਿੰਘ ਤੇ ਗੁਰਮੀਤ ਸਿੰਘ ਗੋਲੇਵਾਲਾ, ਸੁਖਜਿੰਦਰ ਸਿੰਘ ਤੂੰਬੜਭੰਨ ਆਦਿ ਕਿਸਾਨ ਆਗੂਆਂ ਦੇ ਨਾਲ-ਨਾਲ ਮੁਲਾਜ਼ਮ ਆਗੂ ਅਸ਼ੋਕ ਕੌਸ਼ਲ ਅਤੇ ਮਜਦੂਰ ਆਗੂ ਗੋਰਾ ਪਿਪਲੀ ਨੂੰ ਵੀ ਉਨ੍ਹਾਂ ਦੇ ਘਰਾਂ ਤੋਂ ਗ੍ਰਿਫ਼ਤਾਰ ਕਰਕੇ ਸਿਟੀ ਕੋਤਵਾਲੀ ਥਾਣੇ ਵਿੱਚ ਰੱਖਿਆ ਗਿਆ।ਹੁਣ ਮੁੱਖ ਮੰਤਰੀ ਵੱਲੋਂ ਇਹ ਕਹਿਣਾ ਕਿ ਕਿਸਾਨ ਸੂਬੇ ਵਿਚ ਬਰਾਬਰ ਦੀ ਸਰਕਾਰ ਚਲਾ ਰਹੇ ਹਨ ਜਾਂ ਕਿਸਾਨ ਧਿਰਾਂ ਹੁਣ ਨੂੰਹ-ਸੱਸ ਦੀ ਲੜਾਈ ਵਿਚ ਵੀ ਦਖਲ ਦੇਣ ਲੱਗ ਗਈਆਂ ਹਨ। ਇਹ ਗੱਲਾਂ ਕੁੜੱਤਣ ਵਧਾਉਣ ਅਤੇ ਬਲਦੀ 'ਤੇ ਤੇਲ ਪਾਉਣ ਵਾਲੀਆਂ ਹਨ।

ਨਸ਼ਾ, ਅਸਲਾ ਤੇ ਡਰੱਗ ਮਨੀ ਬਰਾਮਦ

ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)-ਐਸਐਸਪੀ ਦੇ ਦਿਸ਼ਾ ਨਿਰਦੇਸ਼ਾਂ ਹੇਠ ਕਾਰਵਾਈ ਕਰਦੇ ਹੋਏ ਇਸੇ ਲੜੀ ਤਹਿਤ ਡੀਐਸਪੀ ਧਰਮਕੋਟ ਰਮਨਦੀਪ ਸਿੰਘ ਅਤੇ ਥਾਣਾ ਕੋਟ ਈਸੇ ਖਾਂ ਦੇ ਐਸਐਚ ਓ ਵੱਲੋਂ 5 ਦੋਸ਼ੀਆਂ ਖਿਲਾਫ਼ ਮੁਕੱਦਮਾ, 21 (ਸੀ) 27 (ਬੀ) / 61/85 ਐਨ ਡੀ ਪੀ ਐਸ ਐਕਟ, 25 ਅਸਲਾ ਐਕਟ ਅਧੀਨ ਮੁਕੱਦਮਾ ਦਰਜ ਕੀਤਾ ਗਿਆ ਹੈ।ਐਸ ਐਸ ਪੀ ਅਜੇ ਗਾਂਧੀ ਨੇ ਦੱਸਿਆ ਕਿ ਦੋਸ਼ੀਆਂ ਦੇ ਘਰ ਦੀ ਤਲਾਸ਼ੀ ਕਰਕੇ ਦੋ ਕਿਲੋ ਪੰਜ ਸੌ ਗ੍ਰਾਮ ਹੈਰੋਇਨ, ਦੋ ਦੇਸੀ ਪਿਸਟਲਨ ਇੱਕ ਲੱਖ ਰੁਪਏ ਡਰੱਗ ਮਨੀ ਅਤੇ ਸੋਨਾ-ਚਾਂਦੀ ਬਰਾਮਦ ਕੀਤਾ ਗਿਆ ਹੈ। ਮੁਮਤਾਜ ਕੌਰ ਪਤਨੀ ਅੰਗਰੇਜ਼ ਸਿੰਘ ਅਤੇ ਕਿਰਨ ਕੌਰ ਪੁੱਤਰੀ ਅੰਗਰੇਜ਼ ਸਿੰਘ ਵਾਸੀ ਝਤਰਾ ਨੂੰ ਗ੍ਰਿਫ਼ਤਾਰ ਕਰਕੇ ਅਦਾਲਤ ਵਿੱਚ ਪੇਸ਼ ਕਰਕੇ ਅਤੇ ਪੁਲਸ ਰਿਮਾਂਡ ਹਾਸਲ ਕਰਕੇ ਅਗਲੀ ਕਾਰਵਾਈ ਕੀਤੀ ਜਾਵੇਗੀ। ਬਾਕੀ ਰਹਿੰਦੇ ਦੋਸ਼ੀਆਂ ਨੂੰ ਕਾਬੂ ਕਰਨ ਦੀ ਮੁਹਿੰਮ ਸ਼ੁਰੂ ਕਰ ਦਿੱਤੀ ਹੈ।

ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ

ਮਲੋਟ (ਗੁਰਮੀਤ ਸਿੰਘ ਮੱਕੜ)-ਟੈਕਨੀਕਲ ਐਂਡ ਮਕੈਨੀਕਲ ਇੰਪਲਾਈਜ਼ ਯੂਨੀਅਨ, ਜਲ ਸਪਲਾਈ ਤੇ ਸੈਨੀਟੇਸ਼ਨ ਅਤੇ ਪੰਜਾਬ ਵਾਟਰ ਸਪਲਾਈ ਸੀਵਰੇਜ਼ ਬੋਰਡ ਮਲੋਟ ਦੇ ਸਮੂਹ ਸਟਾਫ਼ ਵੱਲੋਂ ਇਲਾਕੇ ਦੀ ਸੁੱਖ ਸ਼ਾਂਤੀ ਲਈ ਸ਼੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਇਸ ਮੌਕੇ ਨਗਰ ਕੌਂਸਲ ਦੇ ਪ੍ਰਧਾਨ ਸ਼ੁਭਦੀਪ ਸਿੰਘ ਬਿੱਟੂ ਨੇ ਵੀ ਹਾਜ਼ਰੀ ਭਰੀ। ਭੋਗ ਉਪਰੰਤ ਰਾਗੀ ਜੱਥਿਆਂ ਵੱਲੋਂ ਰਸਭਿੰਨਾ ਕੀਰਤਨ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ ਅਤੇ ਗੁਰਬਾਣੀ ਦੇ ਲੜ ਲੱਗਣ ਲਈ ਪ੍ਰੇਰਤ ਕੀਤਾ। ਇਸ ਮੌਕੇ 'ਤੇ ਸੀਵਰੇਜ ਬੋਰਡ ਦੇ ਰਾਮ ਸਿੰਘ ਅਤੇ ਇੰਜੀਨੀਅਰ ਰਾਕੇਸ਼ ਮੋਹਨ ਮੱਕੜ ਨੇ ਆਈ ਹੋਈ ਸੰਗਤ ਨੂੰ ਜੀ ਆਇਆਂ ਕਿਹਾ ਅਤੇ ਧੰਨਵਾਦ ਕੀਤਾ। ਇਸ ਮੌਕੇ ਹਰਮੇਲ ਸਿੰਘ ਸੰਧੂ, ਜਗਨਨਾਥ ਸ਼ਰਮਾ, ਸਮੂਹ ਨਗਰ ਕੌਂਸਲ ਮੈਂਬਰ, ਭਾਰਤ ਵਿਕਾਸ ਪ੍ਰੀਸ਼ਦ ਦੀ ਟੀਮ ਆਦਿ ਵੱਡੀ ਗਿਣਤੀ ਵਿਚ ਸੰਗਤ ਹਾਜ਼ਰ ਸੀ। ਸਮਾਗਮ ਦੇ ਅੰਤ 'ਚ ਸੰਗਤਾਂ ਨੂੰ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

ਲੋੜਵੰਦ ਲੜਕੀਆਂ ਦੇ ਅਨੰਦ ਕਾਰਜ ਕਰਾਏ

ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)-ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਗੁਰਦੁਆਰਾ ਗੁਰੂ ਰਾਮਦਾਸਪੁਰੀ ਅਰਮਾਨਪੁਰਾ (ਆਸਲ) ਵਿਖੇ ਭਗਤ ਬਾਬਾ ਮਿਲਖਾ ਸਿੰਘ ਦੇ ਸਹਿਯੋਗ ਨਾਲ 5 ਮਾਰਚ ਨੂੰ ਲੋੜਵੰਦ 13 ਪਰਵਾਰਾਂ ਦੀਆਂ ਲੜਕੀਆਂ ਦੇ ਅਨੰਦ ਕਾਰਜ ਕਰਾਏ ਗਏ ਅਤੇ ਲ਼ੜਕੀਆਂ ਨੂੰ ਪੇਟੀ, ਟਰੰਕ, ਸਿਲਾਈ ਮਸ਼ੀਨ, ਪੱਖਾ, ਭਾਂਡੇ, ਬਿਸਤਰੇ ਆਦਿ ਘਰੇਲੂ ਵਰਤੋਂ ਦਾ ਸਾਰਾ ਸਮਾਨ ਦਿੱਤਾ ਗਿਆ।ਇਨ੍ਹਾਂ ਵਿਆਹ ਕਾਰਜਾਂ ਵਿੱਚ ਭੈਣ ਰਣਬੀਰ ਕੌਰ ਦਿੱਲੀ ਨਿਵਾਸੀ, ਗੁਰਨਾਮ ਸਿੰਘ, ਬੀਬੀ ਪੁੰਨਿਆ ਕੌਰ, ਗੁਰਸੇਵਕ ਸਿੰਘ ਵੜੈਚ, ਕੁਲਵਿੰਦਰ ਜਗਰੂਪ ਸਿੰਘ ਚੀਮਾ, ਗੁਰਪ੍ਰੀਤ ਸਿੰਘ ਫ਼ਿਰੋਜ਼ਪੁਰ ਸ਼ਹਿਰ, ਹਰਦੇਵ ਸਿੰਘ ਹਾਂਗਕਾਂਗ, ਮਨਜੀਤ ਸਿੰਘ ਹਾਂਗਕਾਂਗ, ਅਰਸ਼ਦੀਪ ਸਿੰਘ, ਹਰਪ੍ਰੀਤ ਸਿੰਘ ਆਦਿ ਨੇ ਵਿਸ਼ੇਸ਼ ਸਹਿਯੋਗ ਦਿੱਤਾ।ਇਸ ਮੌਕੇ ਗੁਰਦੁਆਰਾ ਗੁਰੂ ਰਾਮਦਾਸਪੁਰੀ ਦੇ ਮੁੱਖ ਸੇਵਾਦਾਰ ਭਗਤ ਬਾਬਾ ਮਿਲਖਾ ਸਿੰਘ ਨੇ ਲੜਕੇ ਤੇ ਲੜਕੀਆਂ ਨੂੰ ਅਸ਼ੀਰਵਾਦ ਦਿੱਤਾ।ਬਾਬਾ ਜੀ ਨੇ ਪਹੁੰਚੀ ਸਾਧ ਸੰਗਤ ਨੂੰ ਗੁਰੂ ਦੇ ਲ਼ੜ ਲੱਗਣ ਤੇ ਅੰਮ੍ਰਿਤ ਛਕਣ ਦਾ ਸੰਦੇਸ਼ ਦਿੱਤਾ।ਗੁਰਦੁਆਰਾ ਸਾਹਿਬ ਵਿਖੇ ਪਹੁੰਚੀ ਸੰਗਤ ਲਈ ਚਾਹ-ਪਕੌੜੇ, ਮਠਿਆਈਆਂ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

ਹੈਬਤਪੁਰ 'ਚ ਝਗੜੇ ਦੇ ਦੋਸ਼ੀਆਂ ਵਿਰੁੱਧ ਕਾਨੂੰਨ ਅਨੁਸਾਰ ਹੋਵੇਗੀ ਕਾਰਵਾਈ : ਇੰਸ. ਪਵਨ ਕੁਮਾਰ

ਅਮਲੋਹ (ਪ੍ਰਮੋਦ ਭਾਰਦਵਾਜ)-ਪਿੰਡ ਹੈਬਤਪੁਰ ਦੇ ਕੁਲਵਿੰਦਰ ਸਿੰਘ ਨਾਲ ਹੋਇਆ ਝਗੜਾ ਆਪਸੀ ਰੰਜਿਸ਼ ਕਾਰਨ ਹੋਇਆ ਹੈ ਤੇ ਇਸ ਵਿੱਚ ਕਿਸੇ ਕਿਸਮ ਦੀ ਕੋਈ ਲੁੱਟ ਖਸੁੱਟ ਨਹੀਂ ਹੋਈ। ਇਹ ਜਾਣਕਾਰੀ ਥਾਣਾ ਅਮਲੋਹ ਦੇ ਮੁੱਖ ਥਾਣਾ ਅਫਸਰ ਇੰਸਪੈਕਟਰ ਪਵਨ ਕੁਮਾਰ ਨੇ ਦਿੱਤੀ। ਉਨ੍ਹਾਂ ਦੱਸਿਆ ਕਿ ਹੈਬਤਪੁਰਾ ਦੇ ਕੁਲਵਿੰਦਰ ਸਿੰਘ ਦਾ ਕੁਝ ਦਿਨ ਪਹਿਲਾਂ ਕਿਸੇ ਨਾਲ ਝਗੜਾ ਹੋਇਆ ਸੀ ਤੇ ਉਸੇ ਰੰਜਿਸ਼ ਕਾਰਨ ਦੁਬਾਰਾ ਝਗੜਾ ਹੋਇਆ ਹੈ। ਇੰਸਪੈਕਟਰ ਪਵਨ ਕੁਮਾਰ ਨੇ ਦੱਸਿਆ ਕਿ ਜ਼ਿਲ੍ਹਾ ਪੁਲਸ ਮੁਖੀ ਸ਼੍ਰੀ ਸ਼ੁਭਮ ਅਗਰਵਾਲ ਦੇ ਦਿਸ਼ਾ-ਨਿਰਦੇਸ਼ਾਂ ਅਤੇ ਡੀ.ਐਸ.ਪੀ. ਸ਼੍ਰੀ ਗੁਰਦੀਪ ਸਿੰਘ ਦੀ ਅਗਵਾਈ ਹੇਠ ਸਬ ਡਵੀਜ਼ਨ ਅਮਲੋਹ ਵਿੱਚੋਂ ਜੁਰਮ ਦਾ ਖਾਤਮਾ ਕਰਨ ਲਈ ਵੱਡੀ ਪੱਧਰ 'ਤੇ ਮੁਹਿੰਮ ਚਲਾਈ ਜਾ ਰਹੀ ਹੈ ਤੇ ਅਮਨ-ਸ਼ਾਂਤੀ ਭੰਗ ਕਰਨ ਦੀ ਕੋਸ਼ਿਸ਼ ਕਰਨ ਵਾਲਿਆਂ ਵਿਰੁੱਧ ਸਖਤੀ ਨਾਲ ਨਜਿੱਠਿਆ ਜਾਵੇਗਾ। ਉਨ੍ਹਾਂ ਕਿਹਾ ਕਿ ਹੈਬਤਪੁਰ ਦੇ ਕੁਲਵਿੰਦਰ ਸਿੰਘ ਨਾਲ ਹੋਏ ਝਗੜੇ ਵਿੱਚ ਪੁਲਸ ਨੇ ਦੋਵੇਂ ਪਾਰਟੀਆਂ ਨੂੰ ਬੁਲਾਇਆ ਹੈ ਤੇ ਬਿਆਨ ਵੀ ਦਰਜ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਮਾਮਲੇ ਵਿੱਚ ਜਾਂਚ ਕੀਤੀ ਜਾ ਰਹੀ ਹੈ ਤੇ ਦੋਸ਼ੀਆਂ ਵਿਰੁੱਧ ਕਾਨੂੰਨ ਅਨੁਸਾਰ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਪੁਲਸ ਸਮਾਜ ਵਿੱਚੋਂ ਜੁਰਮ ਦਾ ਖਾਤਮਾ ਕਰਨ ਲਈ ਪੂਰੀ ਦ੍ਰਿੜਤਾ ਨਾਲ ਕੰਮ ਕਰ ਰਹੀ ਹੈ ਤੇ ਸਮਾਜ ਵਿਰੋਧੀ ਅਨਸਰਾਂ ਨੂੰ ਬਖਸ਼ਿਆ ਨਹੀਂ ਜਾਵੇਗਾ।

173 ਗ੍ਰਾਮ ਹੈਰੋਇਨ ਸਮੇਤ ਤਿੰਨ ਤਸਕਰ ਗ੍ਰਿਫ਼ਤਾਰ

ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)-ਜ਼ਿਲ੍ਹਾ ਫ਼ਿਰੋਜ਼ਪੁਰ ਪੁਲਸ ਨੇ ਵੱਖ-ਵੱਖ ਥਾਂਵਾਂ 'ਤੇ ਗਸ਼ਤ ਤੇ ਚੈਕਿੰਗ ਦੌਰਾਨ 173 ਗ੍ਰਾਮ ਹੈਰੋਇਨ ਤੇ 1 ਮੋਟਰਸਾਈਕਲ ਸਮੇਤ ਗ੍ਰਿਫ਼ਤਾਰ ਕਰਕੇ ਉਨ੍ਹਾਂ ਖਿਲਾਫ਼ ਵੱਖ-ਵੱਖ ਥਾਣਿਆਂ ਵਿੱਚ ਐੱਨਡੀਪੀਐੱਸ ਐਕਟ ਤਹਿਤ ਮਾਮਲੇ ਦਰਜ ਕੀਤੇ ਹਨ। ਸੀਆਈਏ ਸਟਾਫ਼ ਫ਼ਿਰੋਜ਼ਪੁਰ ਪੁਲਸ ਦੇ ਸਬ ਇੰਸਪੈਕਟਰ ਸੁਖਬੀਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਬੀਤੇ ਦਿਨ ਗਸ਼ਤ ਵਾ ਚੈਕਿੰਗ ਦੇ ਸਬੰਧ 'ਚ ਬਸਤੀ ਭੱਟੀਆਂ ਵਾਲਾ ਤੋਂ ਕਿਲੇ ਵਾਲਾ ਚੌਕ ਨੂੰ ਜਾ ਰਹੇ ਸੀ ਤਾਂ ਰਸਤੇ ਵਿੱਚ ਇਕ ਮੋਨਾ ਵਿਅਕਤੀ ਓਮ ਪ੍ਰਕਾਸ਼ ਉਰਫ ਦੀਪੂ ਪੁੱਤਰ ਜਨਨੈਲ ਸਿੰਘ ਪੁੱਤਰ ਸਰਦਾਰਾ ਸਿੰਘ ਵਾਸੀ ਪਿੰਡ ਪੁਰਾਣਾ ਬਾਰੇ ਕੇ ਮੋਟਰਸਾਈਕਲ ਦਾ ਸਟੈਂਡ ਲਾ ਕੇ ਉਸ ਉਪਰ ਬੈਠਾ ਹੋਇਆ ਸੀ, ਜੋ ਪੁਲਸ ਪਾਰਟੀ ਨੂੰ ਵੇਖ ਕੇ ਘਬਰਾ ਗਿਆ ਤੇ ਮੌਕੇ ਤੋਂ ਭੱਜਣ ਲੱਗਾ, ਜਿਸ ਨੂੰ ਪੁਲਸ ਪਾਰਟੀ ਵੱਲੋਂ ਸ਼ੱਕ ਦੀ ਬਿਨਾਹ 'ਤੇ ਕਾਬੂ ਕਰਕੇ ਤਲਾਸ਼ੀ ਲਈ ਤਾਂ ਇਸ ਕੋਲੋਂ 153 ਗ੍ਰਾਮ ਹੈਰੋਇਨ ਬਰਾਮਦ ਹੋਈ। ਥਾਣਾ ਸਦਰ ਫ਼ਿਰੋਜ਼ਪੁਰ ਪੁਲਸ ਦੇ ਇੰਸਪੈਕਟਰ ਮੁੱਖ ਅਫ਼ਸਰ ਜਸਵੰਤ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਬੀਤੇ ਦਿਨ ਇਲਾਕੇ ਵਿੱਚ ਗਸ਼ਤ ਕਰ ਰਹੀ ਸੀ ਤਾਂ ਇਸ ਦੌਰਾਨ ਦੋਸ਼ੀ ਸਾਗਰ ਉਰਫ਼ ਘੁੱਲਾ ਪੁੱਤਰ ਤਰਸੇਮ ਵਾਸੀ ਖਾਈ ਫੇਮੇ ਕੀ ਤਸਕਰੀ ਕਰਦਾ ਹੈ, ਜੋ ਅੱਜ ਵੀ ਹੈਰੋਇਨ ਦੀ ਤਸਕਰੀ ਕਰਨ ਲਈ ਪੈਦਲ ਹੀ ਖਾਈ ਨਹਿਰਾਂ ਪਾਸ ਆ ਰਿਹਾ ਸੀ, ਜਿਸ ਨੂੰ ਨਾਕਾਬੰਦੀ ਕਰਕੇ ਕਾਬੂ ਕੀਤਾ ਗਿਆ ਤੇ ਉਸ ਕੋਲੋਂ 10 ਗ੍ਰਾਮ ਹੈਰੋਇਨ ਬਰਾਮਦ ਹੋਈ, ਉਧਰ ਥਾਣਾ ਆਰਿਫ਼ ਕੇ ਪੁਲਸ ਦੇ ਇੰਸਪੈਕਟਰ ਮੁੱਖ ਅਫਸਰ ਰਵੀ ਕੁਮਾਰ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਿਸ ਪਾਰਟੀ ਬੀਤੇ ਦਿਨ ਪਿੰਡ ਚੁਰੱਤੇ ਵਾਲਾ ਪਾਸ ਮੌਜੂਦ ਸੀ ਤਾਂ ਇਸ ਦੌਰਾਨ ਇੱਕ ਨੌਜਵਾਨ ਗੁਰਮੁੱਖ ਸਿੰਘ ਪੁੱਤਰ ਕਾਬਲ ਸਿੰਘ ਵਾਸੀ ਅੱਲੀ ਗੁਲਾਮ ਪੈਦਲ ਆਉਂਦਾ ਵਿਖਾਈ ਦਿੱਤਾ, ਜੋ ਪੁਲਸ ਪਾਰਟੀ ਨੂੰ ਵੇਖ ਕੇ ਘਬਰਾ ਗਿਆ ਤੇ ਮੌਕੇ ਤੋਂ ਭੱਜਣ ਲੱਗਾ, ਜਿਸ ਨੂੰ ਕਾਬੂ ਕਰਕੇ ਉਸ ਦੀ ਤਲਾਸ਼ੀ ਲਈ ਤਾਂ ਇਸ ਕੋਲੋਂ 10 ਗ੍ਰਾਮ ਹੈਰੋਇਨ ਬਰਾਮਦ ਹੋਈ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀਅਨ ਖਿਲਾਫ ਥਾਣਾ ਸਿਟੀ ਫ਼ਿਰੋਜ਼ਪੁਰ, ਥਾਣਾ ਸਦਰ ਫ਼ਿਰੋਜ਼ਪੁਰ ਤੇ ਥਾਣਾ ਆਰਿਫ਼ ਕੇ ਵਿਖੇ ਮਾਮਲਾ ਦਰਜ ਕਰ ਲਿਆ ਗਿਆ ਹੈ।

ਚੌੜਾ ਬਜ਼ਾਰ ਤੋਂ ਸਿੱਧਾ ਰਾਹ ਕੱਢਣ ਦਾ ਉਦਘਾਟਨ ਭਗਵੰਤ ਮਾਨ ਖੁਦ ਕਰਨ : ਨਰੋਤਮ ਪੁਰੀ, ਡਾ. ਜੈਦਕਾ

ਮੋਗਾ (ਇਕਬਾਲ ਸਿੰਘ ਖਹਿਰਾ)

ਸ਼ਹੀਦ ਭਗਤ ਸਿੰਘ, ਰਾਜਗੁਰੂ ਦੇ ਤੀਜੇ ਸਾਥੀ ਅਮਰ ਸ਼ਹੀਦ ਸੁਖਦੇਵ ਥਾਪਰ ਦੇ ਲੁਧਿਆਣਾ ਦੇ ਨੌਘਰਾ ਮੁਹੱਲਾ ਸਥਿਤ ਜਨਮ ਸਥਾਨ ਨੂੰ ਲੁਧਿਆਣਾ ਦੇ ਚੌੜਾ ਬਾਜ਼ਾਰ ਤੋਂ ਸਿੱਧਾ ਰਸਤਾ ਕੱਢਣ ਦੀ ਉਸਾਰੀ ਦਾ ਕੰਮ 23 ਮਾਰਚ ਨੂੰ ਸ਼ਹੀਦੀ ਦਿਵਸ ਵਾਲੇ ਦਿਨ ਸ਼ੁਰੂ ਕਰਨ ਦੀ ਮੰਗ ਨੂੰ ਲੈ ਕੇ ਖੱਤਰੀ ਮਹਾਂ ਸਭਾ ਪੰਜਾਬ ਪ੍ਰਦੇਸ਼ ਹਾਈ ਕਮਾਂਡ ਅਸ਼ੋਕ ਥਾਪਰ ਰਾਸ਼ਟਰੀ ਪ੍ਰਧਾਨ ਸ਼ਹੀਦ ਸੁਖਦੇਵ ਥਾਪਰ ਮੈਮੋਰੀਅਲ ਟਰੱਸਟ ਲੁਧਿਆਣਾ ਤੇ ਪ੍ਰਦੇਸ਼ ਪ੍ਰਧਾਨ ਵਿਜੇ ਧੀਰ ਐਡਵੋਕੇਟ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਪੰਜਾਬ ਭਰ ਵਿੱਚ ਖੱਤਰੀ ਮਹਾਂ ਸਭਾ ਨਾਲ ਸੰਬੰਧਿਤ ਸਥਾਨਕ ਇਕਾਈਆਂ ਵੱਲੋਂ ਆਪਣੇ ਆਪਣੇ ਸਥਾਨਾਂ 'ਤੇ ਮੰਗ ਪੱਤਰ ਡਿਪਟੀ ਕਮਿਸ਼ਨਰਾਂ ਤੇ ਉਪ ਮੰਡਲ ਅਫਸਰਾਂ ਨੂੰ ਸੌਂਪੇ ਜਾ ਰਹੇ ਹਨ।ਇਸ ਕੜੀ ਵਿੱਚ ਖੱਤਰੀ ਸਭਾ, ਮਹਿਲਾ ਖੱਤਰੀ ਸਭਾ ਅਤੇ ਯੁਵਾ ਖੱਤਰੀ ਸਭਾ ਵੱਲੋਂ ਇੱਕ ਮੰਗ ਪੱਤਰ ਮਹਾਂ ਸਭਾ ਦੇ ਜ਼ਿਲ੍ਹਾ ਪ੍ਰਧਾਨ ਨਰੋਤਮ ਪੁਰੀ ਅਤੇ ਖੱਤਰੀ ਸਭਾ ਮੋਗਾ ਪ੍ਰਧਾਨ ਡਾਕਟਰ ਐਮ ਐਲ ਜੈਦਕਾ, ਮਹਿਲਾ ਖੱਤਰੀ ਦੀ ਕਾਰਜਕਾਰੀ ਪ੍ਰਧਾਨ ਸਾਬਕਾ ਪ੍ਰਿੰਸੀਪਲ ਸੁਮਨ ਮਲਹੋਤਰਾ, ਜਨਰਲ ਸਕੱਤਰ ਸੋਨੀਆ ਢੰਡ ਅਤੇ ਯੁਵਾ ਖੱਤਰੀ ਦੇ ਚੇਅਰਮੈਨ ਜਗਜੀਵ ਧੀਰ ਪ੍ਰਧਾਨ ਹਰਪ੍ਰੀਤ ਸਿੰਘ ਸਹਿਗਲ ਅਤੇ ਹਰਪ੍ਰੀਤ ਸਿੰਘ ਸਹਿਗਲ ਦੀ ਅਗਵਾਈ ਵਿੱਚ ਡਿਪਟੀ ਕਮਿਸ਼ਨਰ ਸਾਗਰ ਸੇਤੀਆ ਨੂੰ ਤਹਿਸੀਲਦਾਰ ਲਖਵਿੰਦਰ ਸਿੰਘ ਰਾਹੀਂ ਸੌਂਪਿਆ।ਖੱਤਰੀ ਮਹਾਂ ਸਭਾ ਪੰਜਾਬ ਪ੍ਰਦੇਸ਼ ਪ੍ਰਧਾਨ ਵਿਜੇ ਧੀਰ ਐਡਵੋਕੇਟ, ਪ੍ਰਦੇਸ਼ ਚੀਫ ਪੈਟਰਨ ਬੋਧਰਾਜ ਮਜੀਠੀਆ ਐਡਵੋਕੇਟ, ਸਾਬਕਾ ਮੰਤਰੀ ਡਾਕਟਰ ਮਾਲਤੀ ਥਾਪਰ, ਪ੍ਰਦੇਸ਼ ਸੀਨੀਅਰ ਮੀਤ ਪ੍ਰਧਾਨ ਦੀਪਕ ਬੇਦੀ, ਪ੍ਰਦੇਸ਼ ਮੀਤ ਪ੍ਰਧਾਨ ਸਾਬਕਾ ਤਹਿਸੀਲਦਾਰ ਜਸਵੰਤ ਦਾਨੀ ਅਤੇ ਪ੍ਰਦੇਸ਼ ਆਫਿਸ ਸਕੱਤਰ ਬਲਜਿੰਦਰ ਸਿੰਘ ਸਹਿਗਲ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਨਰੋਤਮ ਪੁਰੀ ਅਤੇ ਖੱਤਰੀ ਸਭਾ ਮੋਗਾ ਪ੍ਰਧਾਨ ਡਾਕਟਰ ਐਮ ਐਲ ਜੈਦਕਾ ਨੇ ਦੱਸਿਆ ਕਿ ਅਮਰ ਸ਼ਹੀਦ ਸੁਖਦੇਵ ਥਾਪਰ ਦੇ ਜਨਮ ਸਥਾਨ ਨੂੰ ਚੌ

7 Mar Page-3.qxd 3/6/2025 11:28 PM Page 1

ਤਿੰਨ ਮੋਟਰਸਾਈਕਲ ਸਵਾਰ ਲੁਟੇਰਿਆਂ ਨੇ ਦੋ ਨੌਜਵਾਨਾਂ 'ਤੇ ਚਲਾਈਆਂ ਗੋਲੀਆਂ, ਇੱਕ ਦੀ ਮੌਤ

ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)- ਦੇਰ ਸ਼ਾਮ ਤਿੰਨ ਮੋਟਰਸਾਈਕਲ ਸਵਾਰ ਲੁਟੇਰਿਆਂ ਵਲੋਂ ਦੋ ਨੌਜਵਾਨਾਂ 'ਤੇ ਗੋਲੀਆਂ ਚਲਾਉਣ ਨਾਲ ਇਕ ਦੀ ਮੌਤ ਹੋ ਗਈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਥਾਣਾ ਘੁਮਾਣ ਦੇ ਐੱਸ.ਆਈ ਹਰਜੀਤ ਸਿੰਘ ਨੇ ਦੱਸਿਆ ਕਿ ਦਿਨੇਸ਼ ਕੁਮਾਰ ਪੁੱਤਰ ਓਮ ਪ੍ਰਕਾਸ਼ ਵਾਸੀ ਪਿੰਡ ਡਮਾਲ, ਜ਼ਿਲ੍ਹਾ ਕਾਂਗੜਾ, ਹਿਮਾਚਲ ਪ੍ਰਦੇਸ਼ ਨੇ ਪੁਲਸ ਨੂੰ ਦਰਜ ਕਰਵਾਏ ਬਿਆਨਾਂ ਵਿਚ ਲਿਖਵਾਇਆ ਕਿ ਉਹ ਸ਼ੂਗਰ ਮਿੱਲ ਬੁੱਟਰ ਸਿਵੀਆਂ ਵਿਖੇ ਨੌਕਰੀ ਕਰਦਾ ਹੈ ਅਤੇ ਉਸ ਦੇ ਨਾਲ ਰਾਮਜੀਵਨ ਸ਼ੁਕਲਾ ਪੁੱਤਰ ਮੂਲ ਚੰਦਰ ਵਾਸੀ ਪਿੰਡ ਪਾਦਰੀ, ਡਾਕਖਾਨਾ ਅੱਤੀਪੁਰ, ਜ਼ਿਲ੍ਹਾ ਲਖੀਮਪੁਰ ਖੀਰੀ ਉੱਤਰ ਪ੍ਰਦੇਸ਼ ਵੀ ਸ਼ੂਗਰ ਮਿੱਲ ਵਿਚ ਡਿਊਟੀ ਕਰਦਾ ਸੀ। ਉਹ ਦੋਵੇਂ ਡੀਲਕਸ ਮੋਟਰਸਾਈਕਲ 'ਤੇ ਸਵਾਰ ਹੋ ਕੇ ਬੁੱਟਰ ਮਿੱਲ ਤੋਂ ਵਾਇਆ ਪਿੰਡ ਦਿਆਲਗੜ੍ਹ ਤੋਂ ਨਹਿਰੀ ਪਟੜੀ ਪਿੰਡ ਬੋਲੇਵਾਲ ਨਹਿਰ ਪੁਲ ਰਾਹੀਂ ਪਿੰਡ ਮਹਿਮਦਪੁਰ ਨੂੰ ਲਿੰਕ ਸੜਕ ਸੂਏ ਦੇ ਨਾਲ-ਨਾਲ ਜਾ ਰਹੇ ਸੀ ਕਿ ਸ਼ਾਮ 6 ਵਜੇ ਕਰੀਬ ਇਕ ਮੋਟਰਸਾਈਕਲ 'ਤੇ ਸਵਾਰ ਹੋ ਕੇ ਆਏ ਤਿੰਨ ਅਣਪਛਾਤਿਆਂ ਜਿਨ੍ਹਾਂ ਨੇ ਮੂੰਹ ਢਕੇ ਹੋਏ ਸਨ, ਨੇ ਉਨ੍ਹਾਂ ਨੂੰ ਰੋਕ ਲਿਆ ਅਤੇ ਇਕ ਨੌਜਵਾਨ ਨੇ ਡੱਬ ਵਿਚੋਂ ਪਿਸਤੌਲ ਕੱਢ

ਕੇ ਉਸ 'ਤੇ ਤਾਣ ਦਿੱਤਾ ਤੇ ਜੇਬ ਵਿਚੋਂ ਰੌਂਡ ਮੀ ਕੰਪਨੀ ਦਾ ਮੋਬਾਈਲ ਅਤੇ ਪਰਸ ਕੱਢ ਲਿਆ, ਜਿਸ ਵਿਚ 10 ਰੁਪਏ, ਆਧਾਰ ਕਾਰਡ ਅਤੇ ਪੈਨਕਾਰਡ ਸੀ। ਫਿਰ ਉਸ ਦੇ ਸਾਥੀ ਰਾਮਜੀਵਨ ਸ਼ੁਕਲਾ ਕੋਲੋਂ ਜੋ ਕੁਝ ਹੈ, ਕੱਢ ਕੇ ਦੇਣ ਲਈ ਆਖਿਆ ਤਾਂ ਇਸ ਨੇ ਕਿਹਾ ਕਿਉਂ? ਇੰਨੇ ਨੂੰ ਪਿਸਤੌਲ ਵਾਲੇ ਨੌਜਵਾਨ ਨੇ ਰਾਮਜੀਵਨ 'ਤੇ ਗੋਲੀ ਚਲਾ ਦਿੱਤੀ, ਜੋ ਉਸ ਦੇ ਨਹੀਂ ਲੱਗੀ। ਫਿਰ ਰਾਮਜੀਵਨ ਤੋਂ ਉਸ ਦਾ ਪਰਸ ਅਤੇ ਮੋਬਾਈਲ ਫੋਨ ਖੋਹ ਲਿਆ, ਜਿਸ 'ਤੇ ਇਸ ਵਲੋਂ ਵਿਰੋਧ ਕਰਨ 'ਤੇ ਅਣਪਛਾਤੇ ਨੌਜਵਾਨ ਨੇ ਇਸ (ਰਾਮਜੀਵਨ ਸ਼ੁਕਲਾ) ਦੇ ਸਿੱਧੀ ਗੋਲੀ ਮਾਰ ਦਿੱਤੀ, ਜਿਸ ਨਾਲ ਇਹ ਹੇਠਾਂ ਡਿਗ ਪਿਆ। ਉਪਰੰਤ ਇਸ ਨੂੰ ਮਹਿਤਾ ਦੇ ਇਕ ਪ੍ਰਾਈਵੇਟ ਹਸਪਤਾਲ ਵਿਖੇ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਇਸ ਨੂੰ ਮ੍ਰਿਤਕ ਕਰਾਰ ਦੇ ਦਿੱਤਾ। ਐੱਸ. ਆਈ. ਹਰਜੀਤ ਸਿੰਘ ਨੇ ਦੱਸਿਆ ਕਿ ਉਕਤ ਮਾਮਲੇ ਸਬੰਧੀ ਕਾਰਵਾਈ ਕਰਦਿਆਂ ਤਿੰਨ ਅਣਪਛਾਤਿਆਂ ਖ਼ਿਲਾਫ ਬਣਦੀਆਂ ਧਾਰਾਵਾਂ ਹੇਠ ਥਾਣਾ ਘੁਮਾਣ ਵਿਖੇ ਕੇਸ ਦਰਜ ਕਰਕੇ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ। ਉਧਰ ਦੂਜੇ ਪਾਸੇ ਇਸ ਵਾਰਦਾਤ ਤੋਂ ਬਾਅਦ ਇਲਾਕੇ ਦੇ ਲੋਕਾਂ ਵਿੱਚ ਦਹਿਸ਼ਤ ਵਰਗਾ ਮਾਹੌਲ ਦੇਖਣ ਨੂੰ ਮਿਲ ਰਿਹਾ ਸੀ। ਉਹਨਾਂ ਪੁਲਸ ਦੇ ਉੱਚ ਅਧਿਕਾਰੀਆਂ ਦੇ ਕੋਲੋਂ ਮੰਗ ਕੀਤੀ ਹੈ ਕਿ ਇਹਨਾਂ ਲੁਟੇਰਿਆਂ ਨੂੰ ਜਲਦੀ ਤੋਂ ਜਲਦੀ ਗ੍ਰਿਫਤਾਰ ਕਰਕੇ ਇਹਨਾਂ ਖਿਲਾਫ ਸਖਤ ਕਾਰਵਾਈ ਕੀਤੀ ਜਾਵੇ ਤਾਂ ਜੋ ਭਵਿੱਖ ਦੇ ਵਿੱਚ ਕਿਸੇ ਹੋਰ ਵਿਅਕਤੀ ਦੀ ਜਾਨ ਨਾ ਜਾ ਸਕੇ।

ਚੇਅਰਮੈਨ ਰਾਜੀਵ ਸ਼ਰਮਾ ਨੇ ਸੜਕ ਦਾ ਨਿਰਮਾਣ ਕਾਰਜ ਕਰਵਾਇਆ ਸ਼ੁਰੂ

ਗੁਰਦਾਸਪੁਰ, (ਜਨਕ ਮਹਾਜਨ)- ਆਮ ਆਦਮੀ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਰਹਿਨੁਮਾਈ ਹੇਠ ਵਿਕਾਸ ਦੇ ਕੰਮਾਂ ਨੂੰ ਮੁੱਖ ਰੱਖਦੇ ਹੋਏ ਨਗਰ ਸੁਧਾਰ ਟਰੱਸਟ ਗੁਰਦਾਸਪੁਰ ਦੀ ਸਕੀਮ ਨੰਬਰ 7 ਵਿਖੇ ਨਵੇਂ ਬੱਸ ਅੱਡੇ ਨਜ਼ਦੀਕ ਸ਼ਾਪਸਕਮ ਫਲੈਟਾਂ ਦੇ ਸਾਹਮਣੇ 1 ਕਿੱਲੋਮੀਟਰ ਲੰਬੀ ਸੜਕ ਦਾ ਨਿਰਮਾਣ ਕਾਰਜ ਚੇਅਰਮੈਨ ਰਾਜੀਵ ਸ਼ਰਮਾ ਵਲੋਂ ਅਰੰਭ ਕਰਵਾਇਆ ਗਿਆ। ਇਸ ਸਬੰਧੀ ਚੇਅਰਮੈਨ ਰਾਜੀਵ ਸ਼ਰਮਾ ਨੇ ਦੱਸਿਆ ਕਿ ਇਸ ਸੜਕ ਦੇ ਨਿਰਮਾਣ ਕਾਰਜ ਵਿਚ ਲਗਭਗ 1.81 ਕਰੋੜ ਰੁਪਏ ਦਾ ਖ਼ਰਚ ਆਵੇਗਾ ਅਤੇ ਸੜਕ ਦੀ ਚੌੜਾਈ 50 ਫੁੱਟ ਦੇ ਕਰੀਬ ਹੋਵੇਗੀ। ਉਨ੍ਹਾਂ ਕਿਹਾ ਕਿ ਇਸ ਸੜਕ ਦੇ ਬਣਨ ਨਾਲ ਕਮਰਸ਼ੀਅਲ ਕਾਰੋਬਾਰੀਆਂ ਤੋਂ ਇਲਾਵਾ ਕਾਲੋਨੀ ਵਾਸੀਆਂ ਨੂੰ ਕਾਫ਼ੀ ਲਾਭ ਮਿਲੇਗਾ। ਚੇਅਰਮੈਨ ਰਾਜੀਵ ਸ਼ਰਮਾ ਨੇ ਦੱਸਿਆ ਕਿ ਟਰੱਸਟ ਵਲੋਂ ਪਾਰਕ ਵਿਚ 150 ਫੁੱਟ ਉਚਾ ਤਿਰੰਗਾ ਝੰਡਾ ਲਗਾਇਆ ਜਾ ਰਿਹਾ ਹੈ ਜਿਸ ਦਾ ਉਦਘਾਟਨ ਜਲਦ ਕਰ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਟਰੱਸਟ ਵਲੋਂ ਆਧੁਨਿਕ ਸਹੂਲਤਾਵਾਂ ਨਾਲ ਲੈਸ ਨਵਾਂ ਬੱਸ ਅੱਡਾ ਬਣਾਇਆ ਗਿਆ ਹੈ। ਉਨ੍ਹਾਂ ਕਿਹਾ ਬੱਸ ਅੱਡਾ ਕਾਫ਼ੀ ਵੱਡਾ ਹੈ ਜਿਥੇ ਰੋਜ਼ਾਨਾ ਆਉਣ-ਜਾਣ ਵਾਲੇ ਬੱਸ ਅਪ੍ਰੇਟਰਾਂ ਅਤੇ ਸਵਾਰੀਆਂ ਨੂੰ ਕਾਫ਼ੀ ਰਾਹਤ ਮਿਲੀ ਹੈ। ਉਨ੍ਹਾਂ ਕਿਹਾ ਬੱਸ ਅੱਡੇ ਅੰਦਰ ਬਣੀਆਂ ਦੁਕਾਨਾਂ ਦੀਆਂ ਬੋਲੀ ਵੀ ਜਲਦੀ ਹੀ ਕਰਵਾ ਦਿੱਤੀ ਜਾਵੇਗੀ ਜਿਸ ਨਾਲ ਸਵਾਰੀਆਂ ਨੂੰ ਖ਼ਾਣ ਪੀਣ ਦੇ ਸਾਮਾਨ ਤੋਂ ਇਲਾਵਾ ਹੋਰ ਸਹੂਲਤਾਂ ਵੀ ਮਿਲਣੀਆਂ ਸ਼ੁਰੂ ਹੋ ਜਾਣਗੀਆਂ। ਇਸ ਮੌਕੇ ਉਨ੍ਹਾਂ ਨਾਲ ਐਕਸੀਅਨ ਰਮਿੰਦਰ ਕਾਹਲੋਂ, ਐਸ.ਡੀ.ਓ. ਹਰਮੀਤ ਸਿੰਘ, ਈ.ਓ. ਮਨੋਜ ਸ਼ਰਮਾ ਅਤੇ ਜੇ.ਈ. ਅਨੁਰਾਗ ਸ਼ਰਮਾ ਆਦਿ ਹਾਜ਼ਰ ਸਨ।

ਰਜਿਸਟਰਡ ਉਸਾਰੀ ਕਿਰਤੀ ਪਰਿਵਾਰਕ ਮੈਂਬਰਾਂ ਸਮੇਤ 5 ਲੱਖ ਰੁਪਏ ਤੱਕ ਦੀ ਮੁਫਤ ਮੈਡੀਕਲ ਸਹਾਇਤਾ ਲੈਣ ਦੇ ਯੋਗ : ਸੇਖਵਾਂ

ਧਾਰੀਵਾਲ, (ਮਨਦੀਪ ਸਿੰਘ ਵਿੱਕੀ) - ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਰਜਿਸਟਰਡ ਉਸਾਰੀ ਕਿਰਤੀ ਅਤੇ ਉਨ੍ਹਾਂ ਦੇ ਪਰਵਾਰਕ ਮੈਂਬਰਾਂ ਨੂੰ ਆਯੂਸ਼ਮਾਨ ਭਾਰਤ ਮੁੱਖ ਮੰਤਰੀ ਬੀਮਾ ਯੋਜਨਾ ਸਕੀਮ ਅਧੀਨ 5 ਲੱਖ ਤੱਕ ਦੀ ਮੁਫਤ ਮੈਡੀਕਲ ਸਹਾਇਤਾ ਪ੍ਰਦਾਨ ਕੀਤੀ ਜਾ ਰਹੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਯੋਜਨਾ ਕਮੇਟੀ ਗੁਰਦਾਸਪੁਰ ਦੇ ਚੇਅਰਮੈਨ ਅਤੇ ਆਮ ਆਦਮੀ ਪਾਰਟੀ ਦੇ ਸੂਬਾ ਜਨਰਲ ਸਕੱਤਰ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਦੱਸਿਆ ਕਿ ਇਹ ਮੈਡੀਕਲ

ਸਹਾਇਤਾ ਕਿਸੇ ਵੀ ਐਮਪੈਨਲਡ ਹਸਪਤਾਲ ਵਿੱਚ ਜਾ ਕੇ ਪ੍ਰਾਪਤ ਕੀਤੀ ਜਾ ਸਕਦੀ ਹੈ। ਇਸ ਸਕੀਮ ਦਾ ਲਾਭ ਲੈਣ ਲਈ ਰਜਿਸਟਰਡ ਉਸਾਰੀ ਕਿਰਤੀਆਂ ਨੂੰ ਆਯੂਸ਼ਮਾਨ ਕਾਰਡ ਬਣਾਉਣਾ ਪੈਂਦਾ ਹੈ। ਇਹ ਕਾਰਡ ਹਰੇਕ ਸਰਕਾਰੀ ਹਸਪਤਾਲ ਵਿੱਚ ਬਣਦਾ ਹੈ। ਉਨ੍ਹਾਂ ਕਿਹਾ ਕਿ ਰਜਿਸਟਰਡ ਉਸਾਰੀ ਕਿਰਤੀ ਕਿਸੇ ਵੀ ਸਰਕਾਰੀ ਹਸਪਤਾਲ ਵਿੱਚ ਜਾ ਕੇ ਆਪਣਾ ਆਯੂਸ਼ਮਾਨ ਕਾਰਡ ਬਣਾ ਸਕਦਾ ਹੈ ਅਤੇ ਆਯੂਸ਼ਮਾਨ ਮੁੱਖ ਮੰਤਰੀ ਬੀਮਾ ਯੋਜਨਾ ਸਕੀਮ ਅਧੀਨ ਮਿਲਣ ਵਾਲੇ ਵਿੱਤੀ ਲਾਭ ਦਾ ਫਾਇਦਾ ਉਠਾ ਸਕਦਾ ਹੈ। ਚੇਅਰਮੈਨ ਸੇਖਵਾਂ ਨੇ ਅੱਗੇ ਦੱਸਿਆ ਕਿ ਪੰਜਾਬ ਉਸਾਰੀ ਕਿਰਤੀਆਂ ਦੀ ਭਲਾਈ ਲਈ ਸਰਕਾਰ ਵੱਲੋਂ ਪੰਜਾਬ ਬਿਲਡਿੰਗ ਐਂਡ ਅਦਰ ਕੰਸਟਰੱਕਸਨ ਵਰਕਰ ਵੈੱਲਫੇਅਰ ਬੋਰਡ ਦਾ ਗਠਨ ਕੀਤਾ ਹੋਇਆ ਹੈ। ਕੋਈ ਵੀ ਉਸਾਰੀ ਕਿਰਤੀ ਜਿਸ ਦੀ ਉਮਰ 18-60 ਸਾਲ ਦੇ ਵਿਚਕਾਰ ਹੋਵੇ ਤੇ ਉਸ ਵੱਲੋਂ ਪੰਜਾਬ ਵਿੱਚ ਪਿਛਲੇ ਇੱਕ ਸਾਲ ਵਿੱਚ ਘੱਟੋ-ਘੱਟ 90 ਦਿਨ ਬਤੌਰ ਉਸਾਰੀ ਮਜ਼ਦੂਰ ਵਜੋਂ ਕੰਮ ਕੀਤਾ ਹੋਵੇ, ਉਹ ਬਤੌਰ ਲਾਭਪਾਤਰੀ ਰਜਿਸਟਰਡ ਹੋ ਸਕਦਾ ਹੈ। ਚੇਅਰਮੈਨ ਸੇਖਵਾਂ ਨੇ ਦੱਸਿਆ ਕਿ ਇਹ ਰਜਿਸਟਰੇਸਨ ਕਿਸੇ ਵੀ ਸੇਵਾ ਕੇਂਦਰ ਵਿੱਚ ਜਾ ਕੇ ਜਾਂ ਕਿਰਤੀ ਸਹਾਇਕ ਐਪ ਰਾਹੀਂ ਲੋੜੀਂਦੇ ਦਸਤਾਵੇਜ਼ਾਂ ਸਮੇਤ 145 ਰੁਪਏ ਸਾਲਾਨਾ ਫੀਸ ਜਮ੍ਹਾਂ ਕਰਵਾ ਕੇ ਅਪਲਾਈ ਕੀਤੀ ਜਾ ਸਕਦੀ ਹੈ। ਰਜਿਸਟਰਡ ਉਸਾਰੀ ਕਿਰਤੀਆਂ ਤੇ ਉਨ੍ਹਾਂ ਦੇ ਪਰਵਾਰਕ ਮੈਂਬਰਾਂ ਨੂੰ ਉਪਰੋਕਤ ਸਿਹਤ ਬੀਮਾ ਯੋਜਨਾ ਸਕੀਮ ਅਧੀਨ 5 ਲੱਖ ਤੱਕ ਦੀ ਮੁਫਤ ਮੈਡੀਕਲ ਸਹਾਇਤਾ ਪ੍ਰਦਾਨ ਕੀਤੀ ਜਾ ਰਹੀ ਹੈ।

ਦਰਵੇਸ਼ ਪਿੰਡ ਵਿਖੇ 9 ਨੂੰ ਕਰਵਾਇਆ ਜਾਵੇਗਾ ਚੌਥਾ ਕਬੱਡੀ ਕੱਪ : ਰਾਜੂ

ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ) ਸ਼ਹੀਦ ਭਗਤ ਸਿੰਘ ਸਪੋਰਟਸ ਕਲੱਬ ਦਰਵੇਸ਼ ਪਿੰਡ ਤਹਿਸੀਲ ਫਗਵਾੜਾ ਵਲੋਂ ਚੌਥਾ ਕਬੱਡੀ ਕੱਪ 9 ਮਾਰਚ ਨੂੰ ਐਨ.ਆਰ.ਆਈ. ਵੀਰਾਂ, ਸਮੂਹ ਗ੍ਰਾਮ ਪੰਚਾਇਤ ਅਤੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਹੈ। ਦਲਜੀਤ ਸਿੰਘ ਰਾਜੂ ਦਰਵੇਸ਼ ਪਿੰਡ ਨੇ ਦੱਸਿਆ ਕਿ ਕਬੱਡੀ ਕੱਪ ਵਿਚ ਓਪਨ 75 ਕਿੱਲੋ ਭਾਰ ਵਰਗ ਪਿੰਡ ਪੱਧਰ ਦੀਆਂ ਅੱਠ ਟੀਮਾਂ ਜਦਕਿ 62 ਕਿਲੋ ਅਤੇ 42 ਕਿਲੋ ਭਾਰ ਵਰਗ ਦੀਆਂ ਚਾਰ-ਚਾਰ ਟੀਮਾਂ ਹਿੱਸਾ ਲੈਣਗੀਆਂ। ਜੇਤੂ ਟੀਮਾਂ ਨੂੰ ਨਗਦ ਇਨਾਮ ਨਾਲ ਨਵਾਜਿਆ ਜਾਵੇਗਾ। ਉਹਨਾਂ ਦੱਸਿਆ ਕਿ ਸਮਾਗਮ ਦੌਰਾਨ ਬਤੌਰ ਮੁੱਖ ਮਹਿਮਾਨ ਹਲਕਾ ਮੈਂਬਰ ਪਾਰਲੀਮੈਂਟ ਡਾ. ਰਾਜਕੁਮਾਰ ਚੱਬੇਵਾਲ ਸ਼ਾਮਲ ਹੋਣਗੇ ਜਦਕਿ ਵਿਸ਼ੇਸ਼ ਮਹਿਮਾਨਾਂ ਵਜੋਂ ਆਮ ਆਦਮੀ ਪਾਰਟੀ ਵਿਧਾਨ ਸਭਾ ਹਲਕਾ ਫਗਵਾੜਾ ਦੇ ਇੰਚਾਰਜ ਜੋਗਿੰਦਰ ਸਿੰਘ ਮਾਨ, ਸਪੋਕਸਪਰਸਨ ਪੰਜਾਬ ਹਰਨੂਰ ਸਿੰਘ ਹਰਜੀ ਮਾਨ, ਐਸ.ਐਸ.ਪੀ. ਕਪੂਰਥਲਾ ਗੌਰਵ ਤੂਰਾ ਅਤੇ ਐਸ.ਪੀ. ਫਗਵਾੜਾ ਰੁਪਿੰਦਰ ਕੌਰ ਭੱਟੀ ਹਾਜਰੀ ਲਗਵਾਉਣਗੇ। ਕੁੜੀਆਂ ਦੀ ਕਬੱਡੀ ਦਾ ਸ਼ੋਅ ਮੈਚ ਵਿਸ਼ੇਸ਼ ਖਿੱਚ ਦਾ ਕੇਂਦਰ ਬਣੇਗਾ।

ਕੇਂਦਰੀ ਪੰਜਾਬੀ ਲੇਖਕ ਸਭਾ ਵੱਲੋਂ ਆਲਮੀ ਪੰਜਾਬੀ ਕਾਨਫਰੰਸ 7 ਤੋਂ 9 ਤੱਕ

ਬਾਬਾ ਬਕਾਲਾ ਸਾਹਿਬ (ਜਸਪਾਲ ਸਿੰਘ)- ਕੇਂਦਰੀ ਪੰਜਾਬੀ ਲੇਖਕ ਸਭਾ ਵੱਲੋਂ 7-8-9 ਮਾਰਚ ਨੂੰ ਪੰਜਾਬ ਸਕੂਲ ਸਿੱਖਿਆ ਬੋਰਡ ਮੋਹਾਲੀ ਵਿਖੇ ਵਸਾਏ ਹਰਭਜਨ ਸਿੰਘ ਹੁੰਦਲ ਨਗਰ ਵਿਖੇ ਕਰਵਾਈ ਜਾਣ ਵਾਲੇ ਆਲਮੀ ਪੰਜਾਬੀ ਕਾਨਫਰੰਸ ਦੀਆਂ ਤਿਆਰੀਆਂ ਜ਼ੋਰਾਂ 'ਤੇ ਹਨ। ਇਸ ਸਬੰਧੀਕੇਂਦਰੀ ਪੰਜਾਬੀ ਲੇਖਕ ਸਭਾ ਦੇ ਪ੍ਰਧਾਨ ਦਰਸ਼ਨ ਸਿੰਘ ਬੁੱਟਰ, ਸੀਨੀਅਰ ਮੀਤ ਪ੍ਰਧਾਨ ਡਾ. ਹਰਜਿੰਦਰ ਸਿੰਘ ਅਟਵਾਲ, ਜਨਰਲ ਸਕੱਤਰ ਸੁਸ਼ੀਲ ਦੁਸਾਂਝ ਅਤੇ ਮੀਤ ਪ੍ਰਧਾਨ ਸ਼ੇਲਿੰਦਰਜੀਤ ਸਿੰਘ ਰਾਜਨ ਨੇ ਦੱਸਿਆ ਕਿ ਇਸ ਤਿੰਨ ਰੋਜ਼ਾ ਆਲਮੀ ਪੰਜਾਬੀ ਕਾਨਫਰੰਸ ਦੌਰਾਨ ਸਾਹਿਤ, ਸੱਭਿਆਚਾਰਕ, ਸਿੱਖਿਆ, ਸਮਾਜ ਅਤੇ ਸੱਤਾ (ਪੰਜ ਸੱਸੇ) ਬਾਰੇ ਲਗਾਤਾਰ ਤਿੰਨ ਦਿਨ ਵਿਚਾਰ ਚਰਚਾ ਹੋਵੇਗੀ। ਪਹਿਲੇ ਦਿਨ ਦੇਸ਼ ਅਸਾਡਾ ਕਿੱਥੋਂ ਕਿੱਥੇ ਪਹੁੰਚ ਗਿਆ ਵਿਸ਼ੇ 'ਤੇ ਤਾਹਿਰ ਗੌਹਰ ਰਜਾ ਆਪਣਾ ਪਰਚਾ ਪੜ੍ਹਨਗੇ। ਇਸੇ ਦਿਨ ਹੀ ਮੈਂ ਪੰਜਾਬ ਬੋਲਦਾ ਸਿਰਲੇਖ ਹੇਠ ਪੈਨਲ ਚਰਚਾ ਹੋਵੇਗੀ। ਸ਼ਾਮ ਨੂੰ ਸੂਫੀ ਗਾਇਨ 'ਚ ਸੁਖਦੇਵ ਸਾਹਿਲ ਸੂਫੀਆਨਾ ਕਲਾਮ ਪੇਸ਼

ਦਰਸ਼ਨ ਸਿੰਘ ਬੁੱਟਰ, ਸੁਸ਼ੀਲ ਦੁਸਾਂਝ ਅਤੇ ਸ਼ੇਲਿੰਦਰਜੀਤ ਸਿੰਘ ਰਾਜਨ

ਕਰਨਗੇ। ਦੂਸਰੇ ਦਿਨ ਅਜੋਕੇ ਭਾਰਤ ਵਿੱਚ ਔਰਤ ਸਾਹਮਣੇ ਚੁਣੌਤੀਆਂ ਵਿਸ਼ੇ ਬਾਰੇ ਸ਼ਬਨਮ ਹਾਸ਼ਮੀ ਮੁੱਖ ਬੁਲਾਰਾ ਹੋਣਗੇ, ਅਗਲਾ ਸੈਸ਼ਨ ਗ਼ਜ਼ਲ ਗੁਲਜ਼ਾਰ ਅਤੇ ਪੁਰਸਕਾਰ ਹੋਵੇਗਾ ਅਤੇ ਤੀਸਰਾ ਸੈਸ਼ਨ ਨਾਮਧਾਰੀ ਸਾਹਿਤ ਪ੍ਰੰਪਰਾ ਵਿਸ਼ੇ 'ਤੇ ਹੋਵੇਗਾ। ਤੀਸਰੇ ਦਿਨ 9 ਮਾਰਚ ਨੂੰ ਭਾਸ਼ਾ, ਸਾਹਿਤ ਅਤੇ ਸਿਖਿਆ ਵਿਸ਼ੇ ਬਾਰੇ ਵਿਚਾਰ ਚਰਚਾ ਹੋਵੇਗੀ ਅਤੇ ਦੂਸਰੇ ਸੈਸ਼ਨ ਵਿੱਚ ਸੰਵਿਧਾਨ ਸੱਤਾ ਤੇ ਲੋਕ ਵਿਸ਼ੇ ਉਪਰ ਚਰਚਾ ਹੋਵੇਗੀ। ਇਸ ਸਬੰਧੀ ਕੇਂਦਰੀ ਪੰਜਾਬੀ ਲੇਖਕ ਸਭਾ ਨਾਲ ਸਬੰਧਤ ਪੰਜਾਬ ਦੀ ਸਭ ਤੋਂ ਵੱਧ ਸਰਗਰਮ ਸੰਸਥਾ, ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਵੀ ਉਕਤ ਤਿੰਨ ਰੋਜ਼ਾ ਆਲਮੀ ਪੰਜਾਬੀ ਕਾਨਫਰੰਸ ਵਿੱਚ ਵੱਧ ਚੜ੍ਹ ਕੇ ਸ਼ਾਮੂਲੀਅਤ ਕਰਨ ਦਾ ਐਲਾਨ ਕੀਤਾ ਗਿਆ ਹੈ। ਸਭਾ ਦੇ ਮੁੱਖ ਸੰਚਾਲਕ ਸ਼ੇਲਿੰਦਰਜੀਤ ਸਿੰਘ ਰਾਜਨ, ਸਰਪ੍ਰਸਤ ਪ੍ਰਿੰਸੀਪਲ ਰਘਬੀਰ ਸਿੰਘ ਸੋਹਲ, ਪ੍ਰਧਾਨ ਸੰਤੋਖ ਸਿੰਘ ਗੁਰਾਇਆ, ਖਜ਼ਾਨਚੀ ਮਾ: ਮਨਜੀਤ ਸਿੰਘ ਵੱਸੀ, ਸੀਨੀਅਰ ਮੀਤ ਪ੍ਰਧਾਨ ਮੱਖਣ ਸਿੰਘ ਭੈਣੀਵਾਲਾ, ਸੀਨੀਅਰ ਮੀਤ ਪ੍ਰਧਾਨ ਡਾ. ਪਰਮਜੀਤ ਸਿੰਘ ਬਾਠ ਨੇ ਕਿਹਾ ਹੈ ਕਿ ਬਾਬਾ ਬਕਾਲਾ ਸਾਹਿਬ ਤੋਂ ਵੱਡੀ ਗਿਣਤੀ ਵਿੱਚ ਸਾਹਿਤਕਾਰ ਇਸ ਆਲਮੀ ਪੰਜਾਬੀ ਕਾਨਫਰੰਸ ਵਿੱਚ ਸ਼ਾਮੂਲੀਅਤ ਕਰਨਗੇ।

ਨਸ਼ੇ ਦੇ ਕਾਰੋਬਾਰੀਆਂ ਨੂੰ ਬਖ਼ਸ਼ਿਆ ਨਹੀਂ ਜਾਵੇਗਾ : ਵਿੱਤ ਮੰਤਰੀ ਚੀਮਾ

ਗੁਰਦਾਸਪੁਰ, (ਜਨਕ ਮਹਾਜਨ, ਦਿਨੇਸ਼ ਕੁਮਾਰ)- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਸੂਬੇ ਵਿਚੋਂ ਨਸ਼ਿਆਂ ਦਾ ਮੁਕੰਮਲ ਖ਼ਾਤਮਾ ਕਰਨ ਲਈ ਜੰਗ ਦਾ ਐਲਾਨ ਕਰ ਦਿੱਤਾ ਹੈ ਅਤੇ ਨਸ਼ਿਆਂ ਦਾ ਕਾਰੋਬਾਰ ਕਰਨ ਵਾਲਾ ਕੋਈ ਵੀ ਵਿਅਕਤੀ ਬਖ਼ਸ਼ਿਆ ਨਹੀਂ ਜਾਵੇਗਾ। ਇਹ ਪ੍ਰਗਟਾਵਾ ਸੂਬੇ ਦੇ ਵਿੱਤ, ਯੋਜਨਾ, ਪ੍ਰੋਗਰਾਮ ਲਾਗੂਕਰਨ, ਕਰ ਤੇ ਆਬਕਾਰੀ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਜੋ 'ਯੁੱਧ ਨਸ਼ਿਆਂ ਵਿਰੁੱਧ' ਕੈਬਿਨਟ ਸਬ ਕਮੇਟੀ ਦੇ ਚੇਅਰਮੈਨ ਹਨ, ਵਲੋਂ ਗੁਰਦਾਸਪੁਰ ਦੇ ਪੰਚਾਇਤ ਭਵਨ ਵਿਖੇ ਜ਼ਿਲ੍ਹੇ ਦੇ ਸਿਵਲ ਤੇ ਪੁਲਸ ਅਧਿਕਾਰੀਆਂ ਸਮੇਤ ਚੁਣੇ ਹੋਏ ਨੁਮਾਇੰਦਿਆਂ ਨਾਲ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਕੀਤਾ ਗਿਆ। ਐਡ

7-March-PAGE-4.qxd 3/6/2025 11:19 PM Page 1

ਨਵਾਂ ਜ਼ਮਾਨਾ
ਸ਼ੁੱਕਰਵਾਰ, 7 ਮਾਰਚ 2025

ਮੰਗਣਾਂ ਪਾ ਕੇ...

ਸਿਆਸੀ ਪਾਰਟੀਆਂ ਦੇ ਲੰਮੇ-ਚੌੜੇ ਵਾਅਦਿਆਂ ਦੇ ਛਲਾਵੇ ਵਿੱਚ ਆ ਕੇ ਵੋਟਰ ਵੋਟਾਂ ਪਾ ਦਿੰਦੇ ਹਨ ਤੇ ਸਰਕਾਰ ਬਣਨ ਤੋਂ ਬਾਅਦ ਜਦ ਵਾਅਦੇ ਪੂਰੇ ਨਹੀਂ ਹੁੰਦੇ ਤਾਂ ਖਿਝਦੇ ਹਨ। ਦਿੱਲੀ ਦੀਆਂ ਬੀਬੀਆਂ ਨਾਲ ਵੀ ਅਜਿਹਾ ਹੀ ਵਾਪਰਨ ਜਾ ਰਿਹਾ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਚੋਣ ਪ੍ਰਚਾਰ ਦੌਰਾਨ 18 ਤੋਂ 60 ਸਾਲ ਦੀ ਉਮਰ ਦੀਆਂ ਬੀਬੀਆਂ ਲਈ 2500 ਰੁਪਏ ਮਹੀਨੇ ਵਾਲੀ ਮਹਿਲਾ ਸਮ੍ਰਿਧੀ ਯੋਜਨਾ ਦਾ ਐਲਾਨ ਕੀਤਾ ਸੀ ਤੇ ਭਾਜਪਾ ਸਰਕਾਰ ਬਣਦਿਆਂ ਹੀ ਬੀਬੀਆਂ ਦੇ ਖਾਤਿਆਂ ਵਿੱਚ ਪੈਸੇ ਪਹੁੰਚਣੇ ਸ਼ੁਰੂ ਹੋ ਜਾਣ ਦਾ ਵਾਅਦਾ ਕੀਤਾ ਸੀ। ਸੁੱਖ ਨਾਲ ਦਿੱਲੀ ਦੀ ਮੁੱਖ ਮੰਤਰੀ ਵੀ ਬੀਬੀ ਰੇਖਾ ਗੁਪਤਾ ਬਣ ਗਈ। ਉਸ ਨੇ ਵੀ ਪਹਿਲੀ ਕੈਬਨਿਟ ਬੈਠਕ ਵਿੱਚ ਇਸ ਦਾ ਫੈਸਲਾ ਕਰਕੇ ਅੱਠ ਮਾਰਚ ਨੂੰ ਨਾਰੀ ਦਿਵਸ ਤੋਂ ਖਾਤਿਆਂ ਵਿੱਚ ਪੈਸੇ ਪਾਉਣ ਦਾ ਐਲਾਨ ਕਰ ਦਿੱਤਾ। ਕੈਬਨਿਟ ਦੀਆਂ ਇੱਕ ਨਹੀਂ, ਕਈ ਬੈਠਕਾਂ ਹੋ ਗਈਆਂ ਹਨ ਤੇ ਅਸੈਂਬਲੀ ਦਾ ਇੱਕ ਅਜਲਾਸ ਵੀ ਹੋ ਗਿਆ ਹੈ, ਪਰ ਯੋਜਨਾ ਲਾਗੂ ਨਹੀਂ ਹੋਈ। ਹੁਣ ਫਿਰ ਅੱਠ ਮਾਰਚ ਤੋਂ ਲਾਗੂ ਕਰਨ ਦੀ ਗੱਲ ਕਹੀ ਜਾ ਰਹੀ ਹੈ। ਇੱਥੇ ਵੀ ਇੱਕ ਮਰੋੜੀ ਹੈ, ਯੋਜਨਾ ਦੀ ਸ਼ਕਲ ਕੀ ਹੋਵੇਗੀ?

ਯੋਜਨਾ ਦੀ ਪ੍ਰਕਿਰਿਆ ਤੈਅ ਕਰਨ ਲੱਗੇ ਹੋਏ ਅਧਿਕਾਰੀਆਂ ਦਾ ਕਹਿਣਾ ਹੈ ਕਿ 18 ਤੋਂ 60 ਸਾਲ ਦੀਆਂ ਉਹ ਬੀਬੀਆਂ ਇਸ ਦੇ ਦਾਇਰੇ ਵਿੱਚ ਆਉਣਗੀਆਂ, ਜਿਹੜੀਆਂ ਸਰਕਾਰੀ ਨੌਕਰੀ ਵਿੱਚ ਨਹੀਂ ਹਨ ਅਤੇ ਹੋਰ ਕੋਈ ਸਰਕਾਰੀ ਮਾਲੀ ਸਹਾਇਤਾ ਨਹੀਂ ਲੈ ਰਹੀਆਂ। ਭਾਜਪਾ ਨੇ ਜਦੋਂ ਚੋਣ ਵਾਅਦਾ ਕੀਤਾ ਸੀ, ਉਦੋਂ ਅਜਿਹੀ ਕੋਈ ਸ਼ਰਤ ਨਹੀਂ ਸੀ ਦੱਸੀ। ਇਹ ਠੀਕ ਉਸੇ ਤਰ੍ਹਾਂ ਹੈ, ਜਿਵੇਂ ਮਹਾਰਾਸ਼ਟਰ ਵਿੱਚ ਲਾੜਕੀ ਬਹਿਨ ਯੋਜਨਾ ਦਾ ਐਲਾਨ ਕਰਨ ਤੋਂ ਬਾਅਦ ਚੋਣਾਂ ਤੋਂ ਪਹਿਲਾਂ ਪੰਜ ਕਿਸ਼ਤਾਂ ਖਾਤਿਆਂ ਵਿੱਚ ਪਾ ਕੇ ਚੋਣ ਜਿੱਤਣ ਪਿੱਛੋਂ ਖਜ਼ਾਨੇ 'ਤੇ ਬੋਝ ਘਟਾਉਣ ਲਈ ਸ਼ਰਤਾਂ ਲਾ ਕੇ ਬੀਬੀਆਂ ਦੇ ਨਾਂਅ ਕੱਟੇ ਜਾ ਰਹੇ ਹਨ।

ਦਿੱਲੀ ਸਰਕਾਰ ਯੋਜਨਾ ਲਾਗੂ ਕਰਨ ਤੋਂ ਪਹਿਲਾਂ ਕਈ ਪਾਸਿਓਂ ਅੰਕੜੇ ਜੁਟਾ ਰਹੀ ਹੈ। ਇਸ ਨੇ ਚੋਣ ਕਮਿਸ਼ਨ ਤੋਂ ਪਤਾ ਲਾਇਆ ਹੈ ਕਿ 72 ਲੱਖ ਤੋਂ ਵੱਧ ਮਹਿਲਾ ਵੋਟਰ ਹਨ ਅਤੇ 50 ਫੀਸਦੀ ਨੇ ਵੋਟਾਂ ਪਾਈਆਂ। ਅਧਿਕਾਰੀਆਂ ਦਾ ਅਨੁਮਾਨ ਹੈ ਕਿ ਯੋਜਨਾ ਦੇ ਲਾਭ ਦੀਆਂ ਪਾਤਰ ਬੀਬੀਆਂ ਦੀ ਗਿਣਤੀ ਲਗਭਗ 20 ਲੱਖ ਹੋਵੇਗੀ। ਅਧਿਕਾਰੀਆਂ ਨੇ ਗਰੀਬੀ ਰੇਖਾ ਤੋਂ ਹੇਠਾਂ ਰਹਿਣ ਵਾਲੀਆਂ ਬੀਬੀਆਂ ਦੇ ਅੰਕੜੇ ਪਤਾ ਕਰਨ ਲਈ ਖੁਰਾਕ ਤੇ ਸਪਲਾਈ ਵਿਭਾਗ ਨਾਲ ਵੀ ਸੰਪਰਕ ਕੀਤਾ ਹੈ। ਸਰਕਾਰ ਇਨਕਮ ਟੈਕਸ ਵਿਭਾਗ ਤੋਂ ਵੀ ਅੰਕੜੇ ਇਕੱਠੇ ਕਰੇਗੀ। ਇਹ ਵੀ ਸ਼ਰਤ ਹੋਵੇਗੀ ਕਿ ਬੀਬੀ ਸਾਲਾਨਾ ਤਿੰਨ ਲੱਖ ਤੋਂ ਵੱਧ ਨਾ ਕਮਾਉਂਦੀ ਹੋਵੇ। ਸਰਕਾਰ ਬੀਬੀਆਂ ਤੋਂ ਅਰਜ਼ੀਆਂ ਲੈਣ ਲਈ ਜਿਹੜਾ ਪੋਰਟਲ ਬਣਾਏਗੀ, ਉਸ ਦੇ ਫਾਰਮ ਵਿੱਚ ਨਾਂਅ, ਸਥਾਨ, ਆਧਾਰ ਕਾਰਡ ਨਾਲ ਜੁੜੇ ਬੈਂਕ ਖਾਤੇ ਅਤੇ ਪਰਵਾਰ ਦੇ ਮੈਂਬਰਾਂ ਦਾ ਵੇਰਵਾ ਦੱਸਣਾ ਹੋਵੇਗਾ। ਜੇ ਬੀਬੀਆਂ ਪਹਿਲਾਂ ਹੀ ਬੁਢਾਪਾ ਜਾਂ ਵਿਧਵਾ ਪੈਨਸ਼ਨਾਂ ਲੈ ਰਹੀਆਂ ਹਨ ਤਾਂ ਉਹ ਬਾਹਰ ਹੋ ਜਾਣਗੀਆਂ। ਇੱਜ਼ਤ ਰੱਖਣ ਲਈ ਸਰਕਾਰ ਨਾਰੀ ਦਿਵਸ 'ਤੇ ਕੁਝ ਬੀਬੀਆਂ ਨੂੰ ਪੈਸੇ ਜ਼ਰੂਰ ਦੇਵੇਗੀ ਤੇ ਫਿਰ ਕਹੇਗੀ ਕਿ ਅੱਜ ਤੋਂ ਰਜਿਸਟ੍ਰੇਸ਼ਨ ਸ਼ੁਰੂ। ਰਜਿਸਟ੍ਰੇਸ਼ਨ ਤੋਂ ਬਾਅਦ ਅਗਲੇ ਵਿੱਤੀ ਸਾਲ ਦੇ ਬਜਟ ਵਿੱਚ ਧਨ ਦੀ ਵਿਵਸਥਾ ਕੀਤੀ ਜਾਵੇਗੀ। ਮਾਰਚ ਤੱਕ ਚੱਲਣ ਵਾਲੇ ਵਿੱਤੀ ਸਾਲ 'ਚ ਉਸ ਨੂੰ ਕੁਝ ਮੁਸ਼ਕਲ ਨਹੀਂ ਆਉਣ ਲੱਗੀ, ਕਿਉਂਕਿ ਪਿਛਲੀ ਸਰਕਾਰ ਨੇ ਇੱਕ ਹਜ਼ਾਰ ਰੁਪਏ ਪ੍ਰਤੀ ਮਹੀਨਾ ਦੇਣ ਲਈ ਇੱਕ ਹਜ਼ਾਰ ਕਰੋੜ ਰੁਪਏ ਵੱਖਰੇ ਰੱਖੇ ਹੋਏ ਸਨ। ਅੱਗੇ ਬੀਬੀਆਂ ਦੇ ਭਾਗ!

ਦੇਸ਼ ਦਾ ਅਸਲ ਸਰਮਾਇਆ ਉਸ ਦੇ ਲੋਕ ਹੁੰਦੇ ਹਨ

ਚਰਨ ਸਿੰਘ ਸਰਾਭਾ

ਅਮਰੀਕਾ ਤੋਂ ਗੈਰ-ਕਾਨੂੰਨੀ ਪਰਵਾਸੀਆਂ ਨੂੰ ਡਿਪੋਰਟ ਕਰਨਾ, ਅੱਜ ਭਾਰਤੀਆਂ ਦਾ ਵਿਸ਼ੇਸ਼ ਮੁੱਦਾ ਬਣਿਆ ਹੋਇਆ ਹੈ। ਜੋ 5 ਫ਼ਰਵਰੀ ਤੋਂ 16 ਫ਼ਰਵਰੀ ਤੱਕ ਅਮਰੀਕਾ ਤੋਂ ਤਿੰਨ ਫੌਜੀ ਅਮਰੀਕੀ ਹਵਾਈ ਜਹਾਜ਼ਾਂ ਰਾਹੀਂ ਪੰਜਾਬ ਦੇ ਅੰਮ੍ਰਿਤਸਰ ਹਵਾਈ ਅੱਡੇ ਤੋਂ ਉਤਾਰੇ ਗਏ ਸਨ, ਉਨ੍ਹਾਂ ਵਿੱਚ ਪੰਜਾਬ, ਗੁਜਰਾਤ, ਹਰਿਆਣਾ ਅਤੇ ਯੂ ਪੀ ਦੇ ਵਾਸੀ ਹਨ। ਇਸ ਤਰ੍ਹਾਂ ਅਮਰੀਕਾ ਦੇ ਫੌਜੀ ਹਵਾਈ ਜਹਾਜ਼ਾਂ ਦਾ ਅੰਮ੍ਰਿਤਸਰ ਹੀ ਉਤਰਨਾ ਵਿਵਾਦਾਂ ਦਾ ਮੁੱਦਾ ਵੀ ਬਣਿਆ ਹੋਇਆ ਹੈ। ਦੂਜਾ ਮੁੱਦਾ ਬਣਿਆ ਹੈ ਕਿ ਇਨ੍ਹਾਂ ਗੈਰ ਕਾਨੂੰਨੀ ਦੱਸੇ ਗਏ ਪਰਵਾਸੀਆਂ ਨੂੰ ਡਿਪੋਰਟ ਕਰਦੇ ਸਮੇਂ ਹੱਥਕੜੀਆਂ ਅਤੇ ਬੇੜੀਆਂ ਕਿਉਂ ਲਾਈਆਂ ਗਈਆਂ ਅਤੇ ਕਈ ਪੰਜਾਬੀਆਂ ਦੀਆਂ ਪੱਗਾਂ ਵੀ ਉਤਾਰ ਦਿੱਤੀਆਂ ਗਈਆਂ। ਇਹ ਤਾਂ ਸਪੱਸ਼ਟ ਹੈ ਕਿ ਅਜਿਹਾ ਵਰਤਾਰਾ ਕਰਨਾ ਅਮਰੀਕੀ ਸਰਕਾਰ ਦਾ ਧੌਂਸ ਭਰਿਆ ਅਤੇ ਗੈਰ ਮਨੁੱਖੀ ਵਤੀਰਾ ਹੈ। ਇਨ੍ਹਾਂ ਸਾਰੇ ਹੀ ਮੁੱਦਿਆਂ 'ਤੇ ਪੰਜਾਬ ਅਤੇ ਕੇਂਦਰ ਸਰਕਾਰ ਅਤੇ ਕਈ ਹੋਰ ਸਿਆਸੀ ਪਾਰਟੀਆਂ ਵਿਚਕਾਰ ਸਾਡੀਆਂ ਸਰਕਾਰਾਂ ਦੀ ਬਣਦੀ ਜ਼ਿੰਮੇਵਾਰੀ ਸੰਬੰਧੀ ਇਕ-ਦੂਜੇ ਵਿਰੁੱਧ ਦੂਸ਼ਣਬਾਜ਼ੀ ਵੀ ਕੀਤੀ ਗਈ ਹੈ। ਇਸ ਸਾਰੇ ਬਿਰਤਾਂਤ ਦੇ ਅਸਲ ਸ਼ਿਕਾਰ ਤਾਂ ਇਹ ਭਾਰਤੀ ਲੋਕ ਹਨ, ਜੋ ਲੱਖਾਂ ਰੁਪਏ ਖਰਚ ਕੇ, ਗੁਆ ਕੇ, ਖਾਲੀ ਹੱਥ ਘਰਾਂ ਵੱਲ ਪਰਤੇ ਹਨ।

ਘਟਨਾਵਾਂ ਦੀ ਗੰਭੀਰਤਾ ਅਤੇ ਅਮਰੀਕਾ ਵਰਗੇ ਲੋਕਤੰਤਰਕ ਅਪਣਾਉਂਦੇ ਦੇਸ਼ ਦਾ ਵਤੀਰਾ ਦੱਸਦਾ ਹੈ ਕਿ ਇਨ੍ਹਾਂ ਘਟਨਾਵਾਂ ਨੂੰ ਸਾਧਾਰਨ ਘਟਨਾਵਾਂ ਨਹੀਂ ਕਿਹਾ ਜਾ ਸਕਦਾ। ਇਹ ਮੁੱਦਾ ਅਤੇ ਘਟਨਾਕ੍ਰਮ ਸਾਡੇ ਭਾਰਤ ਦੇਸ਼ ਅਤੇ ਭਾਰਤੀਆਂ ਦੇ ਆਤਮ-ਨਿਰਭਰਤਾ ਵਾਲੇ ਕੌਮੀ ਸਵੈਮਾਣ ਨਾਲ ਜੁੜਿਆ ਹੋਇਆ ਮੁੱਦਾ ਵੀ ਹੈ। ਦੂਜਾ ਇਹ ਪੰਜਾਬ ਅਤੇ ਭਾਰਤ ਦੀ ਸਾਡੀ ਨੌਜਵਾਨ ਪੀੜ੍ਹੀ ਦੇ ਵਰਤਮਾਨ ਅਤੇ ਭਵਿੱਖ ਨਾਲ ਵੀ ਸੰਬੰਧਤ ਹੈ। ਇਸ ਤੋਂ ਬਿਨਾਂ ਵਿਸ਼ੇਸ਼ ਤੌਰ 'ਤੇ ਵੱਖ-ਵੱਖ ਰੂਪਾਂ ਵਿੱਚ ਵਿਦਿਆਰਥੀਆਂ ਦੇ ਸਿੱਖਿਆ ਪ੍ਰਾਪਤੀ ਵਾਲੇ ਪਰਵਾਸ ਰਾਹੀਂ ਅਮਰੀਕਾ ਅਤੇ ਹੋਰ ਵਿਕਸਤ ਅਖਵਾਉਂਦੇ ਦੇਸ਼ਾਂ ਵੱਲ ਹਰ ਸਾਲ ਅਰਬਾਂ ਰੁਪਏ ਦਾ ਵਿਦੇਸ਼ ਜਾਣਾ ਵੀ ਹੈ। ਸਾਡੀ ਸਮਝ ਅਨੁਸਾਰ ਵਿਦੇਸ਼ਾਂ ਵੱਲ ਅਜਿਹੇ ਪਰਵਾਸ ਦਾ ਮੁੱਖ ਕਾਰਨ ਸਾਡੇ ਦੇਸ਼ ਵਿੱਚ ਵਧਦੀ ਬੇਰੁਜ਼ਗਾਰੀ, ਅਵਸਰਾਂ ਦੀ ਘਾਟ, ਨਸ਼ਿਆਂ ਦਾ ਪ੍ਰਕੋਪ ਆਦਿ ਹਨ। ਇਨ੍ਹਾਂ ਅਲਾਮਤਾਂ ਤੋਂ ਘਬਰਾਏ ਜਾਂ ਪ੍ਰਭਾਵਤ ਪਰਵਾਰ ਆਪਣੇ ਬੱਚਿਆਂ ਨੂੰ ਪੜ੍ਹਾਈ ਦੇ ਨਾਂਅ 'ਤੇ ਦੂਜੇ ਦੇਸ਼ਾਂ ਵੱਲ ਭੇਜਦੇ ਹਨ। ਜਿਸ ਦੇ ਪਿੱਛੇ ਅਸਲ ਵਿਚਾਰ ਹੁੰਦਾ ਹੈ ਕਿ ਉਸੇ ਦੇਸ਼ ਵਿੱਚ ਹੀ ਪੱਕੇ ਤੌਰ 'ਤੇ ਚਲੇ ਜਾਣ ਜਿੱਥੇ ਪੜ੍ਹਾਈ ਲਈ ਗਏ ਹਨ। ਅਸੀਂ ਇਹ ਵੀ ਦੇਖਦੇ ਹਾਂ ਕਿ ਵਿਦੇਸ਼ਾਂ ਵੱਲ ਇਹ ਅਜਿਹਾ ਪਰਵਾਸ ਕੋਈ ਦੋ-ਤਿੰਨ ਦਹਾਕਿਆਂ ਤੋਂ ਤੇਜ਼ ਹੋਇਆ ਹੈ। ਜਦੋਂ ਤੋਂ ਅਮਰੀਕਾ ਦੀਆਂ ਆਮ ਸਹਿਮਤੀ ਵਾਲੀਆਂ ਕੌਮਾਂਤਰੀ ਸੰਸਥਾਵਾਂ, ਸੰਸਾਰ ਬੈਂਕ, ਕੌਮਾਂਤਰੀ ਮੁਦਰਾ ਫੰਡ, ਡਬਲਿਊ ਟੀ ਓ ਵੱਲੋਂ ਅਖੌਤੀ ਸੰਸਾਰੀਕਰਨ ਦੇ ਪਰਦੇ ਹੇਠ 1990-91 ਤੋਂ ਨਵਉਦਾਰਵਾਦੀ ਆਰਥਿਕ ਨੀਤੀਆਂ ਸਾਡੇ ਦੇਸ਼ ਵਿੱਚ ਅਪਣਾਈਆਂ ਗਈਆਂ ਹਨ, ਜਿਨ੍ਹਾਂ ਅਧੀਨ ਸੰਸਾਰ ਬੈਂਕ ਵੱਲੋਂ ਸਹਾਇਤਾ ਅਤੇ ਵਿਕਾਸ ਦੇ ਨਾਂਅ 'ਤੇ ਦਿੱਤੇ ਜਾਂਦੇ ਕਰਜ਼ਿਆਂ ਦੀਆਂ ਸ਼ਰਤਾਂ ਅਧੀਨ ਉਦੋਂ ਤੋਂ ਕੇਂਦਰ ਵਿੱਚ ਆਈਆਂ ਭਾਰਤੀ ਸਰਕਾਰਾਂ ਨੇ ਸੰਸਾਰ ਬੈਂਕ ਵੱਲੋਂ ਠੋਸੀ ਗਈ, "ਆਰਥਿਕ ਸੰਜਮ" ਦੀ ਨੀਤੀ ਅਧੀਨ ਸਰਕਾਰੀ ਵਿਭਾਗਾਂ, ਜਨਤਕ ਅਦਾਰਿਆਂ ਦੇ ਪ੍ਰਾਈਵੇਟ ਕਰਨ ਦੇ ਨਾਲ-ਨਾਲ ਸਿੱਖਿਆ, ਸਿਹਤ, ਜਨ-ਸਿਹਤ ਵਰਗੇ ਮਨੁੱਖੀ ਅਤੇ ਸਮਾਜਿਕ ਵਿਕਾਸ ਨਾਲ ਜੁੜੇ ਵਿਭਾਗਾਂ ਦੇ ਬੱਜਟਾਂ ਵਿੱਚ ਵੱਡੀਆਂ ਕਟੌਤੀਆਂ ਕਰਨ ਨਾਲ ਅਤੇ ਇਨ੍ਹਾਂ ਖੇਤਰਾਂ ਅਤੇ ਹੋਰ ਪ੍ਰਬੰਧਕੀ ਸਰਕਾਰੀ ਦਫਤਰਾਂ ਵਿੱਚ ਸਰਕਾਰੀ ਮੁਲਾਜ਼ਮਾਂ, ਅਧਿਆਪਕਾਂ, ਡਾਕਟਰਾਂ ਅਤੇ ਹੋਰ ਸੰਬੰਧਤ ਸਹਾਇਕ ਮੁਲਾਜ਼ਮਾਂ ਦੀਆਂ ਰੈਗੂਲਰ ਆਸਾਮੀਆਂ ਵਿੱਚ ਲਗਾਤਾਰ ਕਟੌਤੀਆਂ ਕੀਤੀਆਂ ਗਈਆਂ, ਜਿਸ ਕਾਰਨ ਪੰਜਾਬ ਅਤੇ ਦੇਸ਼ ਦੇ ਪੜ੍ਹੇ-ਲਿਖੇ ਨੌਜਵਾਨਾਂ ਦੀ ਬੇਰੁਜ਼ਗਾਰੀ ਵਿੱਚ ਨਿਰੰਤਰ ਵਾਧਾ ਹੁੰਦਾ ਰਿਹਾ। ਇਨ੍ਹਾਂ ਨੀਤੀਆਂ ਦਾ ਹੀ ਸਿੱਟਾ ਹੈ ਕਿ ਅੱਜ ਪੰਜਾਬ ਵਿੱਚ ਰੈਗੂਲਰ ਸਰਕਾਰੀ ਮੁਲਾਜ਼ਮਾਂ ਦੀ ਗਿਣਤੀ ਬਹੁਤ ਘੱਟ ਰਹਿ ਗਈ ਹੈ। 25 ਨਵੰਬਰ 2003 ਦੇ ਇੱਕ ਅੰਗਰੇਜ਼ੀ ਅਖਬਾਰ ਦੀ ਇਕ ਰਿਪੋਰਟ ਅਨੁਸਾਰ ਉਦੋਂ ਸੰਸਾਰ ਬੈਂਕ ਦੀ ਟੀਮ ਦੇ ਸਰਵੇਖਣ ਨੇ ਕਿਹਾ ਸੀ ਕਿ ਪੰਜਾਬ ਦੀ ਆਬਾਦੀ ਦੇ ਅਨੁਪਾਤ ਵਿੱਚ ਪੰਜਾਬ ਦੇ ਸਰਕਾਰੀ ਮੁਲਾਜ਼ਮਾਂ ਦੀ ਗਿਣਤੀ ਵਧੇਰੇ ਹੈ। ਸੰਸਾਰ ਬੈਂਕ ਦੇ ਅਜਿਹੇ ਦਖਲ ਕਾਰਨ ਹੀ ਅੱਜ ਪੰਜਾਬ ਦੇ ਸਰਕਾਰੀ ਰੈਗੂਲਰ ਮੁਲਾਜ਼ਮਾਂ ਦੀ ਗਿਣਤੀ ਸਾਲ 2003 ਦੇ ਮੁਕਾਬਲੇ ਬਹੁਤ ਘੱਟ ਹੈ। ਜਿਹੜੇ ਰੈਗੂਲਰ ਹੋਏ ਵੀ ਹਨ, ਉਹ ਵੀ ਪਹਿਲਾਂ ਕਈ ਨਾਲ ਨਿਸ਼ਚਤ ਅਤੇ ਘੱਟ ਉਜਰਤਾਂ 'ਤੇ ਹੀ ਨਿਯੁਕਤ ਕੀਤੇ ਗਏ ਸਨ। ਇਸੇ ਤਰ੍ਹਾਂ ਕੇਂਦਰੀ ਸਰਕਾਰੀ ਮੁਲਾਜ਼ਮਾਂ ਸੰਬੰਧੀ ਸਥਾਪਤ ਕੀਤੇ ਗਏ 7ਵੇਂ ਪੇ-ਕਮਿਸ਼ਨ ਨੇ ਆਪਣੀ ਰਿਪੋਰਟ ਵਿੱਚ ਕਿਹਾ ਸੀ ਕਿ ਕੇਂਦਰ ਵਿੱਚ ਸਰਕਾਰੀ ਮੁਲਾਜ਼ਮਾਂ ਦੀਆਂ ਕੁਲ ਮਨਜ਼ੂਰਸ਼ੁਦਾ ਆਸਾਮੀਆਂ ਵਿੱਚੋਂ 18 ਪ੍ਰਤੀਸ਼ਤ ਖਾਲੀ ਪਈਆਂ ਹਨ। ਇਸ ਤਰ੍ਹਾਂ ਜਦੋਂ ਸਰਕਾਰੀ ਵਿਭਾਗਾਂ ਦੀ ਗਿਣਤੀ ਘਟਦੀ ਹੈ ਤਾਂ ਹਾਜ਼ਰ ਮੁਲਾਜ਼ਮਾਂ 'ਤੇ ਕੰਮ ਦਾ ਬੋਲ ਵਧ ਜਾਣ ਕਾਰਨ ਜਨਤਕ ਸੇਵਾਵਾਂ ਦੀ ਪੂਰਤੀ ਵੀ ਪ੍ਰਭਾਵਤ ਹੁੰਦੀ ਹੈ।

ਇਨ੍ਹਾਂ ਸੰਸਾਰ ਬੈਂਕ ਐਂਡ ਡਬਲਿਊ ਟੀ ਓ ਵਾਲੀਆਂ ਨੀਤੀਆਂ ਅਧੀਨ ਵਿਦੇਸ਼ੀ ਬਹੁ-ਕੌਮੀ ਕਾਰਪੋਰੇਸ਼ਨਾਂ ਅਤੇ ਸਥਾਨਕ ਕਾਰਪੋਰੇਟ ਘਰਾਣਿਆਂ ਦੀ ਮਿਲੀਭੁਗਤ ਕਾਰਨ ਭਾਰਤੀ ਕਿਸਾਨੀ ਲਗਾਤਾਰ ਘਾਟੇ ਵਿੱਚ ਜਾ ਰਹੀ ਹੈ। ਕਿਸਾਨਾਂ ਲਈ ਲੋੜੀਂਦੇ ਬੀਜ, ਦਵਾਈਆਂ, ਰਸਾਇਣਕ ਖਾਦਾਂ ਉੱਪਰ ਵਿਦੇਸ਼ੀ ਅਤੇ ਦੇਸੀ ਵੱਡੀਆਂ ਕੰਪਨੀਆਂ ਦਾ ਕੰਟਰੋਲ ਹੋਣ ਕਾਰਨ ਲਗਾਤਾਰ ਮਹਿੰਗੇ ਹੋ ਰਹੇ ਹਨ। ਕਿਸਾਨੀ ਨੂੰ ਉਸ ਦੀ ਫ਼ਸਲ ਦੇ ਘੱਟੋ-ਘੱਟ ਸਮਰਥਨ ਮੁੱਲ ਦੀ ਗਰੰਟੀ ਵੀ ਤਹਿ ਨਹੀਂ ਕੀਤੀ ਜਾ ਰਹੀ। ਕਿਸਾਨਾਂ ਦੀ ਫ਼ਸਲ ਦੀ ਵਿਕਰੀ ਵਧੇਰੇ ਕਰਕੇ ਵੱਡੇ ਵਪਾਰੀ ਦੇ ਰਹਿਮ 'ਤੇ ਹੈ, ਜਿਸ ਕਾਰਨ ਵੱਡੇ ਵਪਾਰੀ ਕਿਸਾਨਾਂ ਅਤੇ ਖਪਤਕਾਰਾਂ ਦੀ ਦੂਹਰੀ ਲੁੱਟ ਕਰਦੇ ਹਨ।

ਇਨ੍ਹਾਂ ਹਾਲਤਾਂ ਦੇ ਸਤਾਏ ਪਰਵਾਰ ਆਪਣੇ ਬੱਚਿਆਂ ਨੂੰ ਚੰਗੇ ਭਵਿੱਖ ਦੀ ਭਾਲ ਵਿੱਚ ਦੂਜੇ ਦੇਸ਼ਾਂ ਵੱਲ ਭੇਜਣ ਦੇ ਯਤਨ ਕਰਦੇ ਹਨ, ਪਰ ਸਾਨੂੰ ਇਤਿਹਾਸ ਦੇ ਵਰਕੇ ਇਹ ਵੀ ਦੱਸਦੇ ਹਨ ਕਿ ਇਹ ਵਿਕਸਤ ਅਖਵਾਉਂਦੇ ਦੇਸ਼ ਆਪਣੇ ਵਿਸ਼ੇਸ਼ ਮੰਤਵਾਂ ਅਤੇ ਲਾਲਚਾਂ ਦੇ ਅਧਾਰ 'ਤੇ ਹੀ ਸਾਡੇ ਦੇਸ਼ਾਂ ਦੇ ਵਿਦਿਆਰਥੀਆਂ ਦੀ ਲੁੱਟ ਦੇ ਮੰਤਵ ਨਾਲ ਹੀ ਫੈਸਲੇ ਕਰਦੇ ਹਨ। ਉਦਾਹਰਣ ਵਜੋਂ 8 ਜੂਨ 2022 ਦੇ ਇਕ ਭਾਰਤੀ ਅੰਗਰੇਜ਼ੀ ਅਖਬਾਰ ਦੀ ਖ਼ਬਰ ਅਨੁਸਾਰ ਉਸ ਸਮੇਂ ਦੀ ਭਾਰਤ ਵਿੱਚ ਅਮਰੀਕੀ ਉਪ ਰਾਜਦੂਤ ਨੇ ਕਿਹਾ ਸੀ, "ਹੁਣ ਅਮਰੀਕਾ ਨੇ ਫੈਸਲਾ ਕੀਤਾ ਹੈ ਕਿ ਇਸ ਸਾਲ ਭਾਰਤੀ ਵਿਦਿਆਰਥੀਆਂ ਨੂੰ ਅਮਰੀਕਾ ਵਿੱਚ ਪੜ੍ਹਾਈ ਲਈ ਜਾਣ ਦਾ ਰਿਕਾਰਡ ਵਾਧਾ ਕੀਤਾ ਜਾਵੇਗਾ। ਹੁਣ ਤੱਕ ਅਮਰੀਕਾ ਭਾਰਤੀ ਵਿਦਿਆਰਥੀਆਂ ਦੀ ਵਿਦੇਸ਼ਾਂ ਵਿੱਚ ਪੜ੍ਹਨ ਜਾਣ ਦੀ ਤੀਬਰਤਾ ਨੂੰ ਸਮਝਣ ਵਿੱਚ ਪੱਛੜਿਆ ਰਿਹਾ। ਅਜਿਹੇ ਵਿਦਿਆਰਥੀਆਂ ਨੂੰ ਵੀਜ਼ੇ ਦੇ ਕੇ ਕੈਨੇਡਾ ਅਤੇ ਆਸਟਰੇਲੀਆ ਵੱਲੋਂ ਕੀਤੀ ਜਾ ਰਹੀ ਵੱਡੀ ਕਮਾਈ ਨੂੰ ਦੇਖ ਕੇ ਹੁਣ ਅਮਰੀਕਾ ਵੀ ਅਜਿਹੇ ਵਿਦਿਆਰਥੀਆਂ ਨੂੰ ਹੋਰ ਖੁੱਲ੍ਹਾਂ ਦੇਵੇਗਾ।" ਇਸ ਤੋਂ ਪਹਿਲਾਂ 18.10.2019 ਦੇ ਇਕ ਹੋਰ ਅੰਗਰੇਜ਼ੀ ਅਖ਼ਬਾਰ ਵਿੱਚ ਛਪੀ ਇਕ ਸੰਖੇਪ ਰਿਪੋਰਟ ਵਿੱਚ ਦੱਸਿਆ ਗਿਆ ਸੀ ਕਿ ਉਸ ਸਮੇਂ ਅਮਰੀਕਾ ਵਿੱਚ ਪੜ੍ਹਨ ਜਾਣ ਵਾਲੇ ਭਾਰਤੀ ਵਿਦਿਆਰਥੀ ਹਰ ਸਾਲ 5-ਅਰਬ ਡਾਲਰ ਦੇ ਬਰਾਬਰ ਰਾਸ਼ੀ ਅਮਰੀਕਾ ਵਿੱਚ ਜਾਣ ਲਈ ਨਿਵੇਸ਼ ਕਰਦੇ ਸਨ, ਜੋ ਅਮਰੀਕਾ ਲਈ ਇੱਕ ਮਹੱਤਵਪੂਰਨ ਆਰਥਿਕ ਸਾਧਨ ਹੈ ਅਤੇ ਜਿਸ ਕਾਰਨ ਅਮਰੀਕੀ ਯੂਨੀਵਰਸਿਟੀਆਂ ਨੇ ਵੱਡੀਆਂ ਸੰਭਾਵਨਾਵਾਂ ਸਥਾਪਤ ਕੀਤੀਆਂ ਹੋਈਆਂ ਹਨ। ਸਪੱਸ਼ਟ ਹੈ ਕਿ ਹੁਣ 2017 ਤੋਂ ਪਿੱਛੋਂ ਅਮਰੀਕਾ ਵੱਲ ਇਹ ਨਿਵੇਸ਼ ਹੋਰ ਵਧ ਗਿਆ ਹੋਵੇਗਾ। ਅਮਰੀਕਾ ਦੇ ਨਵੇਂ ਬਣੇ ਰਾਸ਼ਟਰਪਤੀ ਟਰੰਪ ਵੱਲੋਂ "ਪਹਿਲਾ ਅਮਰੀਕਾ" ਦੇ ਜ਼ੋਰਦਾਰ ਐਲਾਨ ਤਾਂ ਹੋਰ ਵੀ ਸਪੱਸ਼ਟ ਕਰਦੇ ਹਨ ਕਿ ਅਮਰੀਕਾ ਵਾਸਤੇ ਸੰਸਾਰੀਕਰਨ ਦਾ ਕੋਈ ਅਰਥ ਨਹੀਂ ਹੈ। ਵੈਸੇ ਤਾਂ ਅਮਰੀਕਾ ਦੀ ਆਪ ਦੇ ਹਿੱਤਾਂ ਸੰਬੰਧੀ ਪਹਿਲ ਵਾਲੀ ਪਹੁੰਚ ਦੀਆਂ ਅਨੇਕਾਂ ਉਦਾਹਰਣਾਂ ਪਹਿਲਾਂ ਵੀ ਹਨ, ਜਿਸ ਤੋਂ ਸਮਝ ਲੱਗ ਜਾਂਦੀ ਹੈ ਕਿ ਇਸ ਦੀਆਂ ਅਖੌਤੀ ਸੰਸਾਰੀਕਰਨ ਦੀਆਂ ਗੱਲਾਂ ਅਸਲ ਵਿੱਚ ਅਮਰੀਕੀ ਕਾਰਪੋਰੇਟਾਂ ਦੀ ਅਗਵਾਈ ਵਿੱਚ ਹੀ ਚੱਲਦੀਆਂ ਸੰਸਥਾਵਾਂ ਦੀਆਂ ਨੀਤੀਆਂ ਹੀ ਹਨ। ਅਮਰੀਕਾ ਦ

7-MAR-PAGE-5.qxd 3/6/2025 11:16 PM Page 1

ਸਰਕਾਰ ਕਿਸਾਨਾਂ, ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਮਸਲੇ ਗੱਲਬਾਤ ਰਾਹੀਂ ਹੱਲ ਕਰੇ : ਪਿਲਖਣੀ

ਰਾਜਪੁਰਾ (ਰਮੇਸ਼ ਕਟਾਰੀਆ)

ਪੀਐਸਈਬੀ ਪੈਨਸ਼ਨਰ ਯੂਨੀਅਨ ਪੰਜਾਬ, ਏਟਕ ਨਾਲ ਸਬੰਧਤ ਜਥੇਬੰਦੀ ਵਿੱਚੋਂ ਸੇਵਾਮੁਕਤ ਹੋਏ ਸਾਥੀਆਂ ਦੀ ਮਹੀਨਾਵਾਰ ਮੀਟਿੰਗ ਜਥੇਬੰਦੀ ਦੇ ਦਫ਼ਤਰ ਸਮਾਜ ਭਲਾਈ ਪਾਰਕ ਵਿਖੇ ਹੋਈ। ਮੀਟਿੰਗ ਦੀ ਪ੍ਰਧਾਨਗੀ ਸਾਥੀ ਰਾਮ ਰਤਨ ਰਾਜ ਗਾਇਕ ਨੇ ਕੀਤੀ। ਮੀਟਿੰਗ ਵਿੱਚ ਰਾਜਪਰਾ ਡਵੀਜ਼ਨ ਦੇ ਇਲਾਕੇ ਵਿੱਚੋਂ ਸੈਂਕੜਿਆਂ ਦੀ ਗਿਣਤੀ ਵਿੱਚ ਸਾਥੀਆਂ ਨੇ ਹਿੱਸਾ ਲਿਆ। ਮੀਟਿੰਗ ਤੋਂ ਪਹਿਲਾਂ ਵਿੱਛੜੇ ਸਾਥੀਆਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ ਸਭ ਤੋਂ ਪਹਿਲਾਂ ਸਾਥੀ ਰਾਮ ਰਤਨ ਰਾਜ ਗਾਇਕ ਗਾਇਕ ਨੇ ਇੱਕ ਇਨਕਲਾਬੀ ਗੀਤ ਗਾ ਕੇ ਸਰੋਤਿਆਂ ਵਿੱਚ ਜੋਸ਼ ਭਰ ਦਿੱਤਾ।ਮੀਟਿੰਗ ਨੂੰ ਸੰਬੋਧਨ ਕਰਦਿਆਂ ਸਾਥੀ ਪਰਮਜੀਤ ਸਿੰਘ, ਸਾਥੀ ਜ਼ੋਰਾਵਰ ਸਿੰਘ ਸਾਥੀ ਅਤਿੰਦਰਪਾਲ ਸਿੰਘ ਸਾਥੀ ਰਘਵੀਰ ਸਿੰਘ ਸਾਥੀ ਹਰਦੀਪ ਸਿੰਘ ਸਾਥੀ ਸ਼ਾਮ ਸੁੰਦਰ ਤੇ ਹੋਰ ਆਗੂਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਸਰਕਾਰ ਗੱਲਬਾਤ ਰਾਹੀ ਮਸਲੇ ਹੱਲ ਕਰਨ ਦੀ ਬਜਾਏ ਟਕਰਾਅ ਵਿੱਚ ਆਉਣਾ ਚਾਹੁੰਦੀ ਹੈ, ਜੋ ਸਰਕਾਰ ਲਈ ਠੀਕ ਨਹੀਂ ਹੋਵੇਗਾ। ਇਸ ਦੇ ਨਤੀਜੇ ਸਰਕਾਰ ਨੂੰ ਭੁਗਤਣੇ ਪੈਣਗੇ। ਮੁੱਖ ਆਗੂ ਸਾਥੀ ਹਰਭਜਨ ਸਿੰਘ ਪਿਲਖਣੀ ਨੇ ਕਿਹਾ ਕਿ ਪੰਜਾਬ ਸਰਕਾਰ ਨੂੰ ਅੜੀਅਲ ਰਵਈਆ ਛੱਡ ਕੇ ਕਿਸਾਨਾਂ, ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਮਸਲੇ ਗੱਲਬਾਤ ਰਾਹੀਂ ਹੱਲ ਕਰਨੇ ਚਾਹੀਦੇ ਹਨ। ਪਿਛਲੇ ਕਾਫੀ ਲੰਮੇ ਸਮੇਂ ਤੋਂ ਇਹ ਸਾਥੀ ਲਗਾਤਾਰ ਸੰਘਰਸ਼ ਦੇ ਰਾਹ 'ਤੇ ਚੱਲ ਰਹੇ ਹਨ, ਪਰ ਸਰਕਾਰ ਵੱਲੋਂ ਆਨਾ ਕਰਨੀ ਕਰਕੇ ਢੰਗ ਟਪਾਇਆ ਜਾ ਰਿਹਾ ਹੈ, ਜੋ ਸਰਕਾਰ ਨੂੰ ਠੀਕ ਨਹੀਂ ਰਹੇਗਾ। ਸਰਕਾਰ ਨੂੰ ਚਾਹੀਦਾ ਹੈ ਕਿ ਕਿਸਾਨਾਂ, ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਨੁਮਾਇੰਦਿਆਂ ਨੂੰ ਮੀਟਿੰਗਾਂ ਦੇ ਕੇ ਮੀਟਿੰਗਾਂ ਵਿੱਚ ਆਪਸੀ ਗੱਲਬਾਤ ਰਾਹੀਂ ਬੈਠ ਕੇ ਮਸਲੇ ਹੱਲ ਕਰਨੇ ਚਾਹੀਦੇ ਹਨ। ਇਸ ਤਰ੍ਹਾਂ ਕਰਨ ਨਾਲ ਪੰਜਾਬ ਦਾ ਮਾਹੌਲ ਸ਼ਾਂਤ ਰਹੇਗਾ ਅਤੇ ਸਰਕਾਰ ਵੀ ਆਪਣਾ ਸਮਾਂ ਵਧੀਆ ਤਰੀਕੇ ਨਾਲ ਪਾਰ ਕਰ ਲਵੇਗੀ। ਸਟੇਜ ਜੀ ਕਾਰਵਾਈ ਸੁੱਚਾ ਸਿੰਘ ਜੰਡੋਲੀ ਵਲੋਂ ਨਿਭਾਈ,ਆਏ ਸਾਥੀਆਂ ਲਈ ਚਾਹ ਪਾਣੀ ਦਾ ਬਹੁਤ ਵਧੀਆ ਪ੍ਰਬੰਧ ਕੀਤਾ ਹੋਇਆ ਸੀ ਅੰਤ ਵਿੱਚ ਸਾਥੀ ਕ੍ਰਿਸ਼ਨ ਕੁਮਾਰ ਪ੍ਰਧਾਨ ਅਤੇ ਸਾਥੀ ਰਾਮ ਰਤਨ ਜੀ ਵੱਲੋਂ ਆਏ ਸਾਥੀਆਂ ਦਾ ਧੰਨਵਾਦ ਕੀਤਾ ਗਿਆ।

ਬਿਜਲੀ ਦੇ ਬਿੱਲ ਨਾ ਭਰਨ ਵਿਰੁੱਧ ਪੰਜਾਬ ਭਰ 'ਚ ਵੱਡੀ ਕਾਰਵਾਈ ਸ਼ੁਰੂ

10 ਦਿਨਾਂ 'ਚ 13000 ਡਿਫਾਲਟਰ ਖਪਤਕਾਰਾਂ ਦੇ ਬਿਜਲੀ ਕੁਨੈਕਸ਼ਨ ਕੱਟੇ

ਪਟਿਆਲਾ (ਰਾਜਿੰਦਰ ਸਿੰਘ ਬਿੰਦ)-ਬਿਜਲੀ ਦੇ ਬਿੱਲ ਨਾ ਭਰਨ ਵਾਲਿਆਂ ਵਿਰੁੱਧ ਵਿਭਾਗ ਸਖ਼ਤ ਕਾਰਵਾਈ ਕਰਨੀ ਸ਼ੁਰੂ ਕਰ ਦਿੱਤੀ ਹੈ। ਵਿਭਾਗ ਨੇ ਪਹਿਲਾਂ ਹੀ ਡਿਫਾਲਟਰਾਂ ਨੂੰ ਚੇਤਾਵਨੀ ਦਿੱਤੀ ਸੀ ਕਿ ਜਿਨ੍ਹਾਂ ਦੇ ਬਿੱਲ ਬਕਾਇਆ ਹਨ, ਉਹ ਸਮੇਂ ਸਿਰ ਆਪਣੇ ਬਿੱਲਾਂ ਦਾ ਭੁਗਤਾਨ ਕਰਨ। ਦੂਜੇ ਪਾਸੇ, ਪੰਜਾਬ ਸੂਬਾ ਬਿਜਲੀ ਨਿਗਮ ਸਬ-ਡਵੀਜ਼ਨ ਦਫ਼ਤਰ, ਭਾਦਸੋਂ ਦੇ ਸਹਾਇਕ ਕਾਰਜਕਾਰੀ ਇੰਜੀਨੀਅਰ ਧਰਮਪਾਲ ਸਿੰਘ ਨੇ ਕਿਹਾ ਕਿ ਜਿਨ੍ਹਾਂ ਖਪਤਕਾਰਾਂ ਦੇ ਬਿਜਲੀ ਬਿੱਲ ਬਕਾਇਆ ਹਨ, ਉਨ੍ਹਾਂ ਦਾ ਜਲਦੀ ਤੋਂ ਜਲਦੀ ਭੁਗਤਾਨ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਜੇਕਰ ਸਮੇਂ ਸਿਰ ਭੁਗਤਾਨ ਨਹੀਂ ਕੀਤਾ ਗਿਆ ਤਾਂ ਉਨ੍ਹਾਂ ਦੇ ਬਿਜਲੀ ਕੁਨੈਕਸ਼ਨ ਕੱਟੇ ਜਾਣਗੇ। ਪੰਜਾਬ ਸੂਬਾ ਬਿਜਲੀ ਨਿਗਮ ਲਿਮਟਿਡ ਦੇ ਅਧਿਕਾਰੀਆਂ ਵੱਲੋਂ ਵਿਭਾਗ ਦੇ ਡਿਫਾਲਟਰ ਖਪਤਕਾਰਾਂ ਵਿਰੁੱਧ ਕੀਤੀ ਜਾ ਰਹੀ ਕਾਰਵਾਈ ਜਾਰੀ ਹੈ। ਲੰਬੇ ਸਮੇਂ ਤੋਂ ਬਕਾਇਆ ਬਿਜਲੀ ਬਿੱਲਾਂ ਦੀ ਵਸੂਲੀ ਲਈ, ਵਿਭਾਗੀ ਅਧਿਕਾਰੀਆਂ ਤੇ ਕਰਮਚਾਰੀਆਂ ਦੀਆਂ ਵੱਖ-ਵੱਖ ਟੀਮਾਂ ਨੇ ਪੰਜਾਬ ਅਤੇ ਲੁਧਿਆਣਾ ਸ਼ਹਿਰ ਦੀਆਂ 9 ਵੱਖ-ਵੱਖ ਡਵੀਜ਼ਨਾਂ ਤੋਂ ਸਿਰਫ਼ 10 ਦਿਨਾਂ 'ਚ 13000 ਡਿਫਾਲਟਰ ਖਪਤਕਾਰਾਂ ਦੇ ਬਿਜਲੀ ਕੁਨੈਕਸ਼ਨ ਕੱਟਣ ਦਾ ਰਿਕਾਰਡ ਬਣਾਇਆ ਹੈ, ਜਿਸ ਨਾਲ 50.42 ਕਰੋੜ ਰੁਪਏ ਦੀ ਵੱਡੀ ਰਕਮ ਵਸੂਲੀ ਗਈ ਹੈ।ਇੱਥੇ ਇਹ ਦੱਸਣਾ ਜ਼ਰੂਰੀ ਹੈ ਕਿ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਓ ਡੀ ਪੀ ਐਸ, ਸੀ ਐਮ ਡੀ ਤੇ ਡਾਇਰੈਕਟਰ, ਪੰਜਾਬ ਸੂਬਾ ਬਿਜਲੀ ਨਿਗਮ ਦੀਆਂ ਹਦਾਇਤਾਂ 'ਤੇ ਪਾਵਰਕਾਮ ਵਿਭਾਗ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਦੀਆਂ ਟੀਮਾਂ ਬਿਜਲੀ ਵਿਭਾਗ ਦੇ ਡਿਫਾਲਟ ਖਪਤਕਾਰਾਂ 'ਤੇ ਸ਼ਿਕੰਜਾ ਕੱਸਣ ਲਈ ਸੜਕਾਂ 'ਤੇ ਉਤਰੀਆਂ ਤੇ ਉਨ੍ਹਾਂ ਦੇ ਸਬੰਧਤ ਅਧਿਕਾਰ ਖੇਤਰਾਂ 'ਚ ਡਿਫਾਲਟ ਖਪਤਕਾਰਾਂ ਦੀ ਸੂਚੀ ਤਿਆਰ ਕਰਕੇ ਤੇ ਸਬੰਧਤ ਖਪਤਕਾਰਾਂ ਨੂੰ ਉਨ੍ਹਾਂ ਦੇ ਬਕਾਇਆ ਬਿਜਲੀ ਬਿੱਲਾਂ ਦਾ ਭੁਗਤਾਨ ਕਰਨ ਲਈ ਜਾਗਰੂਕ ਕਰਕੇ ਕਰੋੜਾਂ ਰੁਪਏ ਸਰਕਾਰੀ ਖਜ਼ਾਨੇ 'ਚ ਜਮ੍ਹਾਂ ਕਰਵਾਏ ਗਏ।

ਸਰਹਿੰਦ 'ਚ ਹੋਏ ਕਤਲ ਦੇ 4 ਮੁਲਜ਼ਮਾਂ ਨੂੰ ਪੁਲਸ ਨੇ ਕੀਤਾ ਕਾਬੂ

ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਜ਼ਿਲ੍ਹਾ ਪੁਲਿਸ ਵੱਲੋਂ ਸਮਾਜ ਵਿਰੋਧੀ ਅਨਸਰਾਂ ਵਿਰੁੱਧ ਚਲਾਈ ਜਾ ਰਹੀ ਮੁਹਿਮ ਤਹਿਤ ਸਰਹਿੰਦ ਵਿਖੇ 02 ਮਾਰਚ ਨੂੰ ਹੋਏ ਕਤਲ ਵਿੱਚ ਸ਼ਾਮਲ 04 ਕਥਿਤ ਦੋਸ਼ੀਆਂ ਨੂੰ ਪੁਲਿਸ ਵੱਲੋਂ ਕਾਬੂ ਕਰ ਲਿਆ ਗਿਆ ਹੈ। ਇਹ ਜਾਣਕਾਰੀ ਜ਼ਿਲ੍ਹਾ ਪੁਲਿਸ ਮੁਖੀ ਸ਼੍ਰੀ ਸ਼ੁਭਮ ਅਗਰਵਾਲ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਦਿੱਤੀ।ਜ਼ਿਲ੍ਹਾ ਪੁਲਿਸ ਮੁਖੀ ਨ ਦੱਸਿਆ ਕਿ ਮਿਤੀ 2 ਮਾਰਚ ਨੂੰ ਥਾਣਾ ਸਰਹਿੰਦ ਵਿਖੇ ਸੂਚਨਾ ਮਿਲੀ ਸੀ ਕਿ ਹਰਦੀਪ ਸਿੰਘ ਉਰਫ ਦੀਪੀ ਵਾਸੀ ਪਿੰਡ ਮੀਰਪੁਰ ਥਾਣਾ ਸਰਹਿੰਦ ਨੂੰ ਕੁਝ ਵਿਅਕਤੀਆਂ ਨੇ ਕੁੱਟ ਮਾਰ ਕਰਕੇ ਕਤਲ ਕਰ ਦਿੱਤਾ ਹੈ। ਕਾਰਵਾਈ ਕਰਦਿਆਂ ਮੁੱਖ ਥਾਣਾ ਅਫਸਰ ਸਰਹਿੰਦ ਇੰਸਪੈਕਟਰ ਸੰਦੀਪ ਸਿੰਘ ਨੇ ਥਾਣਾ ਸਰਹਿੰਦ ਵਿਖੇ ਮੁਕੱਦਮਾ ਦਰਜ ਕਰਕੇ ਜਸਵੀਰ ਸਿੰਘ ਉਰਫ ਬੰਟੀ, ਹੁਸ਼ਨਪ੍ਰੀਤ ਸਿੰਘ ਉਰਫ ਹੁਸ਼ਨ ਵਾਸੀ ਪਿੰਡ ਮੀਰਪੁਰ ਸਮੇਤ ਤਿੰਨ ਨਾਮਾਲੂਮ ਵਿਅਕਤੀਆਂ ਬਾਰੇ ਜਾਂਚ ਸ਼ੁਰੂ ਕੀਤੀ ਗਈ ਸੀ। ਸ਼੍ਰੀ ਸ਼ੁਭਮ ਅਗਰਵਾਲ ਨੇ ਦੱਸਿਆ ਕਿ ਸੰਗੀਨ ਅਪਰਾਧਾਂ ਬਾਰੇ ਜਾਰੀ ਦਿਸ਼ਾ ਨਿਰਦੇਸ਼ਾਂ ਤਹਿਤ ਡੀ ਐਸ ਪੀ ਫ਼ਤਹਿਗੜ੍ਹ ਸਾਹਿਬ ਸ਼੍ਰੀ ਸੁਖਨਾਜ਼ ਸਿੰਘ ਦੀ ਅਗਵਾਈ ਹੇਠ ਇੰਸਪੈਕਟਰ ਸੰਦੀਪ ਸਿੰਘ ਵੱਲੋਂ ਤਕਨੀਕੀ ਜਾਂਚ ਦੇ ਆਧਾਰ 'ਤੇ ਮਿਤੀ 04 ਮਾਰਚ ਨੂੰ ਉਕਤ ਮੁਕੱਦਮੇ ਦੇ ਕਥਿਤ ਦੋਸ਼ੀਆਂ ਜਸਵੀਰ ਸਿੰਘ ਉਰਫ ਬੰਟੀ ਵਾਸੀ ਮੀਰਪੁਰ, ਸ਼ਿਵ ਸ਼ੰਕਰ ਉਰਫ ਸ਼ੰਕਰ ਵਾਸੀ ਪਿੰਡ ਬਧੌਛੀ ਕਲਾਂ ਥਾਣਾ ਮੂਲੇਪੁਰ ਅਤੇ ਗੁਰਪ੍ਰੀਤ ਸਿੰਘ ਉਰਫ ਕਾਕਾ ਵਾਸੀ ਪਿੰਡ ਜਲਵੇੜਾ ਨੂੰ ਫਲੋਟਿੰਗ ਰੈਸਟੋਰੈਂਟ ਭਾਖੜਾ ਨਹਿਰ ਪਾਸੋਂ ਗ੍ਰਿਫਤਾਰ ਕਰਕੇ ਉਨ੍ਹਾਂ ਵੱਲੋਂ ਕਤਲ ਵਿੱਚ ਵਰਤੇ ਗਏ ਹਥਿਆਰਾਂ ਨੂੰ ਬਰਾਮਦ ਕੀਤਾ ਹੈ।ਉਨ੍ਹਾਂ ਹੋਰ ਦੱਸਿਆ ਕਿ ਮਿਤੀ 5 ਮਾਰਚ ਨੂੰ ਇਸੇ ਮੁਕੱਦਮੇ ਵਿੱਚ ਕਥਿਤ ਦੋਸ਼ੀ ਕੁਲਜੀਤ ਸਿੰਘ ਉਰਫ ਸਨੀ ਵਾਸੀ ਪਿੰਡ ਅਲੀਪੁਰ ਸੋਢੀਆਂ ਥਾਣਾ ਸਰਹਿੰਦ ਨੂੰ ਸੌਢਾ ਹੈਂਡ ਨੇੜੇ ਪਿੰਡ ਮੰਡੌਰ ਤੋਂ ਗ੍ਰਿਫਤਾਰ ਕਰਕੇ ਉਸ ਪਾਸੋਂ ਕਤਲ ਵਿੱਚ ਵਰਤਿਆ ਹਥਿਆਰ ਬਰਾਮਦ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਮੁਕੱਦਮੇ ਵਿੱਚ ਜਾਂਚ ਜਾਰੀ ਹੈ। ਕਥਿਤ ਦੋਸ਼ੀ ਹੁਸਨਪ੍ਰੀਤ ਸਿੰਘ ਉਰਫ ਹੁਸਨ ਵਾਸੀ ਪਿੰਡ ਮੀਰਪੁਰ ਦੀ ਗ੍ਰਿਫਤਾਰੀ ਬਾਕੀ ਹੈ। ਜ਼ਿਲ੍ਹਾ ਪੁਲਿਸ ਮੁਖੀ ਨੇ ਦੱਸਿਆ ਕਿ ਮੁਢਲੀ ਜਾਂਚ ਵਿੱਚ ਇਹ ਸਾਹਮਣੇ ਆਇਆ ਹੈ ਕਿ ਪਿੰਡ ਮੀਰਪੁਰ ਵਿਖੇ ਮ੍ਰਿਤਕ ਹਰਦੀਪ ਸਿੰਘ ਉਰਫ ਦੀਪੀ ਦੇ ਪਿਤਾ ਦੀ ਭੂਆ ਮਾਇਆ ਪਤਨੀ ਹਰਜਿੰਦਰ ਸਿੰਘ ਵਾਸੀ ਪਿੰਡ ਖੇੜਾ ਜ਼ਿਲ੍ਹਾ ਪਟਿਆਲਾ ਦਾ ਇੱਕ ਪਲਾਟ ਹੈ, ਜਿਸ ਕਰਕੇ ਦੋਵੇਂ ਧਿਰਾਂ ਦਾ ਆਪਸ ਵਿੱਚ ਲੜਾਈ ਝਗੜਾ ਹੈ।ਮ੍ਰਿਤਕ ਹਰਦੀਪ ਸਿੰਘ ਅਤੇ ਕਥਿਤ ਦੋਸ਼ੀ ਜਸਵੀਰ ਸਿੰਘ ਬੰਟੀ ਆਪਸ ਵਿੱਚ ਚਾਚਾ ਭਤੀਜਾ ਹਨ।ਉਨ੍ਹਾਂ ਦੱਸਿਆ ਕਿ ਕਾਬੂ ਕੀਤੇ ਗਏ ਕਥਿਤ ਦੋਸ਼ੀਆਂ ਪਾਸੋਂ ਇੱਕ ਲੋਹੇ ਦੀ ਕੁਹਾੜੀ, ਇੱਕ ਲੋਹੇ ਦੀ ਕਿਰਚ, ਲੋਹੇ ਦਾ ਦਾਤ, ਕਿਰਪਾਨ, ਸਪਲੈਂਡਰ ਮੋਟਰ ਸਾਇਕਲ ਨੰਬਰ ਪੀ.ਬੀ.-23-ਏ.ਬੀ.2241, ਸਪੈਂਲਡਰ ਮੋਟਰ ਸਾਇਕਲ ਨੰਬਰ ਪੀ.ਬੀ.-23ਵੀ-7379 ਬਰਾਮਦ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਕਥਿਤ ਦੋਸ਼ੀ ਜਸਵੀਰ ਸਿੰਘ ਉਰਫ ਬੰਟੀ ਅਤੇ ਗੁਰਪ੍ਰੀਤ ਸਿੰਘ ਉਰਫ ਕਾਕਾ ਵਿਰੁੱਧ ਪਹਿਲਾਂ ਵੀ ਸਰਹਿੰਦ ਤੇ ਖਮਾਣੋਂ ਵਿਖੇ ਮੁਕੱਦਮੇ ਦਰਜ ਹਨ।

ਕਾਰ ਤੇ ਟਰਾਲੇ ਦੀ ਟੱਕਰ, ਮਾਮਲਾ ਦਰਜ

ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)-ਫ਼ਾਜ਼ਿਲਕਾ ਜੀਟੀ ਰੋਡ ਪਾਸ ਬਣੀ ਤਿਕੋਣੀ ਕਿਲੇ ਵਾਲਾ ਚੌਕ ਕੈਂਟ ਫਿਰੋਜ਼ਪੁਰ ਵਿਖੇ ਕਾਰ ਤੇ ਟਰਾਲੇ ਦੀ ਟੱਕਰ ਵਿਚ ਕਾਰ ਦੇ ਨੁਕਸਾਨੇ ਜਾਣ ਦੀ ਖਬਰ ਮਿਲੀ ਹੈ। ਇਸ ਸਬੰਧ ਵਿੱਚ ਥਾਣਾ ਕੈਂਟ ਫ਼ਿਰੋਜ਼ਪੁਰ ਪੁਲਸ ਨੇ ਟਰੱਕ ਟਰਾਲੇ ਖਿਲਾਫ 281, 125 (ਏ), 324 (4), 5 ਬੀਐੱਨਐੱਸ ਤਹਿਤ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿਚ ਜੈਸਮਿਨ ਰਾਣਾ ਪਤਨੀ ਕਰਨਲ ਊਦੇ ਸਿੰਘ ਰਾਣਾ ਐੱਸਐੱਮ 5-52 ਵਿਕਾਸ ਨਗਰ ਪੱਖੋਵਾਲ ਰੋਡ ਲੁਧਿਆਣਾ ਹਾਲ ਐੱਨਪੀ 26 ਸਿੰਘ-4 ਮਾਲ ਰੋਡ ਕੈਂਟ ਫ਼ਿਰੋਜ਼ਪੁਰ ਨੇ ਦੱਸਿਆ ਕਿ ਉਹ ਆਪਣੇ ਲੜਕੇ ਸ਼ੌਰਿਆ ਉਮਰ ਕਰੀਬ 10 ਸਾਲ ਨੂੰ ਦਾਸ ਐਂਡ ਬਰਾਊਨ ਸਕੂਲ ਵਿਖੇ ਛੱਡਣ ਲਈ ਆਪਣੀ ਕਾਰ ਸਿਟੀ ਹੌਂਡਾ 'ਤੇ ਜਾ ਰਹੀ ਸੀ ਤੇ ਕਾਰ ਦੀ ਪਿਛਲੀ ਸੀਟ 'ਤੇ ਉਸ ਦਾ ਪਿਤਾ ਪ੍ਰਦੀਪ ਸਿੰਘ ਤੇ ਮਾਤਾ ਬਲਜੀਤ ਕੌਰ ਬੈਠੇ ਹੋਏ ਸਨ। ਜਦ ਉਹ ਤਿਕੋਣੀ ਕਿਲੇ ਵਾਲਾ ਚੌਕ ਕੋਲ ਪੁੱਜੇ ਤਾਂ ਦੋਸ਼ੀ ਗੁਰਪ੍ਰੀਤ ਕੰਬੋਜ ਪੁੱਤਰ ਜਗਤਾਰ ਚੰਦ ਵਾਸੀ ਚੱਕ ਅਮੀਰ ਅਰਾਈਆਂ ਥਾਣਾ ਅਮੀਰ ਖਾਸ ਜ਼ਿਲ੍ਹਾ ਫ਼ਾਜ਼ਿਲਕਾ ਨੇ ਆਪਣਾ ਟਰਾਲਾ ਤੇਜ਼ ਰਫ਼ਤਾਰ ਨਾਲ ਲਿਆ ਕੇ ਉਨ੍ਹਾਂ ਦੀ ਕਾਰ ਦੇ ਪਿਛਲੇ ਪਾਸਿਓਂ ਮਾਰਿਆ। ਇਸ ਹਾਦਸੇ ਵਿਚ ਉਨ੍ਹਾਂ ਦਾ ਬਚਾਅ ਹੋ ਗਿਆ ਤੇ ਕਾਰ ਦਾ ਕਾਫੀ ਨੁਕਸਾਨ ਹੋ ਗਿਆ।

ਦੋਸ਼ੀ ਨੇ ਆਪਣੀ ਗ਼ਲਤੀ ਮੰਨਦੇ ਹੋਏ ਕਾਰ ਦੇ ਨੁਕਸਾਨ ਦੀ ਭਰਪਾਈ ਦਾ ਲਿਖਤੀ ਰਾਜ਼ੀਨਾਮਾ ਕੀਤਾ, ਜੋ ਹੁਣ ਕਾਰ ਦੇ ਨੁਕਸਾਨ ਦੀ ਭਰਪਾਈ ਤੋਂ ਮੁਕਰ ਰਿਹਾ ਹੈ। ਇਸ ਮਾਮਲੇ ਦੀ ਪੜਤਾਲ ਕਰ ਰਹੇ ਸਹਾਇਕ ਥਾਣੇਦਾਰ ਵਿਨੋਦ ਕੁਮਾਰ ਨੇ ਦੱਸਿਆ ਕਿ ਪਲਿਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਉਕਤ ਟਰਾਲੇ ਚਾਲਕ ਖਿਲਾਫ਼ ਮਾਮਲਾ ਦਰਜ ਕਰ ਲਿਆ ਗਿਆ ਹੈ।

ਕਾਤਰਾਂ

ਸ੍ਰੀ ਬਾਲਾ ਜੀ ਮੰਦਰ ਵਿਖੇ ਸ੍ਰੀ ਭਗਤਮਾਲਾ ਕਥਾ 10 ਤੋਂ

ਧੂਰੀ (ਬਿੰਨੀ ਗਰਗ, ਮੋਹਿਤ ਗਰਗ)-ਸ੍ਰੀ ਬਾਲਾ ਜੀ ਨਿਸ਼ਕਾਮ ਸੇਵਾ ਸੰਮਤੀ (ਰਜਿ:) ਦੇ ਪ੍ਰਧਾਨ ਆਸ਼ੂਤੋਸ਼ ਬਾਂਸਲ, ਚੇਅਰਮੈਨ ਅਸ਼ੋਕ ਗੋਇਲ, ਜਨਰਲ ਸਕੱਤਰ ਸੁਨੀਲ ਬਾਂਸਲ ਅਤੇ ਕੈਸ਼ੀਅਰ ਤਰਸੇਮ ਮਿੱਤਲ ਨੇ ਦੱਸਿਆ ਕਿ ਸ੍ਰੀ ਟਕਾਟਕ ਇੱਛਾਪੂਰਨ ਬਾਲਾ ਜੀ ਮੰਦਿਰ ਵਿਖੇ 10 ਮਾਰਚ ਤੋਂ 14 ਮਾਰਚ ਤੱਕ ਸ਼ਾਮ 7 ਵਜੇ ਤੋ ਰਾਤ 10 ਵਜੇ ਤੱਕ ਸ੍ਰੀ ਭਗਤਮਾਲਾ ਕਥਾ ਕਰਾਈ ਜਾ ਰਹੀ ਹੈ, ਜਿਸ ਵਿੱਚ ਕਥਾ ਵਾਚਕ ਅਚਾਰਿਆ ਪੰਕਜ ਸ਼ਰਮਾ ਸ਼ਰਧਾਲੂਆਂ ਨੂੰ ਪ੍ਰਵਚਨਾਂ ਤੇ ਕਥਾ ਨਾਲ ਨਿਹਾਲ ਕਰਨਗੇ।ਉਨ੍ਹਾਂ ਅੱਗੇ ਦੱਸਿਆ ਕਿ 10 ਮਾਰਚ ਨੂੰ ਕਲਸ਼ ਅਤੇ ਧਵਜ ਯਾਤਰਾ ਸਵੇਰੇ 10 ਵਜੇ ਸ਼ਹਿਰ ਦੀ ਸੰਗਰੂਰ ਵਾਲੀ ਕੋਠੀ ਤੋਂ ਸ਼ੁਰੂ ਕਰਕੇ ਸ਼ਹਿਰ ਦੇ ਵੱਖ ਵੱਖ ਬਜ਼ਾਰਾਂ ਵਿੱਚੋਂ ਕੱਢੀ ਜਾਵੇਗੀ, ਜੋ ਵਾਪਸ ਸ੍ਰੀ ਬਾਲਾ ਜੀ ਮੰਦਿਰ ਵਿਖੇ ਸਮਾਪਤ ਹੋਵੇਗੀ।

ਕਤਲ ਦੇ ਦੋਸ਼ 'ਚ 2 ਵਿਅਕਤੀਆਂ ਵਿਰੁੱਧ ਪਰਚਾ

ਜਲਾਲਾਬਾਦ (ਜੀਤ ਕੁਮਾਰ)-ਪਿੰਡ ਬਾਹਮਣੀ ਵਿਖੇ ਇਕ ਵਿਅਕਤੀ ਦਾ ਕਤਲ ਹੋ ਜਾਣ 'ਤੇ ਥਾਣਾ ਵੈਰੋਕੇ ਦੀ ਪੁਲਸ ਵੱਲੋਂ 2 ਵਿਅਕਤੀਆਂ ਦੇ ਖਿਲਾਫ ਪਰਚਾ ਦਰਜ ਕਰਕੇ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ। ਜਾਂਚ ਅਧਿਕਾਰੀ ਦਵਿੰਦਰ ਸਿੰਘ ਨੇ ਦੱਸਿਆ ਕਿ ਸ਼ਿਕਾਇਤਕਰਤਾ ਹਰਦਿਆਲ ਸਿੰਘ ਪੁੱਤਰ ਜੰਗੀਰ ਸਿੰਘ ਵਾਸੀ ਪਿੰਡ ਬਾਹਮਣੀਵਾਲਾ ਦੁਆਰਾ ਪੁਲਸ ਕੋਲ ਬਿਆਨ ਦਰਜ ਕਰਾਏ ਗਏ ਹਨ ਕਿ ਅਮਰਜੀਤ ਸਿੰਘ ਤੇ ਕਰਮਜੀਤ ਸਿੰਘ ਪੁੱਤਰ ਇੰਦਰ ਵਾਸੀਆਨ ਬਾਹਮਣੀ ਵਾਲਾ ਨੇ 4-3-2025 ਨੂੰ ਗੁਰਸ਼ਰਨ ਸਿੰਘ ਪੁੱਤਰ ਜੰਗੀਰ ਸਿੰਘ ਵਾਸੀ ਬਾਹਮਣੀਵਾਲਾ ਦਾ ਕਤਲ ਕਰਕੇ ਲਾਸ਼ ਨੂੰ ਐਕਟਿਵਾ 'ਤੇ ਲੱਦ ਕੇ ਬਰਕਤ ਵਾਹ ਮਾਈਨਰ ਬਾਹਮਣੀਵਾਲਾ ਤੇ ਸੁੱਟ ਦਿੱਤਾ ਗਿਆ, ਜਿਸ 'ਤੇ ਮੁਦੱਈ ਹਰਦਿਆਲ ਸਿੰਘ ਦੇ ਬਿਆਨਾਂ ਦੇ ਅਧਾਰ ਤੇ ਅਮਰਜੀਤ ਸਿੰਘ ਅਤੇ ਕਰਮਜੀਤ ਸਿੰਘ ਦੇ ਖਿਲਾਫ ਮਿਤੀ 05-03-2025 ਨੂੰ ਧਾਰਾ 103,3(5) ਬੀ.ਐਨ.ਐਸ. ਤਹਿਤ ਥਾਣਾ ਵੈਰੋਕੇ ਵਿਖੇ ਮੁਕੱਦਮਾ ਨੰਬਰ 18 ਦਰਜ ਕੀਤਾ ਗਿਆ ਹੈ।

ਮਾਤਾ ਬਲਜੀਤ ਕੌਰ ਧਾਲੀਵਾਲ ਨਮਿੱਤ ਪਾਠ ਦਾ ਭੋਗ 9 ਨ

7- March - Page - 6.qxd 3/6/2025 11:20 PM Page 1

ਬਾਵਾ ਸੁਜਿੰਦਰ ਸਿੰਘ ਲਾਲੀ ਦੀ ਯਾਦ 'ਚ ਤਿੰਨ ਰੋਜ਼ਾ ਫੁੱਟਬਾਲ ਟੂਰਨਾਮੈਂਟ ਦੀ ਸ਼ੁਰੂਆਤ

ਸ੍ਰੀ ਗੋਇੰਦਵਾਲ ਸਾਹਿਬ (ਕਾਬਲ ਸਿੰਘ ਮੱਲ੍ਹੀ)-ਕਸਬਾ ਗੋਇੰਦਵਾਲ ਸਾਹਿਬ ਦੀ ਮਹਾਨ ਸ਼ਖ਼ਸੀਅਤ ਬਾਵਾ ਸੁਜਿੰਦਰ ਸਿੰਘ ਲਾਲੀ ਦੀ ਯਾਦ ਵਿੱਚ ਪਹਿਲੇ ਤਿੰਨ ਰੋਜ਼ਾ ਫੁੱਟਬਾਲ ਟੂਰਨਾਮੈਂਟ ਦੀ ਅੱਜ ਸ਼ੁਰੂਆਤ ਹੋਈ। ਇਸ ਮੌਕੇ ਉਹਨਾਂ ਦੇ ਸਪੁੱਤਰ ਬਾਵਾ ਹਰਪ੍ਰੀਤ ਸਿੰਘ ਮਿੰਨਾ ਨੇ ਦੱਸਿਆ ਕਿ ਇਹ ਸਾਲਾਨਾ ਫੁੱਟਬਾਲ ਟੂਰਨਾਮੈਂਟ ਹਰ ਸਾਲ ਸਾਡੇ ਸਤਿਕਾਰਯੋਗ ਪਿਤਾ ਸਵ: ਬਾਵਾ ਸੁਜਿੰਦਰ ਸਿੰਘ ਲਾਲੀ ਦੀ ਯਾਦ ਵਿੱਚ ਕਰਵਾਇਆ ਜਾਵੇਗਾ। ਉਹਨਾਂ ਦੱਸਿਆ ਕਿ ਤਿੰਨ ਦਿਨ ਚੱਲਣ ਵਾਲੇ ਇਸ ਟੂਰਨਾਮੈਂਟ ਵਿੱਚ ਕੁੱਲ 32 ਟੀਮਾਂ ਭਾਗ ਲੈ ਰਹੀਆਂ ਹਨ। ਉਹਨਾਂ ਦੇ ਛੋਟੇ ਪੁੱਤਰ ਬਾਵਾ ਗੁਰਮੁਖ ਸਿੰਘ ਗੁਰੀ ਨੇ ਦੱਸਿਆ ਕਿ ਇਸ ਟੂਰਨਾਮੈਂਟ ਦੌਰਾਨ ਜੇਤੂ ਅਤੇ ਉਪ ਜੇਤੂ ਟੀਮ ਨੂੰ ਨਗਦ ਇਨਾਮ ਦੇ ਨਾਲ-ਨਾਲ ਜੇਤੂ ਕੱਪ ਨਾਲ ਸਨਮਾਨਤ ਕੀਤਾ ਜਾਵੇਗਾ ਅਤੇ ਟੂਰਨਾਮੈਂਟ ਦੇ ਫਾਈਨਲ ਮੁਕਾਬਲਿਆਂ ਉਪਰੰਤ ਅਖੀਰ ਵਿੱਚ ਕਬੱਡੀ ਦੇ ਰੌਚਕ ਮੁਕਾਬਲੇ ਵੀ ਕਰਵਾਏ ਜਾਣਗੇ। ਇਸ ਮੌਕੇ ਫੁੱਟਬਾਲ ਟੂਰਨਾਮੈਂਟ ਦੀ ਸ਼ੁਰੂਆਤ ਕਰਨ ਲਈ ਬਾਬਾ ਸੁਜਿੰਦਰ ਸਿੰਘ ਲਾਲੀ ਦੇ ਭਰਾਤਾ ਐਡਵੋਕੇਟ ਬਾਵਾ ਜੋਗਿੰਦਰ ਸਿੰਘ, ਪ੍ਰਧਾਨ ਫਤਿਹ ਸਿੰਘ ਬਾਠ, ਪ੍ਰਦੀਪ ਕੁਮਾਰ ਚੋਪੜਾ, ਰਣਜੀਤ ਸਿੰਘ ਭੁੱਲਰ, ਸਰਪੰਚ ਜਸਵੰਤ ਸਿੰਘ ਧੂੰਦਾ, ਡਾਕਟਰ ਮਨਜੀਤ ਸਿੰਘ ਮੱਲ੍ਹੀ, ਹਰਵਿੰਦਰ ਸਿੰਘ ਧੰਜੂ, ਜਤਿੰਦਰਜੀਤ ਸਿੰਘ ਬੱਬੀ, ਸੁਖਬੀਰ ਸਿੰਘ, ਦਿਲਬਾਗ ਸਿੰਘ ਤੁੜ, ਬਲਬੀਰ ਚੰਦ, ਗੁਰਮੇਜ ਸਿੰਘ ਡੀਸੀ, ਸਰਪੰਚ ਰਾਜਵਿੰਦਰ ਸਿੰਘ, ਸੁਰਜੀਤ ਇੱਲੀ, ਹਰਪਾਲ ਸਿੰਘ ਬੀ ਐਚ ਈ ਐਲ, ਮੰਗਲ ਸਿੰਘ ਰੰਧਾਵਾ, ਲਾਡੀ, ਹਰਵਿੰਦਰ ਸਿੰਘ ਧੰਜੂ ਬਾਠ, ਹਰਦੇਵ ਸਿੰਘ ਮੱਲ੍ਹੀ, ਮਨੀ ਖੁਰਾਣਾ, ਰਿੰਕੂ ਟੀਵੀ ਸੈਂਟਰ, ਗੁਰਪ੍ਰੀਤ ਸਿੰਘ ਕਮਲ ਲੈਬ, ਮਾਸਟਰ ਗੁਰਦੇਵ ਸਿੰਘ, ਬਿੱਕਾ ਲਹੌਰੀਆ ਆਦਿ ਹਾਜ਼ਰ ਸਨ।

ਕੈਪੀਟੋਲ ਹਸਪਤਾਲ ਜਲੰਧਰ

ਨੋਟਿਸ

ਹਸਪਤਾਲ ਦੇ ਪੁਰਾਣੇ ਮਰੀਜ਼ਾਂ ਦੇ ਰਿਕਾਰਡ ਨੂੰ ਨਸ਼ਟ ਕਰਨ ਲਈ ਕੈਪੀਟੋਲ ਹਸਪਤਾਲ ਦੀ ਨੀਤੀ ਅਨੁਸਾਰ ਮਿਤੀ 01 ਜਨਵਰੀ 2014 ਤੋਂ 31 ਦਸੰਬਰ 2015 ਤੱਕ ਦੇ ਅਰਸੇ ਲਈ ਹਸਪਤਾਲ ਦੇ ਮਰੀਜ਼ਾਂ ਦੇ ਰਿਕਾਰਡ ਦੀਆਂ ਫਾਈਲਾਂ ਨੂੰ ਨਸ਼ਟ ਕਰ ਦਿੱਤਾ ਜਾਵੇਗਾ। ਉਪਰੋਕਤ ਅਰਸੇ ਦੀਆਂ ਆਈ ਪੀ ਡੀ ਫਾਈਲਾਂ ਦੀ ਮੰਗ ਜਾਂ ਪੁੱਛਗਿੱਛ ਲਈ ਇਸ ਨੋਟਿਸ ਦੀ ਪ੍ਰਕਾਸ਼ਨਾ ਦੇ 15 ਦਿਨਾਂ ਦੇ ਅੰਦਰ-ਅੰਦਰ ਕੈਪੀਟੋਲ ਹਸਪਤਾਲ ਦੇ ਮੈਡੀਕਲ ਰਿਕਾਰਡ ਵਿਭਾਗ ਦੇ ਨਾਲ ਸੰਪਰਕ ਕੀਤਾ ਜਾ ਸਕਦਾ ਹੈ। ਇਸ ਤੋਂ ਬਾਅਦ ਹਸਪਤਾਲ ਕਿਸੇ ਤਰ੍ਹਾਂ ਦੀ ਪੁਛਗਿਛ ਲਈ ਜ਼ਿੰਮੇਵਾਰ ਨਹੀਂ ਹੋਵੇਗਾ।

ਕੈਪੀਟੋਲ ਹਸਪਾਤਲ
ਪਠਾਨਕੋਟ ਰੋਡ, ਨੇੜੇ ਰੇਰੂ ਚੌਕ
ਜਲੰਧਰ (ਪੰਜਾਬ-144012)

COURT NOTICE

(U/o 5 Rule 20 CPC)
In the Court of
Barjinder Pal Singh
Principal Judge Family Court Kharar
CNR No. PBSAF2-001290-2021
Next Date 26.03.2025
Nidhi Sharma Vs.
Raj Sharma
Detail of offence :-
Notice To : Raj Sharma
Father : Bhura Lal R/o Vill. Kularian, Teh. Budlada, Mansa, Punjab.
In above titled case, the accused could not be served. It is ordered that accused should appear in person or through counsel on 26.03.2025 at 10:00 A.M.
For details logon to https://highcourtchd.gov.in/?mod=district_notice&district=mogacourt
Principal Judge Family Court Kharar
Dated this day of 28-02-2025

COURT NOTICE

(U/o 5 Rule 20 CPC)
In The Court of
Amit Malhan
Additional Principal Judge, Family Court, Amritsar
CNR No. PBAS01-019746-2024
Next Date : 30.04.2025
Poonampreet Kaur
Vs.
General Public
Publication Issued To :
:- General Public
2. Sukhdeep Singh S/o Surinder Singh R/o H. No. 121, Gali No. 1, Shaheed Udham Singh Nagar, Tarn Taran Road, Amritsar
In above titled case, the defendant(s)/ respondent(s) could not be served. It is ordered that defendant(s)/ respondant(s) should appear in person or through counsel on 30.04.2025 at 10:00 a.m.
For details logon to https://highcourtchd.gov.in/?trs=district_notice&district=Amritsar
Additional Principal Judge, Family Court, Amritsar
Dated this day of 04-03-2025

COURT NOTICE

(U/o 5 Rule 20 CPC)
In the Court of Sh. Balkar Singh
Civil Judge Junior Division-1, Nabha
CNR No. PBPTB0-000632-2024
Next Date :- 24-03-2025
Bir Singh
Vs.
Mahesh Inder Singh
The Plaintiff Prays for permanent Injunction against Defendant restraining them/him from illegally and forcibly dispossessing the plaintiff or cause any type of interference of damage.
Publication Issued to :
Bikramjit Singh
Father : Kuldeep Singh Village Chhanna Nathuwalian, Tehsil Nabha District Patiala.
In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 24.03.2025 at 10:00 a.m.
For details logon to https://highcourtchd.gov.in/?mod=district_notice&district=Patiala
Civil Judge Junior Division-1, Nabha
Dated, this day of 05.03.2025

ਪਬਲੀਕੇਸ਼ਨ ਨੋਟਿਸ

ਬਾ ਅਦਾਲਤ ਸ੍ਰੀ ਪਰਦੀਪ ਕੁਮਾਰ ਸਹਾਇਕ ਕੁਲੈਕਟਰ ਦਰਜਾ ਅੱਵਲ ਤਹਿਸੀਲਦਾਰ ਨਕੋਦਰ

ਮਿਸਲ ਨੰ: 32/ਟੀ/2024 ਵਾਕਿਆ ਰਕਬਾ : ਆਲੋਵਾਲ

1. ਸ੍ਰੀਮਤੀ ਨਿਰਲੇਪ ਸੋਹਲ ਪੁੱਤਰੀ ਮੇਜਰ ਪ੍ਰਕਾਸ਼ ਸਿੰਘ ਪੁੱਤਰ ਬਖਸ਼ੀਸ਼ ਸਿੰਘ ਹਾਲ ਪਤਨੀ ਕਮਲਜੀਤ ਸੋਹਲ ਪੁੱਤਰ ਅਮਰ ਸਿੰਘ 2. ਜਯੋਤੀ ਪ੍ਰਕਾਸ਼ ਪੁੱਤਰੀ ਮੇਜਰ ਪ੍ਰਕਾਸ਼ ਸਿੰਘ ਪੁੱਤਰ ਬਖਸ਼ੀਸ਼ ਸਿੰਘ 3. ਨਿਮਰਤਾ ਬਿਲ ਮੋਰੀਆ ਪੁੱਤਰੀ ਮੇਜਰ ਪ੍ਰਕਾਸ਼ ਸਿੰਘ ਪੁੱਤਰ ਬਖਸ਼ੀਸ਼ ਸਿੰਘ ਹਾਲ ਪਤਨੀ ਜੱਦੀ ਬਿਲ ਮੋਰੀਆ 4.ਆਲੋਪ ਪ੍ਰਕਾਸ਼ ਪੁੱਤਰੀ ਮੇਜਰ ਪ੍ਰਕਾਸ਼ ਸਿੰਘ ਪੁੱਤਰ ਬਖਸ਼ੀਸ਼ ਸਿੰਘ ਆਪ ਖੁਦ ਅਤੇ ਮੁਖਤਿਆਰ ਆਮ ਵੱਲੋਂ ਅਰਜ਼ੀ ਕਰਤਾ ਨੰ. 1, 2, 3 ਵਾਸੀਆਨ ਪਿੰਡ ਆਲੋਵਾਲ, ਤਹਿਸੀਲ ਨਕੋਦਰ, ਜ਼ਿਲ੍ਹਾ ਜਲੰਧਰ, ਹਾਲ ਵਾਸੀ ਨਿਊ ਜਵਾਹਰ ਨਗਰ, ਨੇੜੇ ਗੁਰੂ ਗੋਬਿੰਦ ਸਿੰਘ ਸਟੇਡੀਅਮ, ਜਲੰਧਰ। ਫਰੀਕੇਨ ਅੱਵਲ

ਬਨਾਮ

1. ਸ੍ਰੀਮਤੀ ਬਲਜੀਤ ਕੌਰ ਪੁੱਤਰੀ ਦਰਸ਼ਨ ਸਿੰਘ ਪੁੱਤਰ ਬਿਕਰਮ ਸਿੰਘ 2. ਅਵਤਾਰ ਸਿੰਘ ਪੁੱਤਰ ਬਿਕਰਮ ਸਿੰਘ ਪੁੱਤਰ ਘਈਆ ਸਿੰਘ 3. ਗੁਰਨਾਮ ਸਿੰਘ ਪੁੱਤਰ ਕਰਨੈਲ ਸਿੰਘ ਪੁੱਤਰ ਘਈਆ ਸਿੰਘ 4. ਗੁਰਪਾਲ ਸਿੰਘ ਪੁੱਤਰ ਕਰਨੈਲ ਸਿੰਘ ਪੁੱਤਰ ਘਈਆ ਸਿੰਘ 5. ਗੁਰਮੇਲ ਸਿੰਘ ਪੁੱਤਰ ਕਰਨੈਲ ਸਿੰਘ ਪੁੱਤਰ ਘਈਆ ਸਿੰਘ 6. ਬਲਜੀਤ ਕੌਰ 7. ਕੁਲਜੀਤ ਕੌਰ 8. ਕਮਲਜੀਤ ਕੌਰ ਪੁੱਤਰੀਆਂ ਜਤਨ ਸਿੰਘ ਪੁੱਤਰ ਭੋਲਾ ਸਿੰਘ 9. ਰਵਿੰਦਰ ਕੌਰ ਵਿਧਵਾ ਮਹਿੰਦਰ ਸਿੰਘ ਪੁੱਤਰ ਕਰਨੈਲ ਸਿੰਘ 10. ਰਮਨਜੀਤ ਸਿੰਘ 11. ਕਮਲਜੀਤ ਸਿੰਘ ਪੁੱਤਰਾਨ ਮਹਿੰਦਰ ਸਿੰਘ ਪੁੱਤਰ ਕਰਨੈਲ ਸਿੰਘ 12. ਦਰਸ਼ਨ ਸਿੰਘ ਪੁੱਤਰ ਬਿਕਰਮ ਸਿੰਘ ਪੁੱਤਰ ਘਈਆ ਸਿੰਘ 13. ਅਨਮੋਲਪ੍ਰੀਤ ਸਿੰਘ ਪੁੱਤਰ ਕੁਲਵਿੰਦਰ ਸਿੰਘ ਪੁੱਤਰ ਸ਼ਿੰਗਾਰਾ ਸਿੰਘ 14. ਭੁਪਿੰਦਰ ਸਿੰਘ 15. ਅੰਮ੍ਰਿਤਪਾਲ ਸਿੰਘ 16. ਜਗਰੂਪ ਸਿੰਘ ਪੁੱਤਰਾਨ ਮਲਕੀਤ ਸਿੰਘ ਪੁੱਤਰ ਬਖਸ਼ੀਸ਼ ਸਿੰਘ ਵਾਸੀਆਨ ਪਿੰਡ ਆਲੋਵਾਲ, ਤਹਿਸੀਲ ਨਕੋਦਰ, ਜ਼ਿਲ੍ਹਾ ਜਲੰਧਰ। ਫਰੀਕੇਨ ਦੋਇਮ

ਦਰਖਾਸਤ ਤਕਸੀਮ ਅਰਾਜ਼ੀ ਖੇਵਟ ਨੰਬਰ 45, 46 ਖਤੌਨੀ ਨੰਬਰ 51, 52 ਹਦਬਸਤ ਨੰਬਰ 27 ਵਾਕਿਆ ਰਕਬਾ ਪਿੰਡ ਆਲੋਵਾਲ, ਤਹਿਸੀਲ ਨਕੋਦਰ, ਜ਼ਿਲ੍ਹਾ ਜਲੰਧਰ ਜਮ੍ਹਾਂਬੰਦੀ ਸਾਲ 2020-2021

ਉਕਤ ਅਨੁਵਾਨ ਤਕਸੀਮ ਕੇਸ ਨਿਮਨ ਹਸਤਾਖਰ ਦੀ ਅਦਾਲਤ ਵਿੱਚ ਚੱਲ ਰਿਹਾ ਹੈ ।ਇਸ ਅਦਾਲਤ ਨੂੰ ਯਕੀਨ ਹੋ ਚੁੱਕਾ ਹੈ ਕਿ ਫਰੀਕੇਨ ਦੋਮ ਦੀ ਤਲਬੀ ਆਸਾਨ ਤਰੀਕੇ ਨਾਲ ਨਹੀਂ ਹੋ ਸਕਦੀ। ਇਸ ਇਸ਼ਤਿਹਾਰ ਰਾਹੀਂ ਫਰੀਕੇਨ ਦੋਮ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਹ ਕੇਸ ਵਿੱਚ ਨਿਸ਼ਚਿਤ ਮਿਤੀ 20-03-2025 ਨੂੰ ਸਮਾਂ 3.00 ਵਜੇ ਦੁਪਹਿਰ ਨਿਮਨਹਸਤਾਖਰ ਦੀ ਅਦਾਲਤ ਵਿੱਚ ਅਸਾਲਤਨ/ਵਕਾਲਤਨ ਜਾਂ ਕਿਸੇ ਮੁਖਤਾਰ ਰਾਹੀਂ ਹਾਜ਼ਰ ਹੋ ਕੇ ਆਪਣੇ ਕੇਸ ਦੀ ਪੈਰਵਾਈ ਕਰ ਸਕਦੇ ਹਨ। ਨਿਸ਼ਚਿਤ ਮਿਤੀ ਨੂੰ ਹਾਜ਼ਰ ਅਦਾਲਤ ਨਾ ਆਉਣ ਦੀ ਸੂਰਤ ਵਿੱਚ ਫਰੀਕੇਨ ਦੋਮ ਦੇ ਖਿਲਾਫ ਇਕਤਰਫਾ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਨੋਟਿਸ ਅੱਜ ਮਿਤੀ 27.02.2025 ਨੂੰ ਮੇਰੇ ਹਸਤਾਖਰ ਅਤੇ ਮੋਹਰ ਅਦਾਲਤ ਨਾਲ ਜਾਰੀ ਹੋਇਆ।

ਨੰਬਰ 717/ਰੀਡਰ-1 ਮਿਤੀ : 06.03.2025 ਸਹਾਇਕ ਕੁਲੈਕਟਰ ਦਰਜਾ ਅੱਵਲ, ਨਕੋਦਰ।

ਦੀ ਤਰਨ ਤਾਰਨ ਪ੍ਰਾਇਮਰੀ ਸਹਿਕਾਰੀ ਖੇਤੀਬਾੜੀ ਵਿਕਾਸ ਬੈਂਕ ਲਿਮ. ਤਰਨ ਤਾਰਨ ।

ਨੋਟਿਸ ਆਮ ਇਜਲਾਸ

ਦੀ ਤਰਨ ਤਾਰਨ ਪ੍ਰਾਇਮਰੀ ਸਹਿਕਾਰੀ ਖੇਤੀਬਾੜੀ ਵਿਕਾਸ ਬੈਂਕ ਲਿਮ. ਤਰਨ ਤਾਰਨ ਦੇ ਸਮੂਹ ਏ ਕਲਾਸ ਮੈਂਬਰਾਂ ਨੂੰ ਇਸ ਨੋਟਿਸ ਰਾਹੀਂ ਸੂਚਿਤ ਕੀਤਾ ਜਾਂਦਾ ਹੈ ਕਿ ਬੈਂਕ ਦਾ ਆਮ ਇਜਲਾਸ ਮਿਤੀ 27.03.2025 ਦਿਨ ਵੀਰਵਾਰ ਨੂੰ ਦੁਪਿਹਰ 12:00 ਵਜੇ ਪੀ.ਏ.ਡੀ.ਬੀ. ਤਰਨ ਤਾਰਨ ਵਿਖੇ ਹੋ ਰਿਹਾ ਹੈ। ਇਸ ਲਈ ਸਮੂਹ ਏ ਕਲਾਸ ਮੈਂਬਰਾਂ ਨੂੰ ਸਮੇਂ ਸਿਰ ਇਸ ਆਮ ਇਜਲਾਸ ਵਿੱਚ ਹਾਜਰ ਹੋਣ ਦੀ ਬੇਨਤੀ ਕੀਤੀ ਜਾਂਦੀ ਹੈ।

ਏਜੰਡਾ ਹੇਠ ਲਿਖੇ ਅਨੁਸਾਰ ਹੋਵੇਗਾ:-

1. ਪਿਛਲੇ ਆਮ ਇਜਲਾਸ ਦੀ ਕਾਰਵਾਈ ਦੀ ਪੁਸ਼ਟੀ ਕਰਨ ਤੇ ਵਿਚਾਰ।
2. ਮਾਣਯੋਗ ਰਜਿਸਟਰਾਰ ਸਹਿਕਾਰੀ ਸਭਾਵਾਂ ਪੰਜਾਬ, ਚੰਡੀਗੜ੍ਹ ਜੀ ਵੱਲੋਂ ਸਮੇਂ-ਸਮੇਂ ਅਨੁਸਾਰ ਬੈਂਕ ਦੇ ਐਕਟ/ਬਾਇਲਾਜ਼, ਰੂਲਾਂ, ਕਰਜਾ ਪਾਲੀਸੀਆਂ ਆਦਿ ਵਿੱਚ ਕੀਤੀਆਂ ਸੋਧਾਂ-ਤਰਮੀਮਾਂ ਅਤੇ ਨਿਰਦੇਸ਼ਾਂ ਨੂੰ ਅਪਨਾਉਣ ਅਤੇ ਪ੍ਰਵਾਨਗੀ ਦੇਣ ਤੇ ਵਿਚਾਰ।
3. ਪੀ.ਏ.ਡੀ.ਬੀ.,ਤਰਨ ਤਾਰਨ ਦੀ ਵਿੱਤੀ ਸਾਲ 2023-24 ਦੀਆਂ ਸਾਲਾਨਾ ਰਿਪੋਰਟਾਂ, ਆਡਿਟ ਰਿਪੋਰਟਾਂ ਸਮੇਤ ਬੈਲੰਸ ਸ਼ੀਟ ਅਤੇ ਲਾਭ ਹਾਨੀ ਚਿੱਠਾ ਜੇ ਕਿ ਸਟੈਚੂਟਰੀ ਆਡੀਟਰ ਵੱਲੋਂ ਤਸਦੀਕ ਕੀਤਾ ਗਿਆ ਹੈ ਨੂੰ ਵਾਚਣ ਅਤੇ ਪ੍ਰਵਾਨ ਕਰਨ ਤੇ ਵਿਚਾਰ।
4. ਸਾਲ 2023-24 ਦੌਰਾਨ ਬੈਂਕ ਦੇ ਕੰਮ ਕਾਜ ਸਬੰਧੀ ਜੇ ਕਿਸੇ ਵੀ ਕਿਸਮ ਦਾ ਖਰਚਾ ਕੀਤਾ ਗਿਆ ਹੈ ਉਸ ਦੀ ਪ੍ਰਵਾਨਗੀ ਤੇ ਵਿਚਾਰ।
5. ਪਿਛਲੇ ਆਮ ਇਜਲਾਸ ਤੋਂ ਲੈ ਕੇ ਤਾ-ਤਰੀਖ ਤੱਕ ਪ੍ਰਬੰਧਕੀ ਕਮੇਟੀ ਵੱਲੋਂ ਪਾਸ ਕੀਤੇ ਗਏ ਮਤਿਆਂ ਦੀ ਪ੍ਰਵਾਨਗੀ ਅਤੇ ਪੁਸ਼ਟੀ ਕਰਨ ਤੇ ਵਿਚਾਰ।
6. ਆਮ ਇਜਲਾਸ ਤੇ ਹੋਏ ਖਰਚੇ ਨੂੰ ਪ੍ਰਵਾਨਗੀ ਦੇਣ ਤੇ ਵਿਚਾਰ।

ਨੋਟ : ਜੇਕਰ ਬੈਂਕ ਦੇ ਕਿਸੇ ਮੈਂਬਰ ਨੇ ਬੈਂਕ ਦੀ ਕਾਰਗੁਜਾਰੀ ਬਾਰੇ ਜਾਣਕਾਰੀ ਲੈਣੀ ਹੋਵੇ ਤਾਂ ਆਮ ਇਜਲਾਸ ਤੋਂ ਤਿੰਨ ਦਿਨ ਪਹਿਲਾਂ ਕਿਸੇ ਕੰਮ ਵਾਲੇ ਦਿਨ ਲਿਖਤੀ ਰੂਪ ਵਿੱਚ ਬੈਂਕ ਦੇ ਦਫਤਰ ਤੋਂ ਲੈ ਸਕਦਾ ਹੈ।

ਮੈਨੇਜਰ
ਪੀ.ਏ.ਡੀ.ਬੀ., ਤਰਨ ਤਾਰਨ

ਦੀ ਚੋਹਲਾ ਸਾਹਿਬ ਪ੍ਰਾਇਮਰੀ ਸਹਿਕਾਰੀ ਖੇਤੀਬਾੜੀ ਵਿਕਾਸ ਬੈਂਕ ਲਿਮ. ਚੋਹਲਾ ਸਾਹਿਬ ।

ਨੋਟਿਸ ਆਮ ਇਜਲਾਸ

ਦੀ ਚੋਹਲਾ ਸਾਹਿਬ ਪ੍ਰਾਇਮਰੀ ਸਹਿਕਾਰੀ ਖੇਤੀਬਾੜੀ ਵਿਕਾਸ ਬੈਂਕ ਲਿਮ. ਚੋਹਲਾ ਸਾਹਿਬ ਦੇ ਸਮੂਹ ਏ ਕਲਾਸ ਮੈਂਬਰਾਂ ਨੂੰ ਇਸ ਨੋਟਿਸ ਰਾਹੀਂ ਸੂਚਿਤ ਕੀਤਾ ਜਾਂਦਾ ਹੈ ਕਿ ਬੈਂਕ ਦਾ ਆਮ ਇਜਲਾਸ ਮਿਤੀ 24.03.2025 ਦਿਨ ਸੋਮਵਾਰ ਨੂੰ ਦੁਪਿਹਰ 12:00 ਵਜੇ ਪੀ.ਏ.ਡੀ.ਬੀ. ਚੋਹਲਾ ਸਾਹਿਬ ਵਿਖੇ ਹੋ ਰਿਹਾ ਹੈ। ਇਸ ਲਈ ਸਮੂਹ ਏ ਕਲਾਸ ਮੈਂਬਰਾਂ ਨੂੰ ਸਮੇਂ ਸਿਰ ਇਸ ਆਮ ਇਜਲਾਸ ਵਿੱਚ ਹਾਜਰ ਹੋਣ ਦੀ ਬੇਨਤੀ ਕੀਤੀ ਜਾਂਦੀ ਹੈ।

ਏਜੰਡਾ ਹੇਠ ਲਿਖੇ ਅਨੁਸਾਰ ਹੋਵੇਗਾ:-

1. ਪਿਛਲੇ ਆਮ ਇਜਲਾਸ ਦੀ ਕਾਰਵਾਈ ਦੀ ਪੁਸ਼ਟੀ ਕਰਨ ਤੇ ਵਿਚਾਰ।
2. ਮਾਣਯੋਗ ਰਜਿਸਟਰਾਰ ਸਹਿਕਾਰੀ ਸਭਾਵਾਂ ਪੰਜਾਬ, ਚੰਡੀਗੜ੍ਹ ਜੀ ਵੱਲੋਂ ਸਮੇਂ-ਸਮੇਂ ਅਨੁਸਾਰ ਬੈਂਕ ਦੇ ਐਕਟ/ਬਾਇਲਾਜ਼, ਰੂਲਾਂ, ਕਰਜਾ ਪਾਲੀਸੀਆਂ ਆਦਿ ਵਿੱਚ ਕੀਤੀਆਂ ਸੋਧਾਂ-ਤਰਮੀਮਾਂ ਅਤੇ ਨਿਰਦੇਸ਼ਾਂ ਨੂੰ ਅਪਨਾਉਣ ਅਤੇ ਪ੍ਰਵਾਨਗੀ ਦੇਣ ਤੇ ਵਿਚਾਰ।
3. ਪੀ.ਏ.ਡੀ.ਬੀ., ਚੋਹਲਾ ਸਾਹਿਬ ਦੀ ਵਿੱਤੀ ਸਾਲ 2023-24 ਦੀਆਂ ਸਾਲਾਨਾ ਰਿਪੋਰਟਾਂ, ਆਡਿਟ ਰਿਪੋਰਟਾਂ ਸਮੇਤ ਬੈਲੰਸ ਸ਼ੀਟ ਅਤੇ ਲਾਭ ਹਾਨੀ ਚਿੱਠਾ ਜੇ ਕਿ ਸਟੈਚੂਟਰੀ ਆਡੀਟਰ ਵੱਲੋਂ ਤਸਦੀਕ ਕੀਤਾ ਗਿਆ ਹੈ ਨੂੰ ਵਾਚਣ ਅਤੇ ਪ੍ਰਵਾਨ ਕਰਨ ਤੇ ਵਿਚਾਰ।
4. ਸਾਲ 2023-24 ਦੌਰਾਨ ਬੈਂਕ ਦੇ ਕੰਮ ਕਾਜ ਸਬੰਧੀ ਜੇ ਕਿਸੇ ਵੀ ਕਿਸਮ ਦਾ ਖਰਚਾ ਕੀਤਾ ਗਿਆ ਹੈ ਉਸ ਦੀ ਪ੍ਰਵਾਨਗੀ ਤੇ ਵਿਚਾਰ।
5. ਪਿਛਲੇ ਆਮ ਇਜਲਾਸ ਤੋਂ ਲੈ ਕੇ ਤਾ-ਤਰੀਖ ਤੱਕ ਪ੍ਰਬੰਧਕੀ ਕਮੇਟੀ ਵੱਲੋਂ ਪਾਸ ਕੀਤੇ ਗਏ ਮਤਿਆਂ ਦੀ ਪ੍ਰਵਾਨਗੀ ਅਤੇ ਪੁਸ਼ਟੀ ਕਰਨ ਤੇ ਵਿਚਾਰ।
6. ਆਮ ਇਜਲਾਸ ਤੇ ਹੋਏ ਖਰਚੇ ਨੂੰ ਪ੍ਰਵਾਨਗੀ ਦੇਣ ਤੇ ਵਿਚਾਰ।

ਨੋਟ : ਜੇਕਰ ਬੈਂਕ ਦੇ ਕਿਸੇ ਮੈਂਬਰ ਨੇ ਬੈਂਕ ਦੀ ਕਾਰਗੁਜਾਰੀ ਬਾਰੇ ਜਾਣਕਾਰੀ ਲੈਣੀ ਹੋਵੇ ਤਾਂ ਆਮ ਇਜਲਾਸ ਤੋਂ ਤਿੰਨ ਦਿਨ ਪਹਿਲਾਂ ਕਿਸੇ ਕੰਮ ਵਾਲੇ ਦਿਨ ਲਿਖਤੀ ਰੂਪ ਵਿੱਚ ਬੈਂਕ ਦੇ ਦਫਤਰ ਤੋਂ ਲੈ ਸਕਦਾ ਹੈ।

ਮੈਨੇਜਰ
ਪੀ.ਏ.ਡੀ.ਬੀ., ਚੋਹਲਾ ਸਾਹਿਬ

ਦੀ ਪੱਟੀ ਪ੍ਰਾਇਮਰੀ ਸਹਿਕਾਰੀ ਖੇਤੀਬਾੜੀ ਵਿਕਾਸ ਬੈਂਕ ਲਿਮ. ਪੱਟੀ ।

ਨੋਟਿਸ ਆਮ ਇਜਲਾਸ

ਦੀ ਪੱਟੀ ਪ੍ਰਾਇਮਰੀ ਸਹਿਕਾਰੀ ਖੇਤੀਬਾੜੀ ਵਿਕਾਸ ਬੈਂਕ ਲਿਮ. ਪੱਟੀ ਦੇ ਸਮੂਹ ਏ ਕਲਾਸ ਮੈਂਬਰਾਂ ਨੂੰ ਇਸ ਨੋਟਿਸ ਰਾਹੀਂ ਸੂਚਿਤ ਕੀਤਾ ਜਾਂਦਾ ਹੈ ਕਿ ਬੈਂਕ ਦਾ ਆਮ ਇਜਲਾਸ ਮਿਤੀ 25.03.2025 ਦਿਨ ਮੰਗਲਵਾਰ ਨੂੰ ਦੁਪਿਹਰ 12:00 ਵਜੇ ਪੀ.ਏ.ਡੀ.ਬੀ. ਪੱਟੀ ਵਿਖੇ ਹੋ ਰਿਹਾ ਹੈ। ਇਸ ਲਈ ਸਮੂਹ ਏ ਕਲਾਸ ਮੈਂਬਰਾਂ ਨੂੰ ਸਮੇਂ ਸਿਰ ਇਸ ਆਮ ਇਜਲਾਸ ਵਿੱਚ ਹਾਜਰ ਹੋਣ ਦੀ ਬੇਨਤੀ ਕੀਤੀ ਜਾਂਦੀ ਹੈ।

ਏਜੰਡਾ ਹੇਠ ਲਿਖੇ ਅਨੁਸਾਰ ਹੋਵੇਗਾ:-

1. ਪਿਛਲੇ ਆਮ ਇਜਲਾਸ ਦੀ ਕਾਰਵਾਈ ਦੀ ਪੁਸ਼ਟੀ ਕਰਨ ਤੇ ਵਿਚਾਰ।
2. ਮਾਣਯੋਗ ਰਜਿਸਟਰਾਰ ਸਹਿਕਾਰੀ ਸਭਾਵਾਂ ਪੰਜਾਬ, ਚੰਡੀਗੜ੍ਹ ਜੀ ਵੱਲੋਂ ਸਮੇਂ-ਸਮੇਂ ਅਨੁਸਾਰ ਬੈਂਕ ਦੇ ਐਕਟ/ਬਾਇਲਾਜ਼, ਰੂਲਾਂ, ਕਰਜਾ ਪਾਲੀਸੀਆਂ ਆਦਿ ਵਿੱਚ ਕੀਤੀਆਂ ਸੋਧਾਂ-ਤਰਮੀਮਾਂ ਅਤੇ ਨਿਰਦੇਸ਼ਾਂ ਨੂੰ ਅਪਨਾਉਣ ਅਤੇ ਪ੍ਰਵਾਨਗੀ ਦੇਣ ਤੇ ਵਿਚਾਰ।
3. ਪੀ.ਏ.ਡੀ.ਬੀ.,ਪੱਟੀ ਦੀ ਵਿੱਤੀ ਸਾਲ 2023-24 ਦੀਆਂ ਸਾਲਾਨਾ ਰਿਪੋਰਟਾਂ, ਆਡਿਟ ਰਿਪੋਰਟਾਂ ਸਮੇਤ ਬੈਲੰਸ ਸ਼ੀਟ ਅਤੇ ਲਾਭ ਹਾਨੀ ਚਿੱਠਾ ਜੇ ਕਿ ਸਟੈਚੂਟਰੀ ਆਡੀਟਰ ਵੱਲੋਂ ਤਸਦੀਕ ਕੀਤਾ ਗਿਆ ਹੈ ਨੂੰ ਵਾਚਣ ਅਤੇ ਪ੍ਰਵਾਨ ਕਰਨ ਤੇ ਵਿਚਾਰ।
4. ਸਾਲ 2023-24 ਦੌਰਾਨ ਬੈਂਕ ਦੇ ਕੰਮ ਕਾਜ ਸਬੰਧੀ ਜੇ ਕਿਸੇ ਵੀ ਕਿਸਮ

7-MAR-PAGE-7.qxd 3/6/2025 11:15 PM Page 1

ਪ੍ਰਾਇਮਰੀ ਸਕੂਲ ਸ਼ੇਰਪੁਰ ਸੋਢੀਆਂ ਲਈ 21 ਹਜ਼ਾਰ ਰੁਪਏ ਦੀ ਸਹਾਇਤਾ ਰਾਸ਼ੀ ਦਿੱਤੀ

ਧੂਰੀ (ਬਿੰਨੀ ਗਰਗ, ਮੋਹਿਤ ਗਰਗ)-ਪਿੰਡ ਸ਼ੇਰਪੁਰ ਸੋਢੀਆ ਦੇ ਅਗਾਂਹਵਧੂ ਆਗੂ ਤੇ ਸਰਪੰਚ ਨਰਿੰਦਰ ਕੌਰ ਦੇ ਪਤੀ ਜਗਰਾਜ ਸਿੰਘ ਤੇ ਉਨ੍ਹਾਂ ਦੇ ਭਤੀਜੇ ਗਗਨਪ੍ਰੀਤ ਸਿੰਘ ਨੇ ਸਰਕਾਰੀ ਪ੍ਰਾਇਮਰੀ ਸਕੂਲ ਸ਼ੇਰਪੁਰ ਸੋਢੀਆਂ ਦੇ ਲੋੜਵੰਦ ਵਿਦਿਆਰਥੀਆਂ ਲਈ 21 ਹਜ਼ਾਰ ਰੁਪਏ ਸਕੂਲ ਨੂੰ ਦਿੱਤੇ।ਜਗਰਾਜ ਸਿੰਘ ਨੇ ਕਿਹਾ ਕਿ ਉਨ੍ਹਾਂ ਦਾ ਮਕਸਦ ਪਿੰਡ ਦਾ ਸਰਵਪੱਖੀ ਵਿਕਾਸ ਕਰਨਾ ਹੈ ਤੇ ਪਿੰਡ ਦੇ ਵਿਕਾਸ ਦੇ ਨਾਲ ਨਾਲ ਉਹ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਵੀ ਯਤਨਸ਼ੀਲ ਹਨ।ਉਨ੍ਹਾਂ ਕਿਹਾ ਕਿ ਵਿਦਿਆਰਥੀ ਦੇਸ਼ ਦਾ ਭਵਿੱਖ ਹਨ ਅਤੇ ਉਨ੍ਹਾਂ ਲਈ ਸਾਨੂੰ ਉਪਰਾਲੇ ਕਰਨੇ ਚਾਹੀਦੇ ਹਨ।ਇਸ ਮੌਕੇ ਉਨ੍ਹਾਂ ਨਾਲ਼ ਗੁਰਿੰਦਰ ਕੌਰ ਆਸਟ੍ਰੇਲੀਆ ਤੇ ਸਕੂਲ ਪ੍ਰਿੰਸੀਪਲ ਵੀ ਹਾਜ਼ਰ ਸਨ।

ਕਿਸਾਨੀ ਸੰਘਰਸ਼ ਨੂੰ ਦਬਾਇਆ ਨਹੀਂ ਜਾ ਸਕਦਾ : ਚਰਨਪ੍ਰੀਤ ਸਿੰਘ

ਬਾਘਾ ਪੁਰਾਣਾ (ਮਨੀ ਸਿਗਲਾ)-ਕਿਸਾਨ ਯੂਨੀਅਨਾਂ ਵੱਲੋਂ 5 ਮਾਰਚ ਨੂੰ ਚੰਡੀਗੜ੍ਹ ਵਿਚ ਲਗਾਏ ਜਾਣ ਵਾਲੇ ਪੱਕੇ ਮੋਰਚੇ ਦੀ ਦਿੱਤੀ ਗਈ ਕਾਲ ਦੇ ਤਹਿਤ ਜਦੋਂ ਕਿਸਾਨ ਯੂਨੀਅਨਾਂ ਵੱਲੋਂ ਚੰਡੀਗੜ੍ਹ ਵਿਖੇ ਆਪਣਆਂ ਲਟਕਦੀਆਂ ਮੰਗਾਂ ਨੂੰ ਪੂਰਾ ਕਰਵਾਉਣ ਦੇ ਲਈ ਪੱਕਾ ਮੋਰਚਾ ਲਗਾਇਆ ਜਾਣਾ ਸੀ ਤਾਂ ਸਰਕਾਰ ਨੇ ਵੱਖ ਵੱਖ ਭਾਰਤੀ ਕਿਸਾਨ ਯੂਨੀਅਨ ਦੇ ਆਗੂਆਂ ਦੇ ਘਰਾਂ ਵਿਚ ਜਿੱਥੇ ਛਾਪਾਮਾਰੀ ਕਰ ਕੇ ਉਨ੍ਹਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ, ਉਥੇ ਚੰਡੀਗੜ੍ਹ ਵਿਚ ਦਾਖਲ ਹੋਣ ਤੋਂ ਰੋਕਣ ਲਈ ਸਰਕਾਰੀ, ਪ੍ਰਾਈਵੇਟ ਬੱਸਾਂ ਦੇ ਇਲਾਵਾ ਕਿਸਾਨਾਂ ਦੇ ਕਾਫਲਿਆਂ ਨੂੰ ਚੰਡੀਗੜ੍ਹ ਵਿਚ ਦਾਖਲ ਨਹੀਂ ਹੋਣ ਦਿੱਤਾ ਗਿਆ, ਜਿਸ ਤੋਂ ਪਤਾ ਲੱਗਦਾ ਹੈ ਕਿ ਸੂਬੇ ਦੀ ਸਰਕਾਰ ਬੁਖਲਾਹਟ ਵਿਚ ਆ ਕੇ ਕੇਂਦਰ ਦੀ ਮੋਦੀ ਸਰਕਾਰ ਨਾਲ ਗੰਢਤੁੱਪ ਕਰ ਕੇ ਉਨ੍ਹਾਂ ਦਾ ਸਾਥ ਦੇ ਰਹੀ ਹੈ, ਪਰ ਕਿਸਾਨ ਕਦੇ ਵੀ ਚੁੱਪ ਨਹੀਂ ਬੈਠਣਗੇ ਅਤੇ ਉਹ ਆਪਣੀਆਂ ਮੰਗਾਂ ਨੂੰ ਮਨਵਾ ਕੇ ਹਟਣਗੇ। ਉਕਤ ਸ਼ਬਦਾਂ ਦਾ ਪ੍ਰਗਟਾਵਾ ਪੱਤਰਕਾਰਾਂ ਦੇ ਨਾਲ ਗੱਲਬਾਤ ਕਰਦਿਆਂ ਚਰਨਪ੍ਰੀਤ ਸਿੰਘ ਜ਼ਿਲ੍ਹਾ ਹਾਈ ਪਾਵਰ ਕਮੇਟੀ ਮੈਂਬਰ ਭਾਰਤੀ ਕਿਸਾਨ ਯੂਨੀਨ ਕਾਦੀਆਂ ਨੇ ਕਰਦਿਆਂ ਕਿਹਾ ਕਿ ਕਿਸਾਨ ਹਮੇਸ਼ਾ ਅਪਣੇ ਹੱਕਾਂ ਲਈ ਸੰਘਰਸ਼ ਕਰਦੇ ਆਏ ਹਨ ਅਤੇ ਉਹ ਲਾਠੀਆਂ, ਅਟਕਲਾਂ ਜਾਂ ਗ੍ਰਿਫ਼ਤਾਰੀਆਂ ਤੋਂ ਨਹੀਂ ਡਰਦੇ। ਆਮ ਆਦਮੀ ਪਾਰਟੀ ਨੇ ਹਮੇਸ਼ਾ ਲੋਕਾਂ ਨਾਲ ਝੂਠੇ ਵਾਅਦੇ ਕੀਤੇ ਹਨ। ਉਨ੍ਹਾਂ ਕਿਹਾ ਕਿ ਕਿਸਾਨ ਅੰਦੋਲਨ ਦੌਰਾਨ ਵਾਅਦੇ ਕੀਤੇ ਗਏ, ਪਰ ਹੁਣ ਉਨ੍ਹਾਂ ਉਲਟ ਕੰਮ ਹੋ ਰਹੇ ਹਨ।ਉਨ੍ਹਾਂ ਕਿਹਾ ਕਿ ਕਿਸਾਨ ਕਿਸੇ ਵੀ ਹਾਲਤ ਵਿਚ ਆਪਣੇ ਹੱਕਾਂ ਦੀ ਲੜਾਈ ਤੋਂ ਪਿੱਛੇ ਨਹੀਂ ਹਟਣਗੇ। ਉਨ੍ਹਾਂ ਕਿਹਾ ਕਿ ਸਰਕਾਰ ਕਿਸਾਨਾਂ ਨਾਲ ਸੰਵਾਦ ਕਰੇ, ਨਾ ਕਿ ਪੁਲਸ ਦੀ ਤਾਕਤ ਵਰਤੇ। ਕਿਸਾਨ ਹਮੇਸ਼ਾ ਸੰਵੈਧਾਨਕ ਹੱਕਾਂ ਦੀ ਲੜਾਈ ਲੜਦੇ ਰਹੇ ਹਨ ਅਤੇ ਇਸ ਵਾਰ ਵੀ ਉਨ੍ਹਾਂ ਨੂੰ ਕੋਈ ਵੀ ਦਬਾ ਨਹੀਂ ਸਕੇਗਾ।

ਕਿਸਾਨਾਂ ਨੂੰ ਨਜ਼ਰਬੰਦ ਕਰਨ ਦੀ ਸਖ਼ਤ ਸ਼ਬਦਾਂ 'ਚ ਨਿਖੇਧੀ

ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)-ਬਲਾਕ ਪ੍ਰਧਾਨ ਮੋਗਾ 2 ਦੇ ਪ੍ਰਧਾਨ ਸਰਦਾਰ ਇਕਬਾਲ ਸਿੰਘ ਸਿੰਘਾਵਾਲਾ ਨੇ ਕਿਹਾ ਕਿ ਪੰਜਾਬ ਸਰਕਾਰ ਸਾਡੀਆਂ ਮੰਗਾਂ ਨੂੰ ਹੱਲ ਕਰਨ ਦੀ ਬਜਾਏ ਸਾਨੂੰ ਦਬਾ ਰਹੀ ਹੈ, ਪੰਜਾਬ ਸਰਕਾਰ ਦੀ ਇਸ ਹਰਕਤ ਦੀ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਨਿਖੇਧੀ ਕਰਦੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੂੰ ਇਸ ਤਰ੍ਹਾਂ ਲੋਕਾਂ ਦੇ ਤਸ਼ੱਦਦ ਨਹੀਂ ਕਰਨਾ ਚਾਹੀਦਾ। ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਆਪਣੀਆਂ ਹੱਕੀ ਮੰਗਾਂ ਦੀ ਪ੍ਰਾਪਤੀ ਲਈ ਸੰਘਰਸ਼ ਕਰ ਰਹੀ ਹੈ ਤੇ ਇਸ ਨੂੰ ਦਬਾਉਣਾ ਕੋਈ ਚੰਗੀ ਗੱਲ ਨਹੀਂ। ਇਸ ਸਮੇਂ ਇਕਬਾਲ ਸਿੰਘ ਬਲਾਕ ਪ੍ਰਧਾਨ ਮੋਗਾ 2 ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ, ਸ਼ਿਗਾਰਾ ਸਿੰਘ ਤਖਤੂਪੁਰਾ, ਹੁਕਮ ਚੰਦ ਰਾਮਾ, ਕਰਮ ਰਣਸੀਂਹ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਵਰਕਰ ਹਨ, ਜਿਨ੍ਹਾਂ ਨੂੰ ਗੁਰਦੁਆਰਾ ਸਾਹਿਬ ਦੀ ਹਦੂਦ ਅੰਦਰ ਨਜ਼ਰਬੰਦ ਕੀਤਾ ਗਿਆ ਹੈ।ਖ਼ਬਰ ਆ ਰਹੀ ਹੈ ਕਿ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਹਲਕਾ ਨਿਹਾਲ ਸਿੰਘ ਵਾਲਾ ਦੇ ਵਰਕਰਾਂ ਨੂੰ ਬਡਬਰ ਟੋਲ ਪਲਾਜ਼ਾ ਉੱਪਰ ਨਜ਼ਰਬੰਦ ਕਰ ਲਿਆ ਗਿਆ ਹੈ।

ਦੇਵ ਸਮਾਜ ਕਾਲਜ ਫਾਰ ਵੂਮੈਨ 'ਚ ਹਫ਼ਤਾਵਰੀ ਐੱਨ ਐੱਸ ਐੱਸ ਕੈਂਪ

ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)-ਦੇਵ ਸਮਾਜ ਕਾਲਜ ਫ਼ਾਰ ਵਿਮਨ ਦੇ ਚੇਅਰਮੈਨ ਨਿਰਮਲ ਸਿੰਘ ਢਿੱਲੋਂ ਦੀ ਛਤਰ ਛਾਇਆ ਤੇ ਡਾ. ਸੰਗੀਤਾ, ਪ੍ਰਿੰਸੀਪਲ ਦੀ ਯੋਗ ਅਗਵਾਈ ਹੇਠ ਕਾਲਜ ਦੇ ਐੱਨਐੱਸਐੱਸ ਵਿੰਗ ਵੱਲੋਂ ਹਫ਼ਤਾਵਰੀ ਐੱਨਐੱਸਐੱਸ ਕੈਂਪ ਦਾ ਆਯੋਜਨ ਕੀਤਾ ਗਿਆ।ਕੈਂਪ ਦਾ ਮੁੱਖ ਵਿਸ਼ਾ 'ਯੂਥ ਫਾਰ ਮਾਈ ਭਾਰਤ' ਐਂਡ ਯੂਥ ਫਾਰ ਡਿਜ਼ੀਟਲ ਲਿਟਰੇਸੀ ਰਿਹਾ, ਜਿਸ ਵਿੱਚ ਪਹਿਲੇ ਦਿਨ ਕੈਂਪ ਦੇ ਉਦਘਾਟਨ ਪ੍ਰਿੰਸੀਪਲ ਡਾ. ਸੰਗੀਤਾ, ਕੋਆਰਡੀਨੇਟਰ ਡਾ. ਕੁਲਬੀਰ ਸਿੰਘ, ਡੀਨ ਸੋਸ਼ਲ ਆਊਟਰੀਚ, ਨੋਡਲ ਅਫਸਰ ਰੁਪਿੰਦਰਜੀਤ ਕੌਰ, ਰਾਬੀਆਂ ਦੁਆਰਾ ਕੀਤਾ ਗਿਆ।ਐੱਨਐੱਸਐੱਸ ਕੈਂਪ ਦੇ ਪਹਿਲੇ ਦਿਨ ਐੱਨਐੱਸਐੱਸ ਵਲੰਟੀਅਰਾਂ ਨਾਲ ਮਿਲ ਕੇ ਵਾਤਾਵਰਣ ਸਥਿਰਤਾ ਅਤੇ ਸਮਾਜਿਕ ਜ਼ਿੰਮੇਵਾਰੀ ਪ੍ਰਤੀ ਸੰਸਥਾ ਦੀ ਵਚਨਬੱਧਤਾ ਨੂੰ ਦਰਸਾਉਂਦੇ ਹੋਏ ਰੁੱਖ ਲਾਏ ਗਏ।ਸਮਾਗਮ ਦੀ ਸ਼ੁਰੂਆਤ ਵਿਦਿਆਰਥਣਾਂ ਨੇ ਸਵੇਰ ਦੀ ਸਭਾ ਨਾਲ ਹੋਈ, ਜਿਸ ਤੋਂ ਬਾਅਦ ਕਾਲਜ ਦੀ ਪ੍ਰਾਰਥਨਾ ਅਤੇ ਡਿਜ਼ੀਟਲ ਸਾਖਰਤਾ ਤੇ ਵਾਤਾਵਰਣ ਸੰਭਾਲ ਦੀ ਮਹੱਤਤਾ ਨੂੰ ਮਜ਼ਬੂਤ ਕਰਨ ਵਾਲੀ ਸਹੁੰ ਚੁੱਕੀ ਗਈ। ਡਾ. ਸੰਗੀਤਾ ਨੇ ਵਿਦਿਆਰਥੀਆਂ ਵਿੱਚ ਵਾਤਾਵਰਣ ਜਾਗਰੂਕਤਾ ਨੂੰ ਉਤਸ਼ਾਹਿਤ ਕਰਨ ਵੱਲ ਇੱਕ ਕਦਮ ਵਜੋਂ ਰੁੱਖ ਲਾਉਣ ਦੀ ਮੁਹਿੰਮ ਦੀ ਸ਼ੁਰੂਆਤ ਕੀਤੀ। ਡਾ. ਸੰਗੀਤਾ, ਪ੍ਰਿੰਸੀਪਲ ਨੇ ਕੋਆਰਡੀਨੇਟਰ ਡਾ. ਕੁਲਬੀਰ ਸਿੰਘ, ਡੀਨ, ਸੋਸ਼ਲ ਆਊਟਰੀਚ, ਨੋਡਲ ਅਫ਼ਸਰ ਰੁਪਿੰਦਰਜੀਤ ਕੌਰ, ਰਾਬੀਆਂ ਦੁਆਰਾ ਹਫ਼ਤਾਵਰੀ ਐੱਨਐੱਸਐੱਸ ਕੈਂਪ ਦੀ ਸ਼ੁਰੂਆਤੀ ਦੌਰ ਤੇ ਸਫਲਤਾ ਪੂਰਵਕ ਪ੍ਰੋਗਰਾਮ ਲਈ ਵਧਾਈ ਦਿੱਤੀ।ਕਾਲਜ ਚੇਅਰਮੈਨ ਨਿਰਮਲ ਸਿੰਘ ਢਿੱਲੋਂ ਨੇ ਵਿਦਿਆਰਥਣਾਂ ਨੂੰ ਆਪਣੀਆ ਸ਼ੁਭਕਾਮਨਾਵਾਂ ਦਿੱਤੀਆਂ।

ਆਪ ਵੱਲੋਂ ਜ਼ਿਲ੍ਹਾ ਪ੍ਰੀਸ਼ਦ ਤੇ ਸੰਮਤੀ ਚੋਣਾਂ ਲਈ ਤਿਆਰੀ ਮੀਟਿੰਗ

ਬੋਹਾ (ਨਿਰੰਜਣ ਬੋਹਾ)-ਵਿਧਾਨ ਸਭਾ ਹਲਕਾ ਬੁਢਲਾਡਾ ਦੇ ਵਿਧਾਇਕ ਪ੍ਰਿੰਸੀਪਲ ਬੁੱਧ ਰਾਮ ਨੇ ਐੱਸ ਪੀ ਐੱਚ ਪੈਲੇਸ ਵਿੱਚ ਪਾਰਟੀ ਵਰਕਰਾਂ ਅਤੇ ਪਾਰਟੀ ਆਹੁਦੇਦਾਰਾਂ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਨੇ ਜਿੱਥੇ ਕਿਸਾਨ ਭਰਾਵਾਂ ਲਈ ਜਿੱਥੇ ਬਿਜਲੀ ਪਾਣੀ ਦੀ ਸਹੂਲਤ ਦਿੱਤੀ ਹੈ, ਉਥੇ ਆਮ ਘਰਾਂ ਦੇ ਬੱਚਿਆਂ ਨੂੰ ਸਰਕਾਰੀ ਨੌਕਰੀਆਂ ਵੀ ਪਾਰਦਰਸ਼ੀ ਢੰਗ ਨਾਲ ਦਿੱਤੀਆਂ ਹਨ।ਸਰਕਾਰ ਨੇ ਨਸ਼ਿਆਂ ਦੇ ਖਿਲਾਫ ਵੀ ਵੱਡੀ ਮੁਹਿੰਮ ਵਿੱਢੀ ਹੋਈ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਤਹਿਸੀਲਦਾਰਾਂ ਬਾਰੇ ਜੋ ਬਿਆਨ ਦਿੱਤਾ ਹੈ, ਪੰਜਾਬ ਦੇ ਲੋਕ ਉਸ ਤੋਂ ਬਹੁਤ ਖੁਸ਼ ਹਨ।ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪੰਜਾਬ ਦੇ ਲੋਕਾਂ ਲਈ ਲਏ ਅਹਿਮ ਫੈਸਲਿਆਂ ਕਾਰਨ ਆਮ ਆਦਮੀ ਪਾਰਟੀ ਪੰਜਾਬ ਦੇ ਵਾਸੀਆਂ ਦੀ ਪਹਿਲੀ ਪਸੰਦੀਦਾ ਰਾਜਨੀਤਕ ਪਾਰਟੀ ਬਣ ਗਈ ਹੈ।ਉਨ੍ਹਾਂ ਕਿਹਾ ਉਨ੍ਹਾਂ ਕਿਹਾ ਕਿ ਲੋਕਾਂ ਵੱਲੋਂ ਮਿਲ ਰਹੇ ਹਾਂ ਪੱਖੀ ਹੁੰਗਾਰੇ ਸਦਕਾ ਆਉਣ ਵਾਲੀਆਂ ਜ਼ਿਲ੍ਹਾ ਪ੍ਰੀਸ਼ਦ ਤੇ ਸੰਮਤੀ ਚੋਣਾਂ ਚੋਣਾਂ ਵਿੱਚ ਆਮ ਆਦਮੀ ਪਾਰਟੀ ਪੂਰਨ ਬਹੁਮੱਤ ਹਾਸਲ ਕਰੇਗੀ। ਮੀਟਿੰਗ ਵਿਚ ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਚਰਨਜੀਤ ਸਿੰਘ ਅੱਕਾਂਵਾਲੀ, ਕੋਆਪਰੇਟਿਵ ਬੈਂਕ ਦੇ ਚੇਅਰਮੈਨ ਸੋਹਣਾ ਸਿੰਘ ਕਲੀਪੁਰ, ਮਾਰਕੀਟ ਕਮੇਟੀ ਬੋਹਾ ਦੇ ਚੇਅਰਮੈਨ ਰਣਜੀਤ ਸਿੰਘ ਫਰੀਦਕੇ, ਨਗਰ ਪੰਚਾਇਤ ਬੋਹਾ ਦੇ ਨੁਮਾਇੰਦੇ ਕਮਲਦੀਪ ਸਿੰਘ ਬਾਵਾ, ਐਸਸੀ ਵਿੰਗ ਦੇ ਸੂਬਾ ਸਕੱਤਰ ਤੇ ਕੁਲਵੰਤ ਸਿੰਘ ਸ਼ੇਰਖਾਂ, ਬਲਾਕ ਪ੍ਰਧਾਨ ਰਾਜਵਿੰਦਰ ਸਿੰਘ, ਅਵਤਾਰ ਸਿੰਘ ਮਘਾਣੀਆਂ, ਦਰਸ਼ਨ ਘਾਰੂ, ਟਰੱਕ ਯੂਨੀਅਨ ਬੋਹਾ ਦੇ ਪ੍ਰਧਾਨ ਨੈਬ ਸਿੰਘ, ਸਰਪੰਚ ਜਸਵਿੰਦਰ ਸਿੰਘ ਰਿਉਂਦ ਕਲਾਂ, ਬਿੰਦਰ ਸਿੰਘ ਬੀਰੇਵਾਲਾ, ਸੋਸ਼ਲ ਮੀਡੀਆ ਇੰਚਾਰਜ ਸੰਤੋਖ ਸਿੰਘ ਆਦਿ ਵੀ ਹਾਜ਼ਰ ਸਨ। ਇਸ ਸਮੇਂ ਪਾਰਟੀ ਵਰਕਰਾਂ ਨੇ ਵਿਸ਼ਵਾਸ ਦਿਵਾਇਆ ਕਿ ਉਹ ਪਾਰਟੀ ਦੀਆਂ ਦਿਨ ਰਾਤ ਮਿਹਨਤ ਕਰਕੇ ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਚੋਣਾਂ ਵਿੱਚ ਪਾਰਟੀ ਉਮੀਦਵਾਰਾਂ ਦੀ ਜਿੱਤ ਨੂੰ ਯਕੀਨੀ ਬਣਾਉਣਗੇ।ਸਟੇਜ ਸਕੱਤਰ ਦੀ ਜ਼ਿੰਮੇਵਾਰੀ ਕੁਲਵੰਤ ਸਿੰਘ ਵੱਲੋਂ ਨਿਭਾਈ ਗਈ।

'ਅਕਾਲੀ ਦਲ ਵਾਰਿਸ ਪੰਜਾਬ ਦੇ' ਪਾਰਟੀ ਨੂੰ ਮਜ਼ਬੂਤ ਕਰਨ ਦੀ ਅਪੀਲ

ਮਲੋਟ (ਗੁਰਮੀਤ ਸਿੰਘ ਮੱਕੜ)-ਪੰਜਾਬ ਦੀ ਨਵੀਂ ਬਣੀ ਪਾਰਟੀ 'ਅਕਾਲੀ ਦਲ ਵਾਰਿਸ ਪੰਜਾਬ ਦੇ' ਵੱਲੋਂ ਇੱਕ ਕਾਨਫ਼ਰੰਸ ਮਲੋਟ ਵਿਖੇ ਜ਼ਿਲ੍ਹਾ ਅਬਜ਼ਰਵਰ ਦਵਿੰਦਰ ਸਿੰਘ ਹਰੀਏਵਾਲ ਦੀ ਅਗਵਾਈ ਵਿਚ ਕੀਤੀ ਗਈ। ਪ੍ਰੈਸ ਕਾਨਫ਼ਰੰਸ ਨੂੰ ਸੰਬੋਧਨ ਕਰਦੇ ਹੋਏ ਹਰੀਏਵਾਲ ਨੇ ਕਿਹਾ ਕਿ ਉਨ੍ਹਾਂ ਵੱਲੋਂ ਇੱਕ ਨਵੀਂ ਸਿਆਸੀ ਪਾਰਟੀ 'ਅਕਾਲੀ ਦਲ ਵਾਰਿਸ ਪੰਜਾਬ ਦੇ' ਬਣਾਈ ਗਈ ਹੈ, ਜਿਸ ਵਿਚ ਪੂਰੇ ਪੰਜਾਬ ਵਿਚ ਚੰਗੀ ਸੋਚ ਵਾਲੇ ਲੋਕਾਂ ਦੀ ਭਰਤੀ ਸ਼ੁਰੂ ਕੀਤੀ ਗਈ ਅਤੇ ਉਨ੍ਹਾਂ ਵੱਲੋਂ ਹਰ ਜ਼ਿਲ੍ਹੇ ਵਿਚ ਪੰਜ ਮੈਂਬਰੀ ਕਮੇਟੀਆਂ ਬਣਾਈਆਂ ਹੋਈਆਂ ਹਨ। ਉਨ੍ਹਾਂ ਕਿਹਾ ਕਿ ਇਸੇ ਭਰਤੀ ਮੁਹਿੰਮ ਦੇ ਸਿਲਸਿਲੇ ਵਿਚ ਉਹ ਅੱਜ ਇੱਥੇ ਆਏ ਹਨ ਅਤੇ ਉਨ੍ਹਾਂ ਵੱਲੋਂ ਸ਼੍ਰੀ ਮੁਕਤਸਰ ਸਾਹਿਬ ਦੀ ਸਮੂਹ ਸੰਗਤ ਨੂੰ ਇਸ ਪਾਰਟੀ ਨਾਲ ਜੁੜਣ ਦੀ ਅਪੀਲ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਜੇਕਰ ਪੰਜਾਬ ਨੂੰ ਤਰੱਕੀ ਦੀਆਂ ਲੀਹਾਂ 'ਤੇ ਲੈਕੇ ਆਉਣਾ ਹੈ ਤਾਂ ਉਨ੍ਹਾਂ ਦੀ ਪਾਰਟੀ ਦੇ ਮੈਂਬਰ ਬਣ ਕੇ ਪਾਰਟੀ ਨੂੰ ਮਜ਼ਬੂਤ ਕਰਕੇ ਆਉਣ ਵਾਲੀਆਂ ਚੋਣਾਂ ਵਿਚ ਇੱਕ ਚੰਗਾ ਪਲੇਟਫ਼ਾਰਮ ਤਿਆਰ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਜੇਕਰ ਜਵਾਨੀ, ਕਿਸਾਨੀ ਅਤੇ ਪੰਜਾਬ ਨੂੰ ਬਚਾਉਣਾ ਹੈ ਤਾਂ ਉਨ੍ਹਾਂ ਦੀ ਪਾਰਟੀ ਦਾ ਸਾਥ ਦਿੱਤਾ ਜਾਵੇ। ਇਸ ਮੌਕੇ 'ਤੇ ਕੈਪਟਨ ਪਰਮਜੀਤ ਸਿੰਘ, ਤਜਿੰਦਰ ਸਿੰਘ ਢਿੱਲੋਂ, ਰਾਜਾ ਵਾਦੀਆਂ, ਬੂਟਾ ਸਿੰਘ ਖਾਲਸਾ, ਪਰਮਿੰਦਰ ਸਿੰਘ ਵਣਵਾਲਾ ਆਦਿ ਹਾਜ਼ਰ ਸਨ।

ਨਰੇਗਾ ਮੁਲਾਜ਼ਮਾਂ ਦਾ ਧਰਨਾ ਜਾਰੀ

ਨਿਹਾਲ ਸਿੰਘ ਵਾਲਾ(ਲਵਲੀ ਮਾਛੀਕੇ)

ਆਪਣੀਆ ਸੇਵਾਵਾਂ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਵਿੱਚ ਰੈਗੂਲਰ ਕਰਵਾਉਣ ਦੀ ਮੰਗ ਨੂੰ ਲੈ ਕੇ ਪਿਛਲੇ 16 ਸਾਲਾਂ ਤੋਂ ਸੰਘਰਸ਼ ਕਰ ਰਹੇ ਨਰੇਗਾ ਮੁਲਾਜ਼ਮਾਂ ਵੱਲੋਂ ਅੱਜ ਇਥੇ ਬਲਾਕ ਵਿਕਾਸ ਅਤੇ ਪੰਚਾਇਤ ਅਫ਼ਸਰ ਨਿਹਾਲ ਸਿੰਘ ਵਾਲਾ ਦੇ ਦਫ਼ਤਰ ਵਿਖੇ ਲਗਾਇਆ ਧਰਨਾ ਦੂਜੇ ਦਿਨ ਵੀ ਜਾਰੀ ਰਿਹਾ।ਪ੍ਰੈੱਸ ਨੂੰ ਬਿਆਨ ਜਾਰੀ ਕਰਦਿਆਂ ਬਲਾਕ ਪ੍ਰਧਾਨ ਹਰਕੰਵਲ ਸਿੰਘ ਨੇ ਦੱਸਿਆ ਕਿ ਨਰੇਗਾ ਧਰਨੇ ਦੇ ਮੱਦੇਨਜ਼ਰ ਬੀਤੀ ਕੱਲ੍ਹ ਸੰਯੁਕਤ ਵਿਕਾਸ ਕਮਿਸ਼ਨਰ ਸ਼ੇਨਾ ਅਗਰਵਾਲ ਵੱਲੋਂ ਯੂਨੀਅਨ ਦੇ ਵਫ਼ਦ ਨਾਲ ਮੀਟਿੰਗ ਕੀਤੀ ਗਈ, ਜਿਸ ਵਿੱਚ ਉਨ੍ਹਾਂ ਨੇ 16 ਸਾਲ ਪੁਰਾਣਾ ਬਹਾਨਾ ਕਿ ਨਰੇਗਾ ਮੁਲਾਜ਼ਮ ਕੇਂਦਰ ਦੇ ਹਨ, ਸੁਣਾ ਕੇ ਪੱਲਾ ਝਾੜ ਦਿੱਤਾ।ਇਸ 'ਤੇ ਨਰੇਗਾ ਕਰਮਚਾਰੀ ਯੂਨੀਅਨ ਪੰਜਾਬ ਦੇ ਸੂਬਾਈ ਆਗੂਆਂ ਵੱਲੋਂ 26-05-2023 ਤੋਂ ਲੈ ਕੇ ਅੱਜ ਤੱਕ ਪੰਚਾਇਤ ਵਿਭਾਗ ਵੱਲੋਂ ਨਰੇਗਾ ਮੁਲਾਜ਼ਮਾਂ ਨੂੰ ਪੱਕੇ ਕਰਨ ਦੀ ਚੱਲੀ ਪ੍ਰਕਿਰਿਆ ਦੇ ਪੱਤਰ ਸੌਂਪੇ ਗਏ। ਇੱਥੇ ਦੱਸਣਯੋਗ ਹੈ ਕਿ ਨਰੇਗਾ ਮੁਲਾਜ਼ਮਾਂ ਨੂੰ ਪੰਜਾਬ ਸਰਕਾਰ ਦੀ ਨਵੀਂ ਪਾਲਿਸੀ ਤਹਿਤ ਪੱਕੇ ਕਰਨ ਦੀ ਮਨਜ਼ੂਰੀ ਪ੍ਰੋਸੋਨਲ ਅਤੇ ਵਿੱਤ ਵਿਭਾਗ ਵੱਲੋਂ ਕੀਤੀ ਜਾ ਚੁੱਕੀ ਹੈ।ਵਿਭਾਗ ਵੱਲੋਂ ਨਰੇਗਾ ਮੁਲਾਜ਼ਮਾਂ ਦੇ ਦਸਤਾਵੇਜ਼ ਵੀ ਵੈਰੀਫਾਈ ਕਰ ਲਏ ਗਏ ਹਨ।ਵਿਭਾਗ ਦੇ ਉਸ ਵੇਲੇ ਦੇ ਪੰਚਾਇਤ ਮੰਤਰੀ ਬਦਲਣ ਨਾਲ ਇਹ ਪ੍ਰਕਿਰਿਆ ਇੱਕਦਮ ਰੁਕ ਚੁੱਕੀ ਹੈ।ਯੂਨੀਅਨ ਆਗੂਆਂ ਨੇ ਰੋਸ਼ ਜ਼ਾਹਿਰ ਕੀਤਾ ਕਿ ਜਦੋਂ ਵੀ ਨਰੇਗਾ ਮੁਲਾਜ਼ਮ ਆਪਣੀ ਨੌਕਰੀ ਪੱਕੀ ਕਰਨ ਦੀ ਮੰਗ ਕਰਦੇ ਹਨ ਤਾਂ ਵਿਭਾਗ ਵੱਲੋਂ ਸ਼ੁਰੂ ਤੋਂ ਕੇਸ ਤੋਰਨ ਦੇ ਜਾਂ ਕੇਂਦਰ ਦੇ ਮੁਲਾਜ਼ਮ ਹੋਣ ਦੀ ਬਹਾਨੇਬ

7 Mar Page-8.qxd 3/6/2025 11:26 PM Page 1

ਵਿਧਾਇਕ ਨੇ ਤਹਿਸੀਲ 'ਚ ਰਜਿਸਟਰੀਆਂ ਦੇ ਕੰਮ ਦਾ ਲਿਆ ਜਾਇਜ਼ਾ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ) — ਆਪਣੀ ਰਜਿਸਟਰੀ ਕਰਵਾਉਣ ਲਈ ਚਿੰਤਤ ਪ੍ਰਵਾਸੀ ਭਾਰਤੀ ਸ਼ਰਨਜੀਤ ਕੌਰ (45) ਨੇ ਪੰਜਾਬ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਰਜਿਸਟਰੀ ਹੋ ਜਾਣ ਸਦਕਾ ਉਹ ਬੁੱਧਵਾਰ ਸ਼ਾਮ ਨੂੰ ਆਪਣੀ ਵਾਪਸੀ ਫਲਾਈਟ ਲੈ ਸਕੇ ਹਨ। ਵਿਧਾਇਕ ਬ੍ਰਮ ਸ਼ੰਕਰ ਜਿੰਪਾ, ਜੋ ਸਵੇਰੇ ਸਥਾਨਕ ਤਹਿਸੀਲ ਕੰਪਲੈਕਸ ਵਿਖੇ ਪਹੁੰਚ ਕੇ ਰਜਿਸਟਰੀਆਂ ਦੇ ਕੰਮਕਾਜ ਦੀ ਸਮੀਖਿਆ ਅਤੇ ਲੋਕਾਂ ਨਾਲ ਗੱਲਬਾਤ ਕਰ ਰਹੇ ਸਨ, ਨੇ ਆਪਣੀ ਮੌਜੂਦਗੀ ਵਿਚ ਪਿੰਡ ਬਬੇਲੀ ਨਾਲ ਸਬੰਧਤ ਐਨ.ਆਰ.ਆਈ. ਸ਼ਰਨਜੀਤ ਕੌਰ ਦੀ ਪ੍ਰਾਪਰਟੀ ਦੀ ਰਜਿਸਟਰੀ ਕਰਵਾਈ। ਜਿੰਪਾ ਨੇ ਕਿਹਾ ਕਿ ਉਨ੍ਹਾਂ ਖੁਦ ਅਧਿਕਾਰੀਆਂ/ਕਰਮਚਾਰੀਆਂ ਨਾਲ ਗੱਲਬਾਤ ਕਰਕੇ ਸਪਸ਼ਟ ਕੀਤਾ ਹੈ ਕਿ ਮਾਲ ਵਿਭਾਗ ਦੇ ਦਫ਼ਤਰਾਂ ਵਿਚ ਲੋਕਾਂ ਨੂੰ ਕੋਈ ਦਿੱਕਤ ਪੇਸ਼ ਨਾ ਆਵੇ। ਤਹਿਸੀਲ ਕੰਪਲੈਕਸ ਵਿਖੇ ਦੌਰਾ ਕਰਨ ਉਪਰੰਤ ਵਿਧਾਇਕ ਜਿੰਪਾ ਨੇ ਕਿਹਾ ਕਿ ਉਨ੍ਹਾਂ ਦੇ ਧਿਆਨ ਵਿਚ ਆਇਆ ਸੀ ਕਿ ਕੁਝ ਐਨ.ਆਰ.ਆਈਜ਼ ਦੀ ਬੁੱਧਵਾਰ ਰਾਤ ਦੀ ਫਲਾਈਟ ਹੈ ਅਤੇ ਉਨ੍ਹਾਂ ਆਪਣੀ ਪ੍ਰਾਪਰਟੀ ਦੀ ਰਜਿਸਟਰੀ ਲਈ ਪਹਿਲਾਂ ਹੀ ਸਮਾਂ ਲਿਆ ਹੋਇਆ ਹੈ। ਉਨ੍ਹਾਂ ਦੱਸਿਆ ਕਿ ਉਹ ਸਵੇਰੇ 09:30 ਵਜੇ ਤਹਿਸੀਲ ਕੰਪਲੈਕਸ ਵਿਖੇ ਪਹੁੰਚ ਗਏ ਸਨ ਜਿਥੇ ਸਾਰੇ ਸਬੰਧਤ ਅਧਿਕਾਰੀ ਮੌਜੂਦ ਸਨ ਅਤੇ ਲੋਕਾਂ ਦੀਆਂ ਰਜਿਸਟਰੀਆਂ ਹੋ ਰਹੀਆਂ ਸਨ। ਐਨ.ਆਰ.ਆਈ. ਸ਼ਰਨਜੀਤ ਕੌਰ ਨੇ ਆਪਣੀ ਰਜਿਸਟਰੀ ਕਰਵਾਉਣ ਉਪਰੰਤ ਕਿਹਾ ਕਿ ਉਹ ਇਸ ਕਾਰਜ ਲਈ ਚਿੰਤਤ ਸਨ ਪਰ ਪੰਜਾਬ ਸਰਕਾਰ ਦੇ ਨਿਰਦੇਸ਼ਾਂ ਅਨੁਸਾਰ ਰਜਿਸਟਰੀਆਂ ਦਾ ਕੰਮ ਲਗਾਤਾਰ ਸ਼ੁਰੂ ਹੋਣ ਨਾਲ ਉਨ੍ਹਾਂ ਨੂੰ ਵੱਡੀ ਰਾਹਤ ਮਿਲੀ ਹੈ ਜਿਸ ਲਈ ਉਹ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਧੰਨਵਾਦੀ ਹਨ।

ਪੁਲਸ ਵੱਲੋਂ ਰੋਕੇ ਜਾਣ 'ਤੇ ਕਿਸਾਨਾਂ ਨੇ ਸੜਕ 'ਤੇ ਲਾਇਆ ਧਰਨਾ

ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ) ਸੰਯੁਕਤ ਕਿਸਾਨ ਮੋਰਚਾ ਦੇ ਸੱਦੇ ਤੇ ਚੰਡੀਗੜ੍ਹ ਜਾ ਰਹੇ ਕਿਰਤੀ ਕਿਸਾਨ ਯੂਨੀਅਨ ਨਾਲ ਸਬੰਧਤ 150 ਦੇ ਕਰੀਬ ਕਿਸਾਨਾਂ ਨੂੰ 11:30 ਵਜੇ ਪੁਲਸ ਨੇ ਚੰਡੀਗੜ੍ਹ ਰੋਡ ਪਿੰਡ ਗੜ੍ਹੀ ਕਾਨੂੰਗੋ ਨਜਦੀਕ ਰੋਕ ਲਿਆ ।ਕਿਸਾਨਾਂ ਨੇ ਸੜਕ ਵਿੱਚ ਟਰੈਕਟਰ ਟਰਾਲੀਆਂ ਲਾ ਕੇ ਸੜਕ ਦੇ ਇਕ ਪਾਸੇ ਦੀ ਆਵਾਜਾਈ ਰੋਕ ਦਿੱਤੀ।ਪੁਲਸ ਨੇ ਦੋਵੇਂ ਪਾਸਿਆਂ ਦੀ ਆਵਾਜਾਈ ਇਕ ਪਾਸੇ ਤੋਂ ਲੰਘਾਈ।ਕਿਸਾਨ ਇਕ ਪਾਸੇ ਦੀ ਸੜਕ ਉੱਤੇ ਧਰਨਾ ਮਾਰਕੇ ਬੈਠ ਗਏ ਅਤੇ ਭਾਸ਼ਣ ਸ਼ੁਰੂ ਕਰ ਦਿੱਤੇ।ਇਸ ਮੌਕੇ ਕਿਰਤੀ ਕਿਸਾਨ ਯੂਨੀਅਨ ਦੇ ਸੁਰਿੰਦਰ ਸਿੰਘ ਬੈਂਸ ਜ਼ਿਲ੍ਹਾ ਪ੍ਰਧਾਨ, ਭੁਪਿੰਦਰ ਸਿੰਘ ਵੜੈਚ ਸੂਬਾ ਕਮੇਟੀ ਮੈਂਬਰ, ਤਰਸੇਮ ਸਿੰਘ ਬੈਂਸ ਜ਼ਿਲ੍ਹਾ ਸਕੱਤਰ, ਸੁਰਜੀਤ ਕੌਰ ਉਟਾਲ ਜ਼ਿਲ੍ਹਾ ਪ੍ਰਧਾਨ ਇਸਤਰੀ ਵਿੰਗ ,ਕੁਲਵਿੰਦਰ ਸਿੰਘ ਚਾਹਲ,ਸੁਰਿੰਦਰ ਸਿੰਘ ਮਹਿਰਮ ਪੁਰ ਪ੍ਰਧਾਨ ਇਲਾਕਾ ਔੜ,ਪਰਮਜੀਤ ਸਿੰਘ ਸ਼ਹਾਬ ਪੁਰ ਪ੍ਰਧਾਨ ਇਲਾਕਾ ਨਵਾਂਸ਼ਹਿਰ ਨੇ ਸੰਬੋਧਨ ਕੀਤਾ।ਆਗੂਆਂ ਨੇ ਪੁਲਸ ਵਲੋਂ ਕਿਸਾਨਾਂ ਨੂੰ ਰੋਕੇ ਜਾਣ ਦੀ ਸਖਤ ਨਿੰਦਾ ਕਰਦਿਆਂ ਇਸਨੂੰ ਭਗਵੰਤ ਮਾਨ ਸਰਕਾਰ ਦੀ ਤਾਨਾਸ਼ਾਹੀ ਕਰਾਰ ਦਿੱਤਾ।ਉਹਨਾਂ ਕਿਹਾ ਕਿ ਜਿਲਾ ਸ਼ਹੀਦ ਭਗਤ ਸਿੰਘ ਨਗਰ ਦੀ ਪੁਲਸ ਵਲੋਂ ਸੰਯੁਕਤ ਕਿਸਾਨ ਮੋਰਚਾ ਦੇ ਆਗੂਆਂ ਦੇ ਘਰਾਂ ਉੱਤੇ ਛਾਪੇ ਮਾਰਕੇ ਕਈਆਂ ਨੂੰ ਗ੍ਰਿਫ਼ਤਾਰ ਕੀਤਾ ਅਤੇ ਕਈ ਆਗੂ ਪੁਲਸ ਦੇ ਹੱਥ ਨਹੀਂ ਆਏ।ਆਗੂਆਂ ਨੇ ਕਿਹਾ ਕਿ ਮਾਨ ਸਰਕਾਰ ਇਸ ਤਰ੍ਹਾਂ ਕਿਸਾਨੀ ਸੰਘਰਸ਼ ਨੂੰ ਦਬਾਅ ਨਹੀਂ ਸਕਦੀ।ਇਹ ਸੰਘਰਸ਼ ਸਗੋਂ ਹੋਰ ਤਿੱਖਾ ਹੋਵੇਗਾ।

ਪੇਂਡੂ ਮਜ਼ਦੂਰ ਯੂਨੀਅਨ ਨੇ ਸੂਬਾ ਸਰਕਾਰ ਦਾ ਪੁਤਲਾ ਸਾੜ ਕੇ ਕੀਤੀ ਨਾਅਰੇਬਾਜ਼ੀ

ਕਰਤਾਰਪੁਰ (ਰਰਮੇਸ਼ ਦੱਤ) ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਸੂਬਾਈ ਸੱਦੇ ਤਹਿਤ ਅੱਜ ਏਥੇ ਯੂਨੀਅਨ ਦੀ ਇਲਾਕਾ ਕਮੇਟੀ ਵਲੋਂ ਭਗਵੰਤ ਮਾਨ ਸਰਕਾਰ ਦੁਆਰਾ ਪੰਜਾਬ ਭਰ ਵਿੱਚ ਅਣ ਐਲਾਨੀ ਐਮਰਜੈਂਸੀ ਲਗਾ ਕੇ ਚੰਡੀਗੜ੍ਹ ਜਾ ਰਹੇ ਕਿਸਾਨਾਂ ਨੂੰ ਜ਼ਬਰੀ ਰੋਕਣ ਲਈ ਥਾਂ ਥਾਂ ਪੁਲਸ ਰੋਕਾਂ ਲਗਾਉਣ, ਸੰਯੁਕਤ ਕਿਸਾਨ ਮੋਰਚਾ ਦੇ ਚੰਡੀਗੜ੍ਹ ਮੋਰਚੇ ਨੂੰ ਅਸਫ਼ਲ ਬਣਾਉਣ ਲਈ ਪੰਜਾਬ ਭਰ ਵਿੱਚ ਕਿਸਾਨ ਆਗੂਆਂ ਦੀਆਂ ਗ੍ਰਿਫ਼ਤਾਰੀਆਂ, ਛਾਪੇਮਾਰੀਆਂ ਲਈ ਚਲਾਏ ਦਮਨ ਚੱਕਰ ਚਲਾਉਣ ਵਿਰੁੱਧ ਸਥਾਨਕ ਮੁੱਖ ਚੌਕ ਪੁੱਲ ਹੇਠ ਮੁਜ਼ਾਹਰਾ ਕੀਤਾ ਗਿਆ ਅਤੇ ਮੁੱਖ ਮੰਤਰੀ ਪੰਜਾਬ ਸਰਕਾਰ ਦਾ ਪੁਤਲਾ ਕੇ ਜ਼ੋਰਦਾਰ ਨਾਅਰੇਬਾਜ਼ੀ ਕੀਤੀ। ਇਸ ਮੌਕੇ ਯੂਨੀਅਨ ਦੇ ਯੂਥ ਵਿੰਗ ਦੇ ਸੂਬਾ ਆਗੂ ਗੁਰਪ੍ਰੀਤ ਸਿੰਘ ਚੀਦਾ, ਯੂਨੀਅਨ ਦੇ ਤਹਿਸੀਲ ਆਗੂ ਬਲਵਿੰਦਰ ਕੌਰ ਦਿਆਲਪੁਰ,ਕੇ ਐੱਸ ਅਟਵਾਲ ਨੇ ਸੰਯੁਕਤ ਕਿਸਾਨ ਮੋਰਚਾ ਦੇ ਸੰਘਰਸ਼ ਦੀ ਹਮਾਇਤ ਕਰਨ ਦਾ ਐਲਾਨ ਕੀਤਾ ਹੈ। ਉਨ੍ਹਾਂ ਕਿਹਾ ਕਿ ਪੂਰੇ ਪੰਜਾਬ ਨੂੰ ਖੁੱਲ੍ਹੀ ਜੇਲ੍ਹ ਵਿੱਚ ਤਬਦੀਲ ਕਰਦਿਆਂ ਸੰਯੁਕਤ ਕਿਸਾਨ ਮੋਰਚਾ ਵਲੋਂ ਕਿਸਾਨੀ ਮੰਗਾਂ ਨੂੰ ਲੈ ਕੇ 5 ਮਾਰਚ ਨੂੰ ਸੂਬੇ ਦੀ ਰਾਜਧਾਨੀ ਚੰਡੀਗੜ੍ਹ ਵਿਖੇ ਲਗਾਏ ਜਾ ਰਹੇ ਮੋਰਚੇ ਨੂੰ ਅਸਫ਼ਲ ਬਣਾਉਣ ਦਾ ਭਰਮ ਪਾਲਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸਰਕਾਰ

ਕੰਧ ਉੱਤੇ ਲਿਖਿਆ ਪੜ੍ਹ ਲਵੇ ਕਿ ਜਿੱਥੇ ਜ਼ਬਰ ਹੈ, ਉੱਥੇ ਟਾਕਰਾ ਵੀ ਹੈ,ਦੇ ਸਿਧਾਂਤ ਉੱਪਰ ਪੈਹਿਰਾ ਦਿੰਦੇ ਹੋਏ ਮਿਹਨਤੀ ਲੋਕ ਭਗਵੰਤ ਮਾਨ ਸਰਕਾਰ ਦੇ ਹਰ ਜ਼ਬਰ ਦਾ ਟਾਕਰਾ ਕਰਦੇ ਹੋਏ ਆਪਣੇ ਸੰਘਰਸ਼ ਨੂੰ ਜਾਰੀ ਰੱਖਣਗੇ। ਉਨ੍ਹਾਂ ਕਿਹਾ ਕਿ ਇੱਕ ਪਾਸੇ ਮੁੱਖ ਮੰਤਰੀ ਦਾ ਕਹਿਣਾ ਸੀ ਕਿ ਜੇਕਰ ਧਰਨੇ ਮੁਜ਼ਾਹਰੇ ਕਰਨੇ ਹਨ ਤਾਂ ਮੇਰੇ ਘਰ ਅੱਗੇ ਲਗਾਓ, ਹੁਣ ਜਦੋਂ ਕਿਸਾਨ ਮੁੱਖ ਮੰਤਰੀ ਦੇ ਚੰਡੀਗੜ੍ਹ ਸਥਿਤ ਘਰ ਅੱਗੇ ਮੋਰਚਾ ਲਗਾਉਣ ਜਾ ਰਹੇ ਹਨ ਤਾਂ ਉਹਨਾਂ ਦੀ ਫੜੋਫੜੀ,ਛਾਪੇਮਾਰੀਆਂ ਕਰਕੇ ਸਾਬਿਤ ਕਰ ਦਿੱਤਾ ਹੈ ਕਿ ਮੁੱਖ ਮੰਤਰੀ ਗਪੌੜ ਛੱਡ ਰਿਹਾ ਸੀ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵਲੋਂ ਚਲਾਏ ਦਮਨ ਚੱਕਰ ਨੇ ਭਗਵੰਤ ਮਾਨ ਸਰਕਾਰ ਦਾ ਕਿਸਾਨ ਮਜ਼ਦੂਰ ਵਿਰੋਧੀ ਚਿਹਰਾ ਵੀ ਨੰਗਾ ਕਰ ਦਿੱਤਾ ਹੈ।ਉਨ੍ਹਾਂ ਕਿਹਾ ਕਿ ਸੂਬੇ ਪੱਧਰ ਤੋਂ ਲੈ ਕੇ ਬਲਾਕ ਪੱਧਰੀ ਆਗੂਆਂ ਨੂੰ ਗ੍ਰਿਫ਼ਤਾਰ ਹੀ ਕੀਤਾ ਗਿਆ ਸਗੋਂ ਖ਼ੁਦ ਬੁਲਾਈ ਮੀਟਿੰਗ ਦੌਰਾਨ ਮੁੱਖ ਮੰਤਰੀ ਭਗਵੰਤ ਮਾਨ ਵਲੋਂ ਕਿਸਾਨਾਂ ਨੂੰ ਧਮਕੀ ਦੇਣਾ ਅਤੇ ਕਿਸਾਨੀ ਮੰਗਾਂ ਨੂੰ ਸਿਰੇ ਤੋਂ ਨਕਾਰਨਾ, ਮੁੱਖ ਮੰਤਰੀ ਵਲੋਂ ਅਹੁਦੇ ਦੀ ਮਰਿਆਦਾ ਦਾ ਉਲੰਘਣ ਵੀ ਕੀਤਾ ਗਿਆ। ਇਸ ਤੋਂ ਇਲਾਵਾ ਕਿਸਾਨੀ ਸੰਘਰਸ਼ ਖ਼ਿਲਾਫ਼ ਗਲਤ ਟਿੱਪਣੀਆਂ ਕਰਨ ਅਤੇ ਚੰਡੀਗੜ੍ਹ ਵਿੱਚ ਪ੍ਰਦਰਸ਼ਨ ਕਰਨ ਦੀ ਇਜਾਜ਼ਤ ਨਾ ਦੇ ਕੇ ਜ਼ੁਬਾਨਬੰਦੀ ਕਰਨ ਦੀ ਕੋਝੀ ਕੋਸ਼ਿਸ਼ ਅਤਿ ਨਿੰਦਣਯੋਗ ਹੈ। ਇਸ ਮੌਕੇ ਯੂਨੀਅਨ ਦੇ ਆਗੂ ਇਕਬਾਲ ਸਿੰਘ,ਅਮਰੀਕ ਸਿੰਘ ਬੁਲੇਵਾਲ,ਨਾਵਲ ਗਿੱਲ ਟਾਹਲੀ, ਇਸਤਰੀ ਜਾਗ੍ਰਿਤੀ ਮੰਚ ਦੇ ਸੂਬਾਈ ਪ੍ਰੈਸ ਸਕੱਤਰ ਜਸਵੀਰ ਕੌਰ ਜੱਸੀ, ਬਲਵਿੰਦਰ ਕੌਰ ਘੁੱਗ ਅਤੇ ਦਲਜੀਤ ਕੌਰ ਪਾੜਾ ਆਦਿ ਨੇ ਸੰਬੋਧਨ ਕੀਤਾ।

ਨਗਰ ਕੌਂਸਲ ਦਫਤਰ ਅੱਗੇ ਧਰਨਾ ਅੱਜ

ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ) ਮੁਹੱਲਾ ਗੁਰੂ ਤੇਗਬਹਾਦਰ ਨਗਰ ਨਵਾਂਸ਼ਹਿਰ ਦੀ ਕਾਮਰੇਡ ਵਾਲੀ ਗਲੀ ਵਿੱਚ ਕਈ ਦਿਨਾਂ ਤੋਂ ਸੀਵਰੇਜ ਦੇ ਗੰਦਾ ਪਾਣੀ ਦੀ ਸਮੱਸਿਆ ਦੂਰ ਕਰਨ ਦੀ ਮੰਗ ਨੂੰ ਲੈ ਕੇ ਮੁਹੱਲਾ ਵਾਸੀ 7 ਮਾਰਚ ਨੂੰ ਨਗਰ ਕੌਂਸਲ ਦਫਤਰ ਨਵਾਂਸ਼ਹਿਰ ਅੱਗੇ ਧਰਨਾ ਦੇਣਗੇ।ਇਸ ਸਬੰਧੀ ਮੁਹੱਲਾ ਵਾਸੀਆਂ ਦੀ ਮੀਟਿੰਗ ਕੀਤੀ ਗਈ ।ਕੁਲਵਿੰਦਰ ਸਿੰਘ ਵੜੈਚ ਨੇ ਕਿਹਾ ਕਿ ਨਗਰ ਕੌਂਸਲ ਦੇ ਕਾਰਜਸਾਧਕ ਅਫਸਰ ਨੂੰ ਕਈ ਦਿਨ ਪਹਿਲਾਂ ਜਾਣਕਾਰੀ ਦੇ ਦਿੱਤੀ ਗਈ ਸੀ ਪਰ ਇਸਦਾ ਹੱਲ ਅੱਜ ਤੱਕ ਨਹੀਂ ਕੀਤਾ ਗਿਆ।ਗਲੀ ਵਿੱਚ ਮੁਸ਼ਕ ਮਾਰਦਾ ਖੜ੍ਹਾ ਗੰਦਾ ਪਾਣੀ ਬਿਮਾਰੀਆਂ ਨੂੰ ਸੱਦਾ ਦੇ ਰਿਹਾ ਹੈ।ਉਹਨਾਂ ਕਿਹਾ ਕਿ ਜੇਕਰ 6 ਮਾਰਚ ਤੱਕ ਇਸ ਸਮੱਸਿਆ ਦਾ ਹੱਲ ਨਾ ਕੀਤਾ ਗਿਆ ਤਾਂ 7 ਮਾਰਚ ਨੂੰ ਨਗਰ ਕੌਂਸਲ ਦੇ ਦਫਤਰ ਅੱਗੇ ਧਰਨਾ ਦਿੱਤਾ ਜਾਵੇਗਾ।

ਭਲਕੇ ਆਨੰਦਪੁਰ ਸਾਹਿਬ ਵਿਖੇ ਕੀਤੀ ਜਾਵੇਗੀ ਵਿਸ਼ਾਲ ਸੂਬਾ ਪੱਧਰੀ ਰੈਲੀ : ਸੁਰਿੰਦਰ ਪੁਆਰੀ

ਫਿਲੌਰ, (ਰਰਜਿੰਦਰ ਕੌਰ ਚਾਹਲ, ਨਿਰਮਲ): -ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਸੁਰਿੰਦਰ ਪੁਆਰੀ, ਸਰਪ੍ਰਸਤ ਚਰਨ ਸਿੰਘ ਸਰਾਭਾ , ਸੀਨੀਅਰ ਮੀਤ ਪ੍ਰਧਾਨ ਅਤੇ ਕਾਰਜਕਾਰੀ ਜਨਰਲ ਸਕੱਤਰ ਪ੍ਰਵੀਨ ਕੁਮਾਰ ਲੁਧਿਆਣਾ ਤੇ ਜਿੰਦਰ ਪਾਇਲਟ,ਸੀਨੀਅਰ ਮੀਤ ਪ੍ਰਧਾਨ ਸੁਖਜਿੰਦਰ ਸਿੰਘ ਖਾਨਪੁਰ,ਸੂਬਾ ਸਲਾਹਕਾਰ ਪ੍ਰੇਮ ਚਾਵਲਾ , ਮੀਡੀਆ ਸਕੱਤਰ ਗੁਰਪ੍ਰੀਤ ਮਾੜੀਮੇਘਾ,ਪ੍ਰੈਸ ਸਕੱਤਰ ਟਹਿਲ ਸਿੰਘ ਸਰਾਭਾ,ਪਰਮਿੰਦਰ ਪਾਲ ਸਿੰਘ ਕਾਲੀਆ, ਨਵੀਨ ਸੱਚਦੇਵਾ,ਮਨਦੀਪ ਸਿੰਘ ਥਿੰਦ, ਰਾਕੇਸ਼ ਧਵਨ,ਕੁਲਦੀਪ ਸਿੰਘ ਸਹਿਦੇਵ ਅਤੇ ਜਸਪਾਲ ਸੰਧੂ ਆਗੂਆਂ ਨੇ ਕਿਹਾ ਕਿ ਪੰਜਾਬ ਵਿੱਚ ਬਦਲਾਅ ਦੇ ਨਾਂਅ 'ਤੇ ਬਣੀ ਸਰਕਾਰ ਤੋਂ ਪੰਜਾਬ ਦੇ ਮੁਲਾਜਮਾਂ, ਕਿਸਾਨਾਂ, ਮਜਦੂਰਾਂ ਅਤੇ ਵਿਦਿਆਰਥੀਆਂ ਨੂੰ ਬਹੁਤ ਉਮੀਦਾਂ ਸਨ ਪਰ ਸਾਰੇ ਵਰਗਾਂ ਦੀਆਂ ਉਮੀਦਾਂ ਧਰੀਆਂ-ਧਰਾਈਆਂ ਰਹਿ ਗਈਆਂ।ਦੋ ਏਜੰਡਿਆਂ ਸਿੱਖਿਆ ਅਤੇ ਸਿਹਤ ਨੂੰ ਮੁੱਖ ਰੱਖ ਕੇ ਬਣੀ ਸਰਕਾਰ ਨੇ ਦੋਵਾਂ ਖੇਤਰਾਂ ਵਿੱਚ ਪੰਜਾਬ ਨੂੰ ਪਿੱਛੇ ਧੱਕ ਦਿੱਤਾ ਹੈ।ਪੰਜਾਬ ਦਾ ਸਿੱਖਿਆ ਮੰਤਰੀ ਅਧਿਆਪਕਾਂ ਦੀਆਂ ਮੀਟਿੰਗਾਂ 'ਤੇ ਬੁਲਾ ਕੇ ਅਤੇ ਫਿਰ ਮੀਟਿੰਗਾਂ ਵਿੱਚ ਮੰਗਾਂ ਮੰਨ ਕੇ ਮੁੱਕਰ ਰਿਹਾ ਹੈ।ਪੰਜਾਬ ਦਾ ਸਿੱਖਿਆ ਮੰਤਰੀ ਚਲਦੀਆਂ ਮੀਟਿੰਗਾਂ ਵਿੱਚ ਅੱਧ ਵਿਚਕਾਰੋਂ ਭੱਜ ਰਿਹਾ ਹੈ।ਆਗੂਆਂ ਨੇ ਐਲਾਨ ਕੀਤਾ ਕਿ ਤਹਿਸੀਲ ਪੱਧਰੀ ਅਰਥੀ ਫੂਕ ਮੁਜਾਹਰਿਆਂ ਤੋਂ ਬਾਅਦ 8 ਮਾਰਚ ਨੂੰ ਆਨੰਦਪੁਰ ਸਾਹਿਬ ਵਿਖੇ ਸਾਂਝਾ ਅਧਿਆਪਕ ਮੋਰਚਾ ਪੰਜਾਬ ਵੱਲੋਂ ਵਿਸ਼ਾਲ ਸੂਬਾ ਪੱਧਰੀ ਰੈਲੀ ਕੀਤੀ ਜਾਵੇਗੀ।ਇਸ ਸਮੇਂ ਹਰਕਮਲ ਸਿੰਘ,ਬੂਟਾ ਮਸਾਣੀ, ਨਰਿੰਦਰ ਸੰਘਾ,ਬਲਬੀਰ ਕੁਮਾਰ ,ਹਰੀਸ਼ ਕੁਮਾਰ , ਜਗਜੀਤ ਸਿੰਘ ਰੰਧਾਵਾ, ਮੋਹਣ ਲਾਲ ,ਰੁਪੇਸ਼ਨਰ, ਪਰਦੀਪ ਸਿੰਘ ,ਅਸ਼ੋਕ ਕੁਮਾਰ ਮਹਿੰਮੀ, ਪ੍ਰੇਮ ਕੁਮਾਰ , ਵਿਸ਼ਾਲ ਸੈਣੀ ਸੰਦੀਪ ਗੜ੍ਹਾ ਸਰਬਜੀਤ ਸਿੰਘ ਧੌਸੀ ਆਦਿ ਅਧਿਆਪਕ ਆਗੂ ਹਾਜਰ ਸਨ।

ਨੌਜਵਾਨਾਂ ਵੱਲੋਂ ਮੈਰਿਟ ਦੇ ਅਧਾਰ 'ਤੇ ਸਰਕਾਰੀ ਨੌਕਰੀ ਦੇਣ ਲਈ ਮੁੱਖ ਮੰਤਰੀ ਦਾ ਧੰਨਵਾਦ

ਚੰਡੀਗੜ੍ਹ, (ਨਵਾਂ ਜ਼ਮਾਨਾ ਸਰਵਿਸ)- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਨਿਰੋਲ ਯੋਗਤਾ ਦੇ ਆਧਾਰ 'ਤੇ ਸਰਕਾਰੀ ਨੌਕਰੀਆਂ ਮਿਲਣ ਤੋਂ ਉਤਸ਼ਾਹਿਤ ਨਵ-ਨਿਯੁਕਤ ਉਮੀਦਵਾਰਾਂ ਨੇ ਇਸ ਨੇਕ ਪਹਿਲਕਦਮੀ ਲਈ ਮੁੱਖ ਮੰਤਰੀ ਦੀ ਭਰਵੀਂ ਸ਼ਲਾਘਾ ਕੀਤੀ।ਇੱਥੇ ਟੈਗੋਰ ਥੀਏਟਰ ਵਿਖੇ ਨਵ-ਨਿਯੁਕਤ ਨੌਜਵਾਨਾਂ ਨੂੰ ਨਿਯੁਕਤੀ ਪੱਤਰ ਦੇਣ ਮੌਕੇ ਕੁਝ ਨੌਜਵਾਨਾਂ ਨੇ ਮੁੱਖ ਮੰਤਰੀ ਅੱਗੇ ਆਪਣੇ ਦਿਲ ਦੇ ਵਲਵਲੇ ਸਾਂਝੇ ਕੀਤੇ।ਇਸ ਮੌਕੇ ਬਰਨਾਲਾ ਤੋਂ ਸਿਹਤ ਵਿਭਾਗ ਵਿੱਚ ਚੁਣੇ ਗਏ ਉਮੀਦਵਾਰ ਜਸਮੀਤ ਕੌਰ ਨੇ ਮੁੱਖ ਮੰਤਰੀ ਦਾ ਤਹਿ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਉਸ ਦਾ ਸੁਪਨਾ ਸਾਕਾਰ ਹੋਇਆ ਹੈ ਕਿਉਂਕਿ ਉਨ੍ਹਾਂ ਨੂੰ ਸਿਰਫ਼ ਯੋਗਤਾ ਦੇ ਆਧਾਰ 'ਤੇ ਰੈਗੂਲਰ ਨੌਕਰੀ ਮਿਲੀ ਹੈ। ਉਨ੍ਹਾਂ ਨੇ ਸੂਬੇ ਦੇ ਵਿਕਾਸ ਨੂੰ ਵੱਡਾ ਹੁਲਾਰਾ ਦੇਣ ਲਈ ਮੁੱਖ ਮੰਤਰੀ ਦਾ ਧੰਨਵਾਦ ਵੀ ਕੀਤਾ।ਆਪਣੇ ਵਿਚਾਰ ਸਾਂਝੇ ਕਰਦਿਆਂ ਸਿਹਤ ਵਿਭਾਗ ਵਿੱਚ ਚੁਣੇ ਗਏ ਮੈਡੀਕਲ ਅਫਸਰ ਡਾ. ਹਰਮੀਤ ਸਿੰਘ ਨੇ ਕਿਹਾ ਕਿ ਪਾਰਦਰਸ਼ੀ ਢੰਗ ਨਾਲ ਨੌਕਰੀਆਂ ਦੇਣਾ ਸਾਡੇ ਸਾਰਿਆਂ ਲਈ ਵੱਡੀ ਪ੍ਰਾਪਤੀ ਹੈ।ਉਨ੍ਹਾਂ ਨੇ ਮੁੱਖ ਮੰਤਰੀ ਨੂੰ ਭਰੋਸਾ ਦਿੱਤਾ ਕਿ ਉਹ ਆਪਣੀ ਡਿਊਟੀ ਪੂਰੀ ਵਚਨਬੱਧਤਾ ਅਤੇ ਇਮਾਨਦਾਰੀ ਨਾਲ ਨਿਭਾਉਣਗੇ। ਸਹਿਕਾਰੀ ਬੈਂਕ ਵਿੱਚ ਚੁਣੀ ਗਈ ਸਮਾਣਾ ਤੋਂ ਸ਼ੈਲੀ ਰਾਣੀ ਨੇ ਕਿਹਾ ਕਿ ਉਹ ਇਹ ਨੌਕਰੀ ਦੇਣ ਲਈ ਮੁੱਖ ਮੰਤਰੀ ਦੀ ਰਿਣੀ ਹੈ। ਉਸ ਨੇ ਕਿਹਾ ਕਿ ਇਹ ਬਹੁਤ ਹੀ ਅਸਾਧਾਰਨ ਗੱਲ ਹੈ ਕਿ ਨੌਜਵਾਨਾਂ ਨੂੰ ਏਨੀ ਵੱਡੀ ਗਿਣਤੀ ਵਿੱਚ ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ ਹਨ।

ਪੰਜਾਬ ਸਰਕਾਰ ਦਾ ਵਾਅਦਾ ਵਫ਼ਾ ਨਹੀ ਹੋਇਆ : ਆਹਲੂਵਾਲੀਆ

ਸ਼ਾਹਕੋਟ (ਗਿਆਨ ਸੈਦਪੁਰੀ) ਗੌਰਮਿੰਟ ਪ੍ਰਾਇਮਰੀ ਟੀਚਰਜ਼ ਯੂਨੀਅਨ ਪੰਜਾਬ ਦੇ ਸਾਬਕਾ ਪ੍ਰਧਾਨ ਗੁਰਦੀਪ ਸਿੰਘ ਆਹਲੂਵਾਲੀਆ ਨੇ ਪੇ ਕਮਿਸ਼ਨ ਦੇ ਬਕਾਏ ਦੇ ਮਾਮਲੇ ਵਿੱਚ ਪੰਜਾਬ ਸਰਕ

7 Mar Page-9.qxd 3/6/2025 11:23 PM Page 1

ਪੁਰਾਣੀ ਪੈਨਸ਼ਨ ਪ੍ਰਾਪਤੀ ਫਰੰਟ ਨੇ ਵਿਧਾਇਕ ਘੁੰਮਣ ਨੂੰ ਦਿੱਤਾ ਮੰਗ ਪੱਤਰ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)— ਪੁਰਾਣੀ ਪੈਨਸ਼ਨ ਪ੍ਰਾਪਤੀ ਫਰੰਟ ਪੰਜਾਬ (ਪੀ.ਪੀ.ਪੀ.ਐੱਫ.) ਦਾ ਇੱਕ ਵਫਦ ਜਸਵਿੰਦਰ ਝਿੰਗੜ, ਜੀਵਨ ਕੁਮਾਰ ਸੰਧੂ ਅਤੇ ਨਿਰਮਲ ਸਿੰਘ ਨਿਹਾਲਪੁਰ ਆਦਿ ਆਗੂਆਂ ਦੀ ਅਗਵਾਈ ਹੇਠ ਸਿਵਲ ਰੈਸਟ ਹਾਊਸ ਦਸੂਹਾ ਵਿਖੇ ਵਿਧਾਨ ਸਭਾ ਹਲਕਾ ਦਸੂਹਾ ਦੇ ਵਿਧਾਇਕ ਕਰਮਵੀਰ ਸਿੰਘ ਘੁੰਮਣ ਨੂੰ ਮਿਲਿਆ ਅਤੇ ਉਨ੍ਹਾਂ ਨੂੰ ਇੱਕ ਮੰਗ ਪੱਤਰ ਦਿੱਤਾ। ਦੋਆਬਾ ਜੋਨ ਦੇ ਕਨਵੀਨਰ ਇੰਦਰ ਸੁਖਦੀਪ ਸਿੰਘ ਓਢਰਾ ਅਤੇ ਡੈਮੋਕ੍ਰੇਟਿਕ ਮੁਲਾਜਮ ਫੈਡਰੇਸਨ (ਡੀ.ਐੱਮ.ਐੱਫ.) ਦੇ ਜ਼ਿਲ੍ਹਾ ਜਨਰਲ ਸਕੱਤਰ ਮਨਜੀਤ ਸਿੰਘ ਦਸੂਹਾ ਨੇ ਵਿਧਾਇਕ : ਘੁੰਮਣ ਨੂੰ ਦੱਸਿਆ ਕਿ ਪੰਜਾਬ ਦੀ ਮੌਜੂਦਾ ਸਰਕਾਰ ਨੇ 18 ਦਸੰਬਰ 2022 ਨੂੰ ਇੱਕ ਨੋਟੀਫਿਕੇਸ਼ਨ ਜਾਰੀ ਕਰਕੇ ਸੂਬੇ ਅੰਦਰ ਪੁਰਾਣੀ ਪੈਨਸਨ ਸਕੀਮ ਨੂੰ ਦੋਬਾਰਾ ਲਾਗੂ ਕਰਨ ਦਾ ਐਲਾਨ ਕੀਤਾ ਸੀ ਪਰ ਨੋਟੀਫਿਕੇਸ਼ਨ ਜਾਰੀ ਹੋਣ ਦੇ ਏਨੇ ਸਮੇਂ ਬਾਅਦ ਵੀ ਪੰਜਾਬ ਸਰਕਾਰ ਵਲੋਂ ਮੁਲਾਜਮਾਂ ਦਾ ਜੀ.ਪੀ.ਐੱਫ. ਕੱਟਣਾ ਸ਼ੁਰੂ ਨਹੀਂ ਕੀਤਾ ਗਿਆ ਅਤੇ ਜਥੇਬੰਦੀ ਵਲੋਂ ਕਈ ਵਾਰ ਇਸ ਸੰਬੰਧੀ ਪੰਜਾਬ ਦੇ ਕੈਬਨਿਟ ਮੰਤਰੀਆਂ ਦੀ ਕੈਬਨਿਟ ਸਬ ਕਮੇਟੀ ਨਾਲ ਮੀਟਿੰਗਾਂ ਕਰਕੇ ਸੂਬੇ ਅੰਦਰ ਹਕੀਕੀ ਰੂਪ ਵਿੱਚ ਪੁਰਾਣੀ ਪੈਨਸ਼ਨ ਸਕੀਮ ਨੂੰ ਲਾਗੂ ਕਰਨ ਦੀ ਮੰਗ ਦੋਹਰਾਈ ਹੈ ਪਰ ਸਰਕਾਰ ਨੇ ਅਜੇ ਵੀ ਇਸ ਬਾਬਤ ਕੁੱਝ ਵੀ ਨਹੀਂ ਕੀਤਾ ਜਿਸ ਕਾਰਣ ਸੂਬੇ ਦੇ ਮੁਲਾਜਮ ਵਰਗ ਨੂੰ ਇਸ ਗੱਲ ਦੀ ਚਿੰਤਾ ਸਤਾ ਰਹੀ ਹੈ ਕਿ ਕਿਤੇ ਪੰਜਾਬ ਸਰਕਾਰ ਵੀ ਕੇਂਦਰ ਸਰਕਾਰ ਵਲੋਂ ਨਵੀਂ ਲਿਆਂਦੀ ਯੂਨੀਫਾਈਡ ਪੈਨਸ਼ਨ ਸਕੀਮ (ਯੂ.ਪੀ.ਐੱਸ.) ਜੋ ਕਿ ਨਵੀਂ ਪੈਨਸ਼ਨ ਸਕੀਮ (ਐੱਨ.ਪੀ.ਐੱਸ.) ਵਾਂਗ ਹੀ ਮੁਲਾਜਮ ਵਰਗ ਲਈ ਘਾਤਕ ਹੈ ਨੂੰ ਸੂਬੇ ਅੰਦਰ ਲਾਗੂ ਤਾਂ ਨਹੀਂ ਕਰ ਰਹੀ। ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁਲਾਜਮ ਵਰਗ ਨੂੰ ਪੁਰਾਣੀ ਪੈਨਸ਼ਨ ਸਕੀਮ ਤੋਂ ਘੱਟ ਕੁੱਝ ਵੀ ਮਨਜੂਰ ਨਹੀਂ ਹੈ। ਵਫਦ ਨੇ ਵਿਧਾਇਕ ਘੁੰਮਣ ਤੋਂ ਮੰਗ ਕੀਤੀ ਕਿ ਉਹ ਪੰਜਾਬ ਵਿਧਾਨ ਸਭਾ ਦੇ ਆਉਂਦੇ ਬਜਟ ਸੈਸ਼ਨ ਦੌਰਾਨ ਪੁਰਾਣੀ ਪੈਨਸਨ ਸਕੀਮ ਦੀ ਬਹਾਲੀ ਲਈ ਵਿਧਾਨ ਸਭਾ ਵਿੱਚ ਮਤਾ ਲਿਆਉਣ। ਘੁੰਮਣ ਨੇ ਵਫਦ ਨੂੰ ਵਿਸਵਾਸ ਦਿਵਾਇਆ ਕਿ ਉਹ ਪੰਜਾਬ ਵਿਧਾਨ ਸਭਾ ਦੇ ਆਉਂਦੇ ਬਜਟ ਸੈਸਨ ਵਿੱਚ ਪੁਰਾਣੀ ਪੈਨਸ਼ਨ ਬਹਾਲੀ ਦੀ ਮੰਗ ਜਰੂਰ ਚੁੱਕਣਗੇ। ਇਸ ਮੌਕੇ ਰਾਜਨ ਕੁਮਾਰ, ਰਵਿੰਦਰ ਰਵੀ, ਦਲਜਿੰਦਰ ਜਲੋਟਾ ਅਤੇ ਹਰਪ੍ਰੀਤ ਸਿੰਘ ਆਦਿ ਆਗੂ ਵੀ ਹਾਜਰ ਸਨ।

ਰੋਸ ਪ੍ਰਦਰਸ਼ਨ 'ਚ ਸ਼ਾਮਲ ਹੋਣ ਜਾ ਰਹੇ ਕਿਸਾਨਾਂ ਨੂੰ ਪੁਲਸ ਨੇ ਗੜ੍ਹੀ ਕਾਨੂੰਗੋ ਲਾਗੇ ਡੱਕਿਆ

ਬਲਾਚੌਰ (ਜਸਵਿੰਦਰ ਬੈਂਸ) - ਕਿਸਾਨਾਂ ਵੱਲੋਂ ਆਪਣੀਆਂ ਹੱਕੀ ਮੰਗਾਂ ਮਨਵਾਉਣ ਸਬੰਧੀ ਜਿੱਥੇ ਲਗਾਤਾਰ ਰੋਸ਼ ਪ੍ਰਦਰਸ਼ਨ ਕੀਤੇ ਜਾ ਰਹੇ ਹਨ ਉਥੇ ਹੀ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨਾਲ ਕਿਸਾਨਾਂ ਦੀ ਬੇਸਿੱਟਾ ਰਹੀ ਮੀਟਿੰਗ ਤੋਂ ਬਾਅਦ ਹੁਣ ਮਸਲਾ ਹੋਰ ਵੀ ਭੱਖਦਾ ਵਿਖਾਈ ਦੇ ਰਿਹਾ ਹੈ। ਪੰਜਾਬ ਸਰਕਾਰ ਵਲੋਂ ਚੰਡੀਗੜ੍ਹ ਵਿਖੇ ਧਰਨੇ ਵਿੱਚ ਸ਼ਾਮਲ ਹੋਣ ਤੋਂ ਪਹਿਲਾਂ ਹੀ ਕਿਸਾਨ ਆਗੂਆਂ ਨੂੰ ਜਿੱਥੇ ਉਨ੍ਹਾਂ ਦੇ ਘਰਾ ਅੰਦਰ ਪੁਲਸ ਬੱਲ ਰਾਹੀਂ ਨਜ਼ਰਬੰਦ ਕੀਤਾ ਹੋਇਆ ਹੈ ਉਥੇ ਹੀ ਸੜਕਾਂ ਉਪਰ ਵੀ ਪੁਲਸ ਫੋਰਸ ਵਲੋਂ ਕਰੜੇ ਪ੍ਰਬੰਧ ਕੀਤੇ ਹੋਏ ਹਨ। ਪੁਲਸ ਥਾਣਾ ਸਿਟੀ ਬਲਾਚੌਰ ਅਧੀਨ ਪੈਂਦੇ ਪਿੰਡ ਗੜ੍ਹੀ ਕਾਨੂੰਗੋ ਵਿਖੇ ਸਵੇਰ ਤੋਂ ਹੀ ਵੱਡੀ ਗਿਣਤੀ ਵਿੱਚ ਪੁਲਸ ਫੋਰਸ ਤਾਇਨਾਤ ਕੀਤੀ ਹੋਈ ਸੀ। ਪੁਲਸ ਵਲੋਂ ਜ਼ਿਲ੍ਹਾ ਨਵਾਂਸ਼ਹਿਰ ਅਤੇ ਹੋਰ ਵੱਖ ਵੱਖ ਜ਼ਿਲਿਆਂ ਤੋਂ ਆਉਣ ਵਾਲੇ ਕਿਸਾਨਾਂ ਨੂੰ ਗੜ੍ਹੀ ਕਾਨੂੰਗੋ ਵਿਖੇ ਹੀ ਰੋਕ ਲਿਆ ਗਿਆ ਜਿਸ ਕਾਰਨ ਗੁੱਸੇ ਵਿੱਚ ਆਏ ਕਿਸਾਨਾ ਵਲੋਂ ਪੰਜਾਬ ਸਰਕਾਰ ਅਤੇ ਪੁਲਸ ਪ੍ਰਸ਼ਾਸਨ ਖਿਲਾਫ ਜੰਮ ਕੇ ਨਾਅਰੇਬਾਜੀ ਕੀਤੀ ਗਈ। ਵੱਡੀ ਗਿਣਤੀ ਵਿੱਚ ਮੌਜੂਦ ਕਿਸਾਨਾਂ ਅਤੇ ਕਿਸਾਨ ਬੀਬੀਆਂ ਦੇ ਕਾਫਲੇ ਨੂੰ ਗੜ੍ਹੀ ਕਾਨੂੰਗੋ ਵਿਖੇ ਹੀ ਸੜਕ ਉਪਰ ਦਰੀਆਂ ਵਿਛਾਉਣ ਲਈ ਮਜਬੂਰ ਕੀਤਾ ਗਿਆ। ਇਸ ਮੌਕੇ ਵੱਖ ਵੱਖ ਕਿਸਾਨ ਆਗੂਆਂ ਵੱਲੋਂ ਆਪਣੇ ਸੰਬੋਧਨ ਵਿੱਚ ਆਪ ਸਰਕਾਰ ਦੀਆਂ ਜਬਰ ਜੁਲਮ ਦੀਆਂ ਇਨ੍ਹਾਂ ਨੀਤੀਆਂ ਦੀ ਜਿੱਥੇ ਸਖਤ ਸ਼ਬਦਾਂ ਨਾਲ ਨਿਖੇਧੀ ਕੀਤੀ ਗਈ ਉਥੇ ਹੀ ਉਨ੍ਹਾਂ ਆਖਿਆ ਕਿ ਕਿਸਾਨ ਆਗੂਆਂ ਨਾਲ ਦੁਰਵਿਹਾਰ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਮੁਆਫੀ ਮੰਗਣ ਦੀ ਵਜਾਏ ਕਿਸਾਨਾਂ ਨੂੰ ਹਿਰਾਸਤ ਵਿੱਚ ਲੈ ਰਹੇ ਹਨ ਅਤੇ ਉਨ੍ਹਾਂ ਦਾ ਰਾਹ ਰੋਕ ਰਹੇ ਹਨ ਜਦ ਕਿ ਆਪਣੀਆਂ ਮੰਗਾ ਪ੍ਰਤੀ ਪ੍ਰਦਰਸ਼ਨ ਕਰਨ, ਰੋਸ ਧਰਨੇ ਕਰਨ ਦਾ ਹਰ ਇੱਕ ਨੂੰ ਮੌਲਿਕ ਅਧਿਕਾਰ ਹੈ ਅਤੇ ਸੂਬੇ ਦੀ ਸਰਕਾਰ ਵਲੋਂ ਲੋਕਾਂ ਦੇ ਮੌਲਿਕ ਅਧਿਕਾਰਾਂ ਨੂੰ ਡੰਡੇ ਦੇ ਜ਼ੋਰ ਨਾਲ ਦਬਾ ਕੇ ਲੋਕਤੰਤਰ ਦਾ ਘਾਣ ਕੀਤਾ ਜਾ ਰਿਹਾ ਹੈ। ਉਨ੍ਹਾਂ ਆਖਿਆ ਕਿ ਸੂਬੇ ਦੀ ਸਰਕਾਰ ਵੀ ਕੇਂਦਰ ਦੇ ਇਸ਼ਾਰੇ 'ਤੇ ਕਿਸਾਨਾਂ ਉਪਰ ਤਸੱਦਦ ਢਾਹ ਰਹੀ ਹੈ ਜਿਸ ਨੂੰ ਕਿਸਾਨ ਅਤੇ ਸਮੁੱਚੇ ਪੰਜਾਬ ਵਾਸੀ ਕਿਸੇ ਵੀ ਹਾਲਤ ਵਿੱਚ ਬਰਦਾਸ਼ਤ ਨਹੀਂ ਕਰਨਗੇ।

ਨਸ਼ਿਆਂ ਦੇ ਮਾੜੇ ਪ੍ਰਭਾਵਾਂ ਤੋਂ ਜਾਣੂ ਕਰਵਾਉਣ ਲਈ ਵਿਆਪਕ ਮੁਹਿੰਮ ਚਲਾਈ ਜਾਵੇ : ਅੰਕੁਰਜੀਤ ਸਿੰਘ

ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)-ਸਿਵਲ ਸਰਜਨ ਡਾ. ਗੁਰਿੰਦਰਜੀਤ ਸਿੰਘ ਵੱਲੋਂ ਅੱਜ ਆਪਣੀ ਸਮੁੱਚੀ ਟੀਮ ਸਮੇਤ ਡਿਪਟੀ ਕਮਿਸ਼ਨਰ ਦਫ਼ਤਰ, ਸ਼ਹੀਦ ਭਗਤ ਸਿੰਘ ਨਗਰ ਵਿਖੇ ਡਿਪਟੀ ਕਮਿਸ਼ਨਰ ਅੰਕੁਰਜੀਤ ਸਿੰਘ ਦਾ ਗੁਲਦਸਤਾ ਭੇਟ ਕਰਕੇ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਸਿਵਲ ਸਰਜਨ ਡਾ. ਗੁਰਿੰਦਰਜੀਤ ਸਿੰਘ ਨੇ ਡਿਪਟੀ ਕਮਿਸ਼ਨਰ ਅੰਕੁਰਜੀਤ ਸਿੰਘ ਨੂੰ ਜ਼ਿਲ੍ਹੇ ਵਿਚ ਨਸ਼ਾ ਪੀੜਤਾਂ ਦੇ ਇਲਾਜ ਪ੍ਰਬੰਧਨ ਲਈ ਓਟ ਪ੍ਰੋਗਰਾਮ ਨੂੰ ਅਸਰਦਾਰ ਢੰਗ ਨਾਲ ਚਲਾਉਣ ਸਮੇਤ ਵੱਖ-ਵੱਖ ਰਾਸ਼ਟਰੀ ਤੇ ਸੂਬਾਈ ਸਿਹਤ ਪ੍ਰੋਗਰਾਮਾਂ ਦੀ ਪ੍ਰਗਤੀ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਸਿਵਲ ਸਰਜਨ ਡਾ. ਗੁਰਿੰਦਰਜੀਤ ਸਿੰਘ, ਡਿਪਟੀ ਮੈਡੀਕਲ ਕਮਿਸ਼ਨਰ ਡਾ. ਹਰਪ੍ਰੀਤ ਸਿੰਘ, ਜ਼ਿਲ੍ਹਾ ਹਸਪਤਾਲ ਨਵਾਂਸ਼ਹਿਰ ਦੇ ਸੀਨੀਅਰ ਮੈਡੀਕਲ ਅਫਸਰ ਡਾ. ਸਤਵਿੰਦਰਪਾਲ ਸਿੰਘ ਸਮੇਤ ਹੋਰ ਸਿਹਤ ਅਧਿਕਾਰੀਆਂ ਨਾਲ ਕੀਤੀ ਵਿਸ਼ੇਸ਼ ਮੀਟਿੰਗ ਦੌਰਾਨ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਬਹੁਪੜਾਵੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਸਫਲਤਾਪੂਰਵਕ ਨੇਪਰੇ ਚਾੜ੍ਹਨ ਲਈ ਸਾਂਝਾ ਹੰਭਲਾ ਮਾਰਨ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਜ਼ਿਲ੍ਹੇ ਦੇ ਸਾਰੇ ਨਸ਼ਾ ਛੁਡਾਊ ਕੇਂਦਰਾਂ ਤੇ ਓਟ ਕੇਂਦਰਾਂ ਦਾ ਰੈਗੂਲਰ ਤੌਰ 'ਤੇ ਨਿਰੀਖਣ ਕਰਨ ਦੀ ਹਦਾਇਤ ਕੀਤੀ। ਉਨ੍ਹਾਂ ਕਿਹਾ ਕਿ ਇਨ੍ਹਾਂ ਕੇਂਦਰਾਂ ਨੂੰ ਲੋੜੀਂਦੀ ਮਨੁੱਖੀ ਸ਼ਕਤੀ (ਮਨੋਚਿਕਿਤਸਕ ਤੇ ਕਾਊਂਸਲਰ ਆਦਿ ਸਮੇਤ) ਅਤੇ ਟੈਸਟਿੰਗ ਕਿੱਟਾਂ, ਦਵਾਈਆਂ, ਸੁਰੱਖਿਆ (ਸੁਰੱਖਿਆ ਸਟਾਫ/ਸੀ.ਸੀ.ਟੀ.ਵੀ.), ਸਫਾਈ ਅਤੇ ਹੋਰ ਬੁਨਿਆਦੀ ਢਾਂਚੇ ਨਾਲ ਲੈਸ ਹੋਣਾ ਚਾਹੀਦਾ। ਉਨ੍ਹਾਂ ਕਿਹਾ ਕਿ ਨਸ਼ੇ ਦੀ ਆਦਤ ਤੋਂ ਪੀੜਤ ਮਰੀਜ਼ਾਂ ਨੂੰ ਹਰ ਪੱਧਰ ਉੱਤੇ ਇਲਾਜ ਸੇਵਾਵਾਂ ਨੂੰ ਮੁਹੱਈਆ ਕਰਵਾਉਣਾ ਯਕੀਨੀ ਬਣਾਇਆ ਜਾਏ। ਉਨ੍ਹਾਂ ਕਿਹਾ ਕਿ ਪਿੰਡਾਂ ਤੇ ਸ਼ਹਿਰਾਂ ਵਿੱਚ ਨੌਜਵਾਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਤੋਂ ਜਾਣੂ ਕਰਵਾਉਣ ਲਈ ਵਿਆਪਕ ਮੁਹਿੰਮ ਚਲਾਈ ਜਾਵੇ ਤਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਨਸ਼ਿਆਂ ਦਾ ਸ਼ਿਕਾਰ ਨਾ ਹੋਣ। ਉਨ੍ਹਾਂ ਨੇ ਕਿਹਾ ਕਿ ਕੈਮਿਸਟ ਦੁਕਾਨਾਂ ਦੀ ਨਿਰੰਤਰ ਜਾਂਚ ਨੂੰ ਵੀ ਯਕੀਨੀ ਬਣਾਉਣਾ ਚਾਹੀਦਾ ਹੈ।ਡਿਪਟੀ ਕਮਿਸ਼ਨਰ ਅੰਕੁਰਜੀਤ ਸਿੰਘ ਨੇ ਸਿਵਲ ਸਰਜਨ ਡਾ. ਗੁਰਿੰਦਰਜੀਤ ਸਿੰਘ ਨੂੰ ਯਕੀਨ ਦਿਵਾਉਂਦੇ ਹੋਏ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਆਮ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਲਈ ਜ਼ਿਲ੍ਹਾ ਸਿਹਤ ਵਿਭਾਗ ਨੂੰ ਪੂਰਨ ਸਹਿਯੋਗ ਦੇਵੇਗਾ।ਇਸ ਦੌਰਾਨ ਸਿਵਲ ਸਰਜਨ ਡਾ. ਗੁਰਿੰਦਰਜੀਤ ਸਿੰਘ ਨੇ ਡਿਪਟੀ ਕਮਿਸ਼ਨਰ ਨੂੰ ਯਕੀਨ ਦਿਵਾਇਆ ਕਿ ਉਹ ਸਿਹਤ ਵਿਭਾਗ ਵੱਲੋਂ ਦਿੱਤੀਆਂ ਜਾ ਰਹੀਆਂ ਬਿਹਤਰ ਅਤੇ ਮਿਆਰੀ ਸਿਹਤ ਸਹੂਲਤਾਂ ਨੂੰ ਜ਼ਿਲ੍ਹੇ ਦੇ ਸਾਰੇ ਨਾਗਰਿਕ ਤੱਕ ਪੰਹੁਚਾਉਣਾ ਯਕੀਨੀ ਬਣਾਉਣਗੇ ਅਤੇ ਸਾਰੇ ਰਾਸ਼ਟਰੀ ਅਤੇ ਸੂਬਾਈ ਸਿਹਤ ਪ੍ਰੋਗਰਾਮਾਂ ਸਬੰਧੀ ਦਿੱਤੇ ਟੀਚੇ ਨੂੰ ਮਿੱਥੇ ਸਮੇਂ ਅਨੁਸਾਰ ਪੂਰੇ ਕਰਨੇ ਯਕੀਨੀ ਬਣਾਵਾਂਗੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਡਿਪਟੀ ਮੈਡੀਕਲ ਕਮਿਸ਼ਨਰ ਡਾ. ਹਰਪ੍ਰੀਤ ਸਿੰਘ, ਜ਼ਿਲ੍ਹਾ ਹਸਪਤਾਲ ਨਵਾਂਸ਼ਹਿਰ ਦੇ ਸੀਨੀਅਰ ਮੈਡੀਕਲ ਅਫਸਰ ਡਾ. ਸਤਵਿੰਦਰਪਾਲ ਸਿੰਘ ਤੇ ਪੀ.ਏ. ਅਜੇ ਕੁਮਾਰ ਸਮੇਤ ਸਿਹਤ ਵਿਭਾਗ ਦੇ ਹੋਰ ਅਧਿਕਾਰੀ ਤੇ ਕਰਮਚਾਰੀ ਮੌਜੂਦ ਸਨ।

ਡਾ. ਅਕਸ਼ਿਤਾ ਗੁਪਤਾ ਨੇ ਸੰਭਾਲਿਆ ਅਹੁਦਾ

ਫਗਵਾੜਾ (ਜਸਵਿੰਦਰ ਢੱਡਾ) ਨਗਰ ਨਿਗਮ, ਫਗਵਾੜਾ ਵਿਖੇ ਡਾ. ਅਕਸ਼ਿਤਾ ਗੁਪਤਾ, ਆਈ.ਏ.ਐੱਸ. ਵੱਲੋਂ ਬਤੌਰ ਕਮਿਸ਼ਨਰ, ਨਗਰ ਨਿਗਮ, ਫਗਵਾੜਾ ਦਾ ਅਹੁਦਾ ਸੰਭਾਲਿਆ ਅਤੇ ਨਗਰ ਨਿਗਮ ਦੇ ਸਟਾਫ ਵੱਲੋਂ ਉਨ੍ਹਾਂ ਦਾ ਸਵਾਗਤ ਕੀਤਾ ਗਿਆ। ਪੱਤਰਕਾਰਾਂ ਨਾਲ ਗੱਲ—ਬਾਤ ਦੌਰਾਨ ਉਨ੍ਹਾਂ ਕਿਹਾ ਕਿ ਫਗਵਾੜਾ ਵਾਸੀਆਂ ਦੇ ਸਾਰੇ ਮੁੱਦਿਆਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨਾ ਉਨ੍ਹਾਂ ਦੀ ਪ੍ਰਾਥਮਿਕਤਾ ਹੋਵੇਗੀ। ਉਨ੍ਹਾਂ ਫਗਵਾੜਾ ਵਾਸੀਆਂ ਨੂੰ ਅਪੀਲ ਕੀਤੀ ਕਿ ਕਿਸੇ ਵੀ ਸ਼ਹਿਰਵਾਸੀ ਨੂੰ ਨਗਰ ਨਿਗਮ ਨਾਲ ਸਬੰਧਤ ਮੁੱਦਿਆਂ ਸਬੰਧੀ ਪ੍ਰੇਸ਼ਾਨੀ ਪੇਸ਼ ਆਉਂਦੀ ਹੈ ਤਾਂ ਉਹ ਸਿੱਧੇ ਤੌਰ ਉਨ੍ਹਾਂ ਨਾਲ ਸੰਪਰਕ ਕਰ ਸਕਦੇ ਹਨ। ਇਸ ਉਪਰੰਤ ਡਾ. ਅਕਸ਼ਿਤਾ ਗੁਪਤਾ ਨੇ ਨਗਰ ਨਿਗਮ ਫਗਵਾੜਾ ਦੇ ਮੇਅਰ ਰਾਮ ਪਾਲ ਉੱਪਲ ਨਾਲ ਮੁਲਾਕਾਤ ਕੀਤੀ ਅਤੇ ਨਗਰ ਨਿਗਮ ਦੇ ਮੁੱਦਿਆਂ ਸਬੰਧੀ ਵਿਚਾਰ—ਵਟਾਂਦਰਾ ਕੀਤਾ। ਇਸ ਮੌਕੇ ਰਜਿੰਦਰ ਚੌਪੜਾ, ਰਾਜ ਕੁਮਾਰ, ਵਿਨਾਇਕ ਕੁਮਾਰ, ਰਵਿੰਦਰ ਸਿੰਘ ਕਲਸੀ, ਅਜੈ ਕੁਮਾਰ, ਹਿਤੇਸ਼ ਸ਼ਰਮਾ, ਨਾਮਦੇਵ, ਹਰਪ੍ਰੀਤ ਸਿੰਘ, ਸੁਖਵਿੰਦਰ ਸਿੰਘ, ਤਰਨਪਾਲ ਸਿੰਘ, ਸਮੀਰ ਬਾਲੀ, ਸੁਰੇਸ਼ ਕੁਮਾਰ, ਦਲੀਪ ਸੋਨੀ, ਰਾਕੇਸ਼ ਕੁਮਾਰ, ਕੰਵਰਪਾਲ ਸਿੰਘ, ਕੈਲਾਸ਼ ਸ਼ਰਮਾ ਹਾਜ਼ਰ ਸਨ।

ਐੱਸ ਡੀ ਕਾਲਜ 'ਚ ਐੱਨ ਐੱਸ ਐੱਸ ਕੈਂਪ ਲਗਾਇਆ

ਸੁਲਤਾਨਪੁਰ ਲੋਧੀ (ਹਨੀ) ਐੱਸ. ਡੀ. ਕਾਲਜ ਫਾਰ ਵੂਮੈਨ ਸੁਲਤਾਨਪੁਰ ਲੋਧੀ ਦੇ ਐਨ. ਐੱਸ. ਐੱਸ. ਵਿਭਾਗ ਵੱਲੋਂ ਪ੍ਰਿੰਸੀਪਲ ਡਾ ਵੰਦਨਾ ਸ਼ੁਕਲਾ ਦੀ ਅਗਵਾਈ ਵਿਚ ਇੱਕ ਦਿਨਾ ਐਨ. ਐਸ. ਐਸ. ਕੈਂਪ ਲਗਾਇਆ। ਇਸ ਮੌਕੇ ਵਲੰਟੀਅਰਜ਼ ਨੇ ਕਾਲਜ ਕੈਂਪਸ ਦੀ ਸਾਫ ਸਫਾਈ ਕੀਤੀ। ਕਾਲਜ ਲੈਬਜ਼, ਲਾਇਬ੍ਰੇਰੀ ਤੇ ਹੋਰ ਸਥਾਨਾਂ ਨੂੰ ਵਿਦਿਆਰਥਣਾਂ ਨੇ ਵਧੀਆ ਢੰਗ ਨਾਲ਼ ਸਾਫ ਕੀਤਾ। ਪ੍ਰਿੰਸੀਪਲ ਡਾ. ਸ਼ੁਕਲਾ ਨੇ ਸਾਰੇ ਕੈਂਪਸ ਦਾ ਦੌਰਾ ਕਰ ਕੇ ਵਿਦਿਆਰਥਣਾਂ ਦੇ ਉਤਸ਼ਾਹਪੂਰਵਕ ਸਾਫ ਸਫਾਈ ਮੁਹਿੰਮ ਦੀ ਪ੍ਰਸੰਸਾ ਕਰਦਿਆਂ ਕਿਹਾ ਕਿ ਸਾਫ ਸੁੱਥਰਾ ਵਾਤਾਵਰਨ ਹੀ ਸਵੱਛ ਤੇ ਤੰਦਰੁਸਤ ਸਮਾਜ ਦੀ ਸਿਰਜਣਾ ਕਰਦਾ ਹੈ। ਉਨ੍ਹਾਂ ਵਿਦਿਆਰਥਣਾਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਜਿਵੇਂ ਅਸੀਂ ਆਪਣੇ ਘਰ ਨੂੰ ਸਾਫ ਸੁਥਰਾ ਰੱਖਦੇ ਹਾਂ, ਉਸੇ ਤਰ੍ਹਾਂ ਆਪਣੇ ਵਿਦਿਅਕ ਅਦਾਰੇ ਨੂੰ ਵੀ ਸਾਫ ਸੁਥਰਾ ਰੱਖਣਾ ਸਾਡਾ ਫ਼ਰਜ਼ ਬਣਦਾ ਹੈ ।ਕੈਂਪ ਮੈਡਮ ਰਾਜਬੀਰ ਕੌਰ ਐਨ. ਐਸ. ਐਸ. ਅਫਸਰ ਦੀ ਦੇਖ ਰੇਖ ਵਿਚ ਲਗਾਇਆ ਗਿਆ ।

ਪੰਜਾਬ ਏਡਜ਼ ਕੰਟਰੋਲ ਕਰਮਚਾਰੀਆਂ ਵੱਲੋਂ ਹੜਤਾਲ ਦਾ ਐਲਾਨ

ਫਿਲੌਰ (ਨਿਰਮਲ)- ਪੰਜਾਬ ਏਡਜ਼ ਕੰਟਰੋਲ ਕਰਮਚਾਰੀਆਂ ਵੈਲਫੇਅਰ ਐਸੋਸੀਏਸ਼ਨ (PACEWA) ਨੇ ਮਾਰਚ ਵਿੱਚ ਰਾਜਵਿਆਪੀ ਪ੍ਰਦਰਸ਼ਨ ਕਰਨ ਦਾ ਐਲਾਨ ਕੀਤਾ ਹੈ, ਜਿਸ ਵਿੱਚ ਨੌਕਰੀ ਦੀ ਸਥਿਰਤਾ, ਤਨਖਾਹ ਵਿੱਚ 20% ਵਾਧਾ, EPF ਲਾਗੂ ਕਰਨਾ, ਤਨਖਾਹ ਦੇਰੀ ਅਤੇ ਅਸਮਾਨਤਾ ਨੂੰ ਖਤਮ ਕਰਨਾ, ਸਿਹਤ ਬੀਮੇ ਦੀ ਸਹੂਲਤ, ਠੇਕੇ ਦੀ ਨਵੀਕਰਨ ਪ੍ਰਕਿਰਿਆ 'ਚ ਵਾਧੂ ਵਿਧਾਨ ਨੂੰ ਹਟਾਉਣਾ, ਐਚਆਈਵੀ ਟੈਸਟਿੰਗ ਕਿਟਾਂ ਦੀ ਘਾਟ ਖਤਮ ਕਰਨੀ ਅਤੇ ਕਾਰਜਸਥਲ 'ਤੇ ਉਤਪੀੜਨ ਰੋਕਣ ਵਰਗੀਆਂ ਮੰਗਾਂ ਸ਼ਾਮਲ ਹਨ। 6 ਮਾਰਚ ਨੂੰ ਸਿਵਲ ਸਰਜਨ ਅਤੇ ਡਿਪਟੀ ਕਮਿਸ਼ਨਰ ਕੋਲ ਮਾਮਲੇ ਪੇਸ਼ ਕਰਨਗੇ, ਜਦਕਿ 16 ਮਾਰਚ ਨੂੰ ਸਿਹਤ ਮੰਤਰੀ ਬਲਬੀਰ ਸਿੰਘ ਦੇ ਨਿਵਾਸ ਅੱਗੇ ਵੱਡੀ ਰੈਲੀ ਕਰਕੇ ਸਰਕਾਰ ਨੂੰ ਜ਼ਿੰਮੇਵਾਰੀ ਲੈਣ ਲਈ ਮਜਬੂਰ ਕਰਨਗੇ। ਕਰਮਚਾਰੀਆਂ ਨੇ ਸਰਕਾਰ ਵੱਲੋਂ ਪਿਛਲੇ ਝੂਠੇ ਵਾਅਦਿਆਂ 'ਤੇ ਨਾਰਾਜ਼ਗੀ ਜ਼ਾਹਰ ਕਰਦਿਆਂ ਚਿਤ

7-MAR-PAGE-10.qxd 3/6/2025 11:13 PM Page 1

ਪ੍ਰਾਈਵੇਟ ਸਕੂਲਾਂ ਦੇ ਪ੍ਰਬੰਧਕਾਂ ਦੀ ਧੱਕੇਸ਼ਾਹੀ ਵਿਰੁੱਧ ਪੰਜਾਬੀ ਸੈਨਾ ਦਾ ਵਫ਼ਦ ਡੀ ਸੀ ਨੂੰ ਮਿਲਿਆ

ਸੰਗਰੂਰ (ਪ੍ਰਵੀਨ ਸਿੰਘ)-ਪ੍ਰਾਈਵੇਟ ਸਕੂਲਾਂ ਦੇ ਪ੍ਰਬੰਧਕਾਂ ਵੱਲੋਂ ਅਧਿਆਪਕਾਂ ਅਤੇ ਹੋਰ ਕ੍ਰਮਚਾਰੀਆਂ ਨੂੰ ਐਤਵਾਰ ਤੇ ਹੋਰ ਗਜ਼ਟਿਡ ਛੁੱਟੀਆਂ ਵਾਲੇ ਦਿਨ ਸਕੂਲਾਂ ਵਿੱਚ ਬੁਲਾ ਕੇ ਖੱਜਲ ਖੁਆਰ ਕੀਤਾ ਜਾਂਦਾ ਹੈ।ਸਕੂਲ ਪ੍ਰਬੰਧਕਾਂ ਦੀ ਇਸ ਧੱਕੇਸ਼ਾਹੀ ਤੇ ਖੱਜਲ ਖ਼ੁਆਰੀ ਨੂੰ ਲੈ ਕੇ ਪੰਜਾਬੀ ਸੈਨਾ ਦਾ ਇੱਕ ਵਫ਼ਦ ਸੂਬਾ ਪ੍ਰਧਾਨ ਬਲਵੰਤ ਸਿੰਘ ਜੋਗਾ, ਸੀਨੀਅਰ ਮੀਤ ਪ੍ਰਧਾਨ ਸਤਨਾਮ ਸਿੰਘ ਦਮਦਮੀ ਤੇ ਜਨਰਲ ਸਕੱਤਰ ਰਾਜ ਕੁਮਾਰ ਸ਼ਰਮਾ ਦੀ ਅਗਵਾਈ ਵਿੱਚ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਸ਼੍ਰੀ ਸੰਦੀਪ ਰਿਸ਼ੀ ਨੂੰ ਮਿਲਿਆ।ਪੰਜਾਬੀ ਸੈਨਾ ਦੇ ਆਗੂਆਂ ਨੇ ਦੱਸਿਆ ਕਿ ਜ਼ਿਲ੍ਹਾ ਸੰਗਰੂਰ ਵਿੱਚ ਬਹੁਤ ਸਾਰੇ ਸਕੂਲ ਅਜਿਹੇ ਹਨ, ਜਿੱਥੇ ਸਕੂਲ ਪ੍ਰਬੰਧਕਾਂ ਵੱਲੋਂ ਐਤਵਾਰ ਤੇ ਹੋਰ ਗਜ਼ਟਿਡ ਛੁੱਟੀਆਂ ਵਾਲੇ ਦਿਨਾਂ ਵਿੱਚ ਸਟਾਫ ਨੂੰ ਧੱਕੇ ਨਾਲ ਬੁਲਾਇਆ ਜਾਂਦਾ ਹੈ।ਇੱਥੋਂ ਤੱਕ ਕਿ ਮਾਪੇ ਅਧਿਆਪਕ ਮਿਲਣੀ ਵੀ ਛੁੱਟੀ ਵਾਲੇ ਦਿਨ ਕੀਤੀ ਜਾਂਦੀ ਹੈ।ਜੇਕਰ ਕੋਈ ਅਧਿਆਪਕ ਜਾਂ ਕ੍ਰਮਚਾਰੀ ਇਸ ਧੱਕੇਸ਼ਾਹੀ ਵਿਰੁੱਧ ਬੋਲਦਾ ਹੈ ਤਾਂ ਉਸ ਨੂੰ ਸਕੂਲ ਵਿੱਚੋਂ ਹਟਾਉਣ ਸਬੰਧੀ ਧਮਕੀ ਦਿੱਤੀ ਜਾਂਦੀ ਹੈ।ਉਨ੍ਹਾਂ ਕਿਹਾ ਕਿ ਪ੍ਰਾਈਵੇਟ ਸਕੂਲਾਂ ਵਿੱਚ ਮੁਲਾਜ਼ਮਾਂ ਨੂੰ ਪਹਿਲਾਂ ਹੀ ਨਿਗੂਣੀਆਂ ਤਨਖਾਹਾਂ ਦਿੱਤੀਆਂ ਜਾਂਦੀਆਂ ਹਨ ਤੇ ਐਤਵਾਰ ਅਤੇ ਹੋਰ ਛੁੱਟੀ ਵਾਲੇ ਦਿਨ ਮੁਲਾਜ਼ਮਾਂ ਦੇ ਆਪੋ ਆਪਣੇ ਕੁੱਝ ਰੁਝੇਵੇਂ ਹੁੰਦੇ ਹਨ।ਪੰਜਾਬੀ ਸੈਨਾ ਵੱਲੋਂ ਇਸ ਗੰਭੀਰ ਮੁੱਦੇ ਨੂੰ ਦੇਖਦੇ ਹੋਏ ਜਿਲ੍ਹੇ ਦੇ ਡਿਪਟੀ ਕਮਿਸ਼ਨਰ ਸ੍ਰੀ ਸੰਦੀਪ ਰਿਸ਼ੀ ਨੂੰ ਮੰਗ ਪੱਤਰ ਦੇ ਕੇ ਇਸ ਸਬੰਧੀ ਠੋਸ ਕਾਰਵਾਈ ਕਰਨ ਲਈ ਬੇਨਤੀ ਕੀਤੀ ਗਈ।ਉਧਰ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਸ੍ਰੀ ਸੰਦੀਪ ਰਿਸ਼ੀ ਨੇ ਪੰਜਾਬੀ ਸੈਨਾ ਦੇ ਵਫ਼ਦ ਨੂੰ ਭਰੋਸਾ ਦਿਵਾਇਆ ਕਿ ਇਸ ਸਬੰਧੀ ਕਾਰਵਾਈ ਨੂੰ ਅਮਲ ਵਿੱਚ ਲਿਆਂਦਾ ਜਾਵੇਗਾ।ਵਫ਼ਦ ਵਿੱਚ ਹੋਰਨਾਂ ਤੋਂ ਇਲਾਵਾ ਕਿਰਪਾਲ ਸਿੰਘ ਫੌਜੀ, ਮਲਕੀਤ ਸਿੰਘ ਸਾਗੂ, ਸ਼ਾਮ ਲਾਲ, ਜਸਪਾਲ ਸਿੰਘ ਬੇਦੀ, ਪਾਲੀ ਸਿੰਘ ਕਮਲ ਤੇ ਹੋਰ ਪਾਰਟੀ ਆਗੂ ਮੌਜੂਦ ਸਨ।

'ਆਪ' ਬਲਾਕ ਪ੍ਰਧਾਨ ਵੀ 'ਯੁੱਧ ਨਸ਼ਿਆਂ ਵਿਰੁੱਧ' 'ਚ ਕੁੱਦੇ

ਧੂਰੀ (ਬਿੰਨੀ ਗਰਗ, ਮੋਹਿਤ ਗਰਗ)-ਪੰਜਾਬ ਦੇ ਮੁੱਖ ਮੰਤਰੀ ਵੱਲੋਂ ਸੂਬੇ ਭਰ ਵਿੱਚੋਂ ਨਸ਼ੇ ਨੂੰ ਖ਼ਤਮ ਕਰਨ ਲਈ ਸ਼ੁਰੂ ਕੀਤੀ ਗਈ 'ਯੁੱਧ ਨਸ਼ਿਆਂ ਵਿਰੁੱਧ' ਮੁਹਿਮ ਵਿੱਚ ਆਮ ਆਦਮੀ ਪਾਰਟੀ ਹਲਕਾ ਧੂਰੀ ਦੇ ਬਲਾਕ ਪ੍ਰਧਾਨਾਂ ਨੇ ਵੀ ਸਰਗਰਮੀ ਨਾਲ ਕੁੱਦਣ ਦਾ ਐਲਾਨ ਕੀਤਾ ਹੈ।ਉਨ੍ਹਾਂ ਹਲਕੇ ਵਿੱਚ ਨਸ਼ਿਆਂ ਦੀ ਰੋਕਥਾਮ ਲਈ ਅੱਗੇ ਆਉਂਦਿਆਂ ਜ਼ਿਲ੍ਹਾ ਪੁਲਸ ਮੁਖੀ ਸੰਗਰੂਰ ਸਰਤਾਜ ਸਿੰਘ ਚਹਿਲ ਨਾਲ ਮੀਟਿੰਗ ਕਰਦਿਆਂ ਆਪਣੇ ਵੱਲੋਂ ਪੂਰਾ ਸਹਿਯੋਗ ਦੇਣ ਦਾ ਵਾਅਦਾ ਕੀਤਾ।ਹਲਕੇ ਦੇ ਆਮ ਆਦਮੀ ਪਾਰਟੀ ਦੇ ਦਿਹਾਤੀ ਬਲਾਕ ਪ੍ਰਧਾਨ ਐਡਵੋਕੇਟ ਹੈਪੀ ਗਰਗ, ਗਗਨ ਜਵੰਧਾ ਭਸੌੜ, ਗੁਰਤੇਜ ਸਿੰਘ ਤੇਜੀ ਕੱਕੜਵਾਲ, ਤੀਰਥ ਸਿੰਘ ਭੱਦਲਵੜ੍ਹ, ਜਸਵਿੰਦਰ ਸਿੰਘ ਘਨੌਰ, ਸੁਖਦੇਵ ਸਿੰਘ ਬਮਾਲ, ਕਾਲਾ ਬੇਨੜਾ, ਸੁਖਵੰਤ ਸਿੰਘ ਬਾਲੀਆਂ, ਸੁਰਜੀਤ ਸਿੰਘ ਰਾਜੋਮਾਜਰਾ, ਗੁਰਜੀਤ ਸਿੰਘ ਕਾਂਝਲਾ ਤੇ ਸ਼ਹਿਰੀ ਬਲਾਕ ਪ੍ਰਧਾਨ ਸੁਖਪਾਲ ਸਿੰਘ ਪਾਲਾ, ਜਸਪਾਲ ਸਿੰਘ ਭੁੱਲਰ, ਮਿਲਖ ਰਾਜ ਅਤੇ ਵੀਰਪਾਲ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਨਸ਼ਿਆਂ ਖ਼ਿਲਾਫ਼ ਵਿੱਢੀ ਮੁਹਿਮ ਨੂੰ ਲੋਕਾਂ ਵੱਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ ਤੇ ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਆਉਣ ਵਾਲੇ ਸਮੇਂ ਵਿੱਚ ਪੰਜਾਬ ਨਸ਼ਾ ਮੁਕਤ ਹੋਵੇਗਾ ।

ਖ਼ੂਨਦਾਨ ਕੈਂਪ ਲਾਇਆ

ਸੰਗਰੂਰ (ਪ੍ਰਵੀਨ ਸਿੰਘ)-ਪਾਸਟਰਜ ਐਂਡ ਚਰਚ ਚੈਰੀਟੇਬਲ ਫਾਊਂਡੇਸ਼ਨ ਸੰਗਰੂਰ ਵਲੋਂ ਪ੍ਰਧਾਨ ਪਾਸਟਰ ਰਮੇਸ਼ ਪੌਲ ਜੀ ਦੀ ਅਗਵਾਈ ਹੇਠ ਖੂਨਦਾਨ ਕੈਂਪ ਲਾਇਆ ਗਿਆ, ਜਿਸ ਵਿੱਚ ਲਗਭਗ 50 ਲੋਕਾਂ ਨੇ ਯੋਗਦਾਨ ਦਿੱਤਾ! ਪਾਸਟਰ ਹਰਦੀਪ ਬਲਾਕ ਪ੍ਰਧਾਨ ਧੂਰੀ ਅਤੇ ਪਾਸਟਰ ਰਾਜੇਸ਼ ਤੇ ਪਾਸਟਰ ਮੁਕੇਸ਼, ਪਾਸਟਰ ਕੁਲਵਿੰਦਰ ਨੇ ਵੀ ਆਪਣਾ ਖੂਨਦਾਨ ਕਰਕੇ ਆਪਣਾ ਯੋਗਦਾਨ ਪਾਇਆ। ਇਸ ਮੌਕੇ ਪਾਸਟਰ ਰਮੇਸ਼ ਪੌਲ ਨੇ ਨੌਜਵਾਨਾਂ ਨੂੰ ਪ੍ਰੇਰਤ ਕੀਤਾ ਕਿ ਇਸ ਸ਼ੁਭ ਕੰਮ ਲਈ ਹਮੇਸ਼ਾ ਤਿਆਰ ਰਹਿਣਾ ਚਾਹੀਦਾ ਹੈ ਤੇ ਪਾਸਟਰਜ ਐਂਡ ਚਰਚ ਫਾਊਂਡੇਸ਼ਨ ਹਮੇਸਾ ਸਮਾਜ ਭਲਾਈ ਦੇ ਲਈ ਕੰਮ ਕਰਦੀ ਰਹੇਗੀ।

ਮੈਨੂੰ ਮਾਣ ਹੈ ਕਿ ਮੈਂ ਆਪਣੇ ਪਿੰਡ ਦੀ ਤਰੱਕੀ 'ਚ ਹਿੱਸਾ ਪਾ ਰਿਹਾਂ : ਰਾਜਾ ਮੱਲਕੇ

ਬਾਘਾ ਪੁਰਾਣਾ (ਮਨੀ ਸਿਗਲਾ)-ਮੋਗਾ ਜ਼ਿਲ੍ਹੇ ਦੇ ਵਿਧਾਨ ਸਭਾ ਹਲਕਾ ਬਾਘਾ ਪੁਰਾਣਾ ਅਧੀਨ ਪੈਂਦੇ ਪਿੰਡ ਮੱਲ ਕੇ ਦੇ ਸਰਪੰਚ ਰਾਜਾ ਸਿੰਘ ਮੱਲ ਕੇ ਨੇ ਅੱਜ ਮੀਡੀਆ ਦੇ ਨਾਲ ਵਿਸ਼ੇਸ਼ ਗੱਲਬਾਤ ਕਰਦਿਆਂ ਕਿਹਾ ਕਿ ਸੂਬੇ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ ਨਿਰਦੇਸ਼ਾਂ 'ਤੇ ਪਿੰਡ ਮੱਲਕੇ ਵਿਚ ਵਿਕਾਸ ਕਾਰਜ ਨਵੇਂ ਆਯਾਮ ਛੂਹ ਰਹੇ ਹਨ ਅਤੇ ਹੇਠ ਪਿੰਡ ਦੀ ਤਰੱਕੀ ਲਈ ਅਹਿਮ ਯਤਨ ਕੀਤੇ ਜਾ ਰਹੇ ਹਨ, ਜਿਸ ਨੂੰ ਪਿੰਡ ਵਾਸੀਆਂ ਵੱਲੋਂ ਵੀ ਬੇਹੱਦ ਪਸੰਦ ਕੀਤਾ ਜਾ ਰਿਹਾ ਹੈ। ਸਰਪੰਚ ਰਾਜਾ ਨੇ ਦੱਸਿਆ ਕਿ ਜੋ ਵੀ ਉਸ ਨੂੰ ਪਿੰਡ ਦੇ ਵਿਕਾਸ ਲਈ ਸਰਕਾਰ ਤੋਂ ਗ੍ਰਾਂਟ ਮਿਲ ਰਹੀ ਹੈ, ਉਸ ਨੂੰ ਪਾਰਦਰਸ਼ੀ ਢੰਗ ਨਾਲ ਪਿੰਡ ਦੇ ਵਿਕਾਸ ਕਾਰਜਾਂ ਲਈ ਲਗਾਇਆ ਜਾ ਰਿਹਾ ਹੈ ਅਤੇ ਪਿੰਡ ਵਾਸੀ ਉਸ ਦਾ ਸਹਿਯੋਗ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਮੈਨੂੰ ਮਾਣ ਹੈ ਕਿ ਮੈਂ ਆਪਣੇ ਪਿੰਡ ਦੀ ਤਰੱਕੀ ਵਿੱਚ ਹਿੱਸਾ ਪਾ ਸਕਿਆ। ਇਨ੍ਹਾਂ ਸਭ ਕਾਰਜਾਂ ਨੂੰ ਕਰਵਾਉਣ ਲਈ ਸੂਬਾ ਸਰਕਾਰ ਅਤੇ ਪਿੰਡ ਵਾਸੀਆਂ ਦਾ ਵੀ ਸਹਿਯੋਗ ਮਿਲਿਆ ਹੈ। ਅਸੀਂ ਹਮੇਸ਼ਾ ਕੋਸ਼ਿਸ਼ ਕਰਾਂਗੇ ਕਿ ਪਿੰਡ ਨੂੰ ਹੋਰ ਵੀ ਆਧੁਨਿਕ ਸੁਵਿਧਾਵਾਂ ਨਾਲ ਸੰਵਾਰੀਏ। ਪਿੰਡ ਮੱਲ ਕੇ ਦੀ ਤਰੱਕੀ ਦੇ ਨਾਲ ਹਲਕੇ ਦੇ ਹੋਰ ਪਿੰਡਾਂ ਵਿਚ ਵੀ ਵਿਕਾਸ ਕਾਰਜ ਤੇਜ਼ੀ ਨਾਲ ਜਾਰੀ ਹਨ। ਪਿੰਡ ਦੇ ਸਰਪੰਚ ਅਤੇ ਪਿੰਡ ਵਾਸੀ ਸ਼ਲਾਘਾ ਦੇ ਪਾਤਰ ਹਨ, ਜੋ ਵਿਕਾਸ ਨੂੰ ਪਹਿਲ ਦੇ ਰਹੇ ਹਨ। ਸਰਪੰਚ ਰਾਜਾ ਮੱਲ ਕੇ ਨੇ ਅਖੀਰ ਵਿਚ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਜੋ ਯੁੱਧ ਨਸ਼ਿਆਂ ਵਿਰੁੱਧ ਚਲਾਇਆ ਗਿਆ ਹੈ ਉਹ ਉਸਦਾ ਸਮਰਥਨ ਕਰਦੇ ਹਨ ਅਤੇ ਜੇਕਰ ਕੋਈ ਵੀ ਨਸ਼ਾ ਤਸਕਰ ਜਾਂ ਸਮੱਗਲਰ ਉਨ੍ਹਾਂ ਦੇ ਪਿੰਡ ਵਿਚ ਪਾਬੰਦੀਸ਼ੁਦਾ ਨਸਿਆਂ ਦੀ ਵਿੱਕਰੀ ਕਰਦਾ ਹੈ ਤਾਂ ਉਹ ਉਨ੍ਹਾਂ ਦਾ ਵਿਰੋਧ ਕਰ ਕੇ ਪੁਲਸ ਦੇ ਹਵਾਲੇ ਕਰਨਗੇ। ਇਸ ਮੌਕੇ ਸਰਪੰਚ ਮੱਲ ਕੇ ਦੇ ਨਾਲ ਪਿੰਡ ਦੇ ਪੰਚ ਅਤੇ ਮੋਹਤਬਰ ਵਿਅਕਤੀ ਵੀ ਮੌਜੂਦ ਸਨ।

ਕਾਰ ਦੀ ਟੱਕਰ ਨਾਲ ਬਜ਼ੁਰਗ ਵਿਅਕਤੀ ਜਖਮੀਂ

ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)-ਅੱਜ ਸਵੇਰੇ ਪੌਣੇ ਅੱਠ ਵਜੇ ਦੇ ਕਰੀਬ ਬਠਿੰਡਾ-ਰਾਮਪੁਰਾ ਜੀ ਟੀ ਰੋਡ 'ਤੇ ਲਹਿਰਾ ਮੁਹੱਬਤ ਵਿਖੇ ਮਾਰਕੀਟ ਬੱਸ ਸਟੈਂਡ 'ਤੇ ਕੱਟ ਵਾਲੀ ਥਾਂ 'ਤੇ ਕਾਰ ਦੀ ਟੱਕਰ ਨਾਲ ਇੱਕ ਵਿਅਕਤੀ ਦੇ ਗੰਭੀਰ ਜਖਮੀਂ ਹੋ ਜਾਣ ਦਾ ਸਮਾਚਾਰ ਹੈ। ਜਾਣਕਾਰੀ ਅਨੁਸਾਰ ਪਿੰਡ ਲਹਿਰਾ ਮੁਹੱਬਤ (ਬਾਠ ਰੋਡ) ਨਿਵਾਸੀ ਠਾਕੁਰ ਸਿੰਘ (ਕਰੀਬ 60 ਸਾਲ) ਪੁੱਤਰ ਮੁਖਤਿਆਰ ਸਿੰਘ (ਰਾਲਿਆਂ ਦੇ), ਜੋ ਕਿ ਡੇਅਰੀ ਵਿੱਚ ਦੁੱਧ ਪਾ ਕੇ ਵਾਪਸ ਪੈਦਲ ਆਪਣੇ ਘਰ ਜਾ ਰਿਹਾ ਸੀ ਕਿ ਮਾਰਕੀਟ ਕੱਟ 'ਤੇ ਸੜਕ ਪਾਰ ਕਰਦੇ ਸਮੇਂ ਰਾਮਪੁਰਾ ਫੂਲ ਦੀ ਤਰਫੋਂ ਬਠਿੰਡਾ ਵੱਲ ਜਾ ਰਹੀ ਰਿਟਿਜ ਕਾਰ (ਨੰ: ਪੀ ਬੀ 03 ਬੀ ਐਨ 9412) ਨੇ ਉਸਨੂੰ ਟੱਕਰ ਮਾਰ ਦਿੱਤੀ। ਹਾਦਸੇ 'ਚ ਠਾਕੁਰ ਸਿੰਘ ਦੇ ਸਿਰ ਵਿੱਚ ਸੱਟ ਲੱਗੀ। ਉਸਨੂੰ ਜਖਮੀਂ ਹਾਲਤ ਵਿੱਚ ਹਾਦਸਾਗ੍ਰਸਤ ਕਾਰ ਦੇ ਡਰਾਈਵਰ ਨੇ ਖੁਦ ਆਪਣੀ ਕਾਰ ਰਾਹੀਂ ਇਲਾਜ ਲਈ ਆਦੇਸ਼ ਹਸਪਤਾਲ ਪਹੁੰਚਾਇਆ। ਭੁੱਚੋ ਪੁਲਸ ਵੱਲੋਂ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ।

ਪੀ ਜੀ ਆਈ ਚੰਡੀਗੜ੍ਹ, ਕੈਂਸਰ ਹਸਪਤਾਲ ਸੰਗਰੂਰ ਸਮੇਤ 8 ਹਸਪਤਾਲਾਂ 'ਚ ਲਾਇਆ ਲੰਗਰ

ਨਾਭਾ (ਵਰਿੰਦਰ ਵਰਮਾ)-ਦਸਮੇਸ਼ ਪਿਤਾ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਮਹਾਰਾਜ ਵੱਲੋਂ ਥਾਪੇ ਦਮਦਮੀ ਟਕਸਾਲ ਦੇ ਪਹਿਲੇ ਮੁਖੀ ਅਨੋਖੇ ਅਮਰ ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਨਾਂਅ 'ਤੇ ਇਲਾਕੇ ਵਿੱਚ ਲਗਾਤਾਰ ਪਿਛਲੇ ਲੰਮੇ ਸਮੇਂ ਤੋਂ ਲੋੜਵੰਦ ਪਰਵਾਰਾਂ ਲਈ ਹਰ ਪੱਖੋਂ ਸੇਵਾਵਾਂ ਨਿਭਾਉਂਦੀ ਆ ਰਹੀ ਸ਼ਹੀਦ ਬਾਬਾ ਦੀਪ ਸਿੰਘ ਵੈਲਫੇਅਰ ਸੇਵਾ ਸੋਸਾਇਟੀ ਰਜਿ ਵੱਲੋਂ ਗੁਰੂ ਸਾਹਿਬ ਦੀ ਅਪਾਰ ਕਿਰਪਾ ਸੰਗਤਾਂ ਦੇ ਅਥਾਹ ਸਹਿਯੋਗ ਨਾਲ ਗੁਰੂ ਸਾਹਿਬ ਦੇ ਚਰਨਾਂ ਵਿੱਚ ਅਰਦਾਸ ਬੇਨਤੀ ਕਰਨ ਉਪਰੰਤ ਵੱਖ-ਵੱਖ ਗੱਡੀਆਂ ਦੁਆਰਾ ਨੌਜਵਾਨਾਂ ਦੇ ਕਾਫ਼ਲੇ ਮਰੀਜ਼ਾਂ ਤੇ ਉਹਨਾਂ ਦੇ ਵਾਰਸਾਂ ਲਈ ਲੰਗਰ ਲੈ ਪੀ ਜੀ ਆਈ ਹਸਪਤਾਲ ਚੰਡੀਗੜ੍ਹ, ਪਟਿਆਲਾ ਰਜਿੰਦਰਾ, ਨਿਊ ਚੰਡੀਗੜ੍ਹ ਕੈਂਸਰ ਹਸਪਤਾਲ, ਪੀਜੀਆਈ ਓਪੀਡੀ ਵਾਲਾ ਗੇਟ, ਕੈਂਸਰ ਹਸਪਤਾਲ ਸੰਗਰੂਰ, ਸਰਕਾਰੀ ਹਸਪਤਾਲ ਨਾਭਾ, ਸਰਕਾਰੀ ਹਸਪਤਾਲ ਸੰਗਰੂਰ, ਸੈਕਟਰ 32 ਛੋਟੀ ਪੀਜੀਆਈ ਸਮੇਤ ਅੱਠਾਂ ਹਸਪਤਾਲਾਂ ਵਿੱਚ ਪਹੁੰਚੇ ਤੇ ਲੰਗਰ ਵਰਤਾਉਣ ਦੀਆਂ ਸੇਵਾਵਾਂ ਨਿਭਾਈਆਂ ਗਈਆਂ।ਇਹ ਜਾਣਕਾਰੀ ਸੰਸਥਾ ਦੇ ਮੁੱਖ ਸੇਵਾਦਾਰ ਭਾਈ ਅਮਨਦੀਪ ਸਿੰਘ ਲਵਲੀ, ਮੈਂਬਰ ਪ੍ਰਿਤਪਾਲ ਸਿੰਘ, ਰਵਿੰਦਰ ਸਿੰਘ, ਜਸਵਿੰਦਰਪਾਲ ਸਿੰਘ, ਅਸ਼ੋਕ ਅਰੋੜਾ, ਕਮਲਜੀਤ ਕਪੂਰ ਪੱਪੀ, ਦਰਸ਼ਨ ਅਰੋੜਾ ਵੱਲੋਂ ਸਾਂਝੇ ਤੌਰ 'ਤੇ ਦਿੱਤੀ ਗਈ। ਉਨ੍ਹਾਂ ਦੱਸਿਆ ਕਿ ਸੰਸਥਾ ਵੱਲੋਂ ਕਰੋਨਾ ਕਾਲ ਤੋਂ ਹੁਣ ਤੱਕਰ ਲਗਾਤਾਰ ਆਕਸੀਜਨ ਦੇ ਕੰਸਨਟਰੇਟਰ ਮਹੀਨਾਵਾਰੀ ਰਾਸ਼ਨ ਪੜਤਾਲ ਕਰਨ ਉਪਰੰਤ ਲੋੜਵੰਦਾਂ ਦੇ ਆਪਰੇਸ਼ਨ ਮੈਡੀਕਲ ਸਹੂਲਤਾਂ ਅਤੇ ਸਿੱਖਿਆ ਨੂੰ ਲੈ ਸੇਵਾਵਾਂ ਜਾਰੀ ਹਨ।ਸੰਗਤਾਂ ਗਰੀਬ ਦਾ ਮੁੱਖ ਗੁਰੂ ਦੀ ਗੋਲਕ ਨੂੰ ਲੈ ਚੱਲ ਰਹੇ ਕਾਰਜਾਂ ਵਿੱਚ ਵੱਧ ਤੋਂ ਵੱਧ ਸਹਿਯੋਗ ਦੇਣ।ਉਨ੍ਹਾਂ ਕਿਹਾ ਕਿ ਜਲਦ ਲੋੜਵੰਦ ਪਰਵਾਰਾਂ ਦੀਆਂ ਧੀਆਂ ਦੀ ਪੜ੍ਹਾਈ ਦਾ ਖਰਚਾ ਵੀ ਸੰਸਥਾ ਵੱਲੋਂ ਕੀਤਾ ਜਾਵੇਗਾ ਤੇ ਹੋਰ ਮੈਡੀਕਲ ਸਹੂਲਤਾਂ ਦਿੱਤੀਆਂ ਜਾਣਗੀਆਂ।

ਕਿਸਾਨਾਂ, ਮਜ਼ਦੂਰਾਂ ਡੀ ਸੀ ਦਫਤਰ ਅੱਗੇ ਲਾਇਆ ਦੋ ਦਿਨਾ ਧਰਨਾ

ਮੋਗਾ (ਇਕਬਾਲ ਸਿੰਘ ਖਹਿਰਾ)

ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੀ ਅਗਵਾਈ ਹੇਠ ਮੋਗਾ ਜ਼ਿਲ੍ਹੇ ਦੇ ਵੱਡੀ ਗਿਣਤੀ ਵਿੱਚ ਕਿਸਾਨਾਂ ਮਜ਼ਦੂਰਾਂ ਅਤੇ ਬੀਬੀਆਂ ਵੱਲੋਂ ਡੀ.ਸੀ ਦਫਤਰ ਅੱਗੇ ਮੋਰਚਾ ਸ਼ੁਰੂ ਕਰ ਦਿੱਤਾ ਗਿਆ ਹੈ।ਧਰਨੇ ਵਿੱਚ ਪਹੁੰਚੇ ਭਾਰੀ ਇਕੱਠ ਨੂੰ ਸੰਬੋਧਨ ਕਰਦਿਆਂ ਸੂਬਾ ਜਨਰਲ ਸਕੱਤਰ ਰਾਣਾ ਰਣਬੀਰ ਸਿੰਘ ਠੱਠਾ ਨੇ ਕਿਹਾ ਕਿ 14 ਫਰਵਰੀ ਨੂੰ ਕਿਸਾਨਾਂ ਦੇ ਵਫਦ ਨੇ ਡੀ.ਸੀ.ਅਤੇ ਐਸ.ਐਸ.ਪੀ. ਅਜੇ ਗਾਂਧੀ ਨੂੰ ਮੰਗ ਪੱਤਰ ਸੌਂਪ ਕੇ ਮੰਗਾਂ ਨੂੰ ਹੱਲ ਕਰਨ ਲਈ ਕਿਹਾ ਸੀ, ਜਿਸ ਵਿੱਚ ਸ਼ੰਭੂ ਬਾਰਡਰ ਤੇ ਸ਼ਹੀਦ ਹੋਏ ਬਲਵਿੰਦਰ ਸਿੰਘ ਦੇ ਪਰਵਾਰ ਨੂੰ ਪੰਜ ਲੱਖ ਰੁਪਏ ਮੁਆਵਜ਼ਾ ਅਤੇ ਪਰਿਵਾਰ ਦੇ ਇੱਕ ਜੀ ਨੂੰ ਨੌਕਰੀ ਦੇਣ ਪਰਾਲੀ ਦੇ ਮੁਕਦਮੇ ਰੱਦ ਕਰਕੇ ਪਾਏ ਜੁਰਮਾਨੇ ਅਤੇ ਫਰਦਾਂ ਵਿੱਚ ਕੀਤੀਆਂ ਰੈਡ ਐਂਟਰੀਆਂ ਨੂੰ ਖਤਮ ਕਰਨ ਪਿੰਡਾਂ ਵਿੱਚ ਲਾਏ ਜਾ ਰਹੇ ਚਿੱਪ ਵਾਲੇ ਮੀਟਰ ਬੰਦ ਕਰਨ ਤੇ ਬੈਂਕਾਂ ਵੱਲੋਂ ਕਿਸਾਨਾਂ ਦੀਆਂ ਜਮੀਨਾਂ ਦੀਆਂ ਆ ਰਹੀਆਂ ਕੁਰਕੇ ਨੂੰ ਰੋਕਣ ਤੋਂ ਇਲਾਵਾ ਬਿਜਲੀ ਵਿਭਾਗ ਵੱਲੋਂ ਪਿੰਡ ਸ਼ਾਹਵਾਲ ਦੇ ਕਿਸਾਨ ਨੂੰ ਪਾਇਆ ਜੁਰਮਾਨਾ ਤੇ ਕੀਤਾ ਪਰਚਾ ਰੱਦ ਕਰਨ ਲਈ ਕਿਹਾ ਸੀ।

ਮੰਗ ਪੱਤਰ ਲੈਣ ਉਪਰੰਤ ਪ੍ਰਸ਼ਾਸਨ ਨੇ ਭਰੋਸਾ ਦਵਾਇਆ ਸੀ ਕਿ ਪੰਜ ਮਾਰਚ ਤੋਂ ਪਹਿਲਾਂ ਪਹਿਲਾਂ ਸਾਰੇ ਮਸਲੇ ਹੱਲ ਕੀਤੇ ਜਾਣਗੇ ਤੇ ਵਿਭਾਗਾਂ ਵਿੱਚ ਪੈਂਡਿੰਗ ਪਈਆਂ ਦਰਖਾਸਤਾਂ ਦਾ ਨਿਪਟਾਰਾ ਕੀਤਾ ਜਾਵੇਗਾ। ਪਰ ਇੱਕ ਮਹੀਨਾ ਬੀਤ ਜਾਣ ਤੇ ਵੀ ਕਿਸੇ ਮਸਲੇ ਦਾ ਹੱਲ ਨਹੀਂ ਕੀਤਾ ਗਿਆ। ਜਿਸ ਕਰਕੇ ਅੱਜ ਕਿਸਾਨਾਂ ਨੇ ਆਪਣੀਆਂ ਮੰਗਾਂ ਦੇ ਹੱਲ ਲਈ ਧਰਨਾ ਸ਼ੁਰੂ ਕਰ ਦਿੱਤਾ ਹੈ।

ਆਗੂਆਂ ਨੇ ਕਿਹਾ ਹੈ ਕਿ ਪ੍ਰਸ਼ਾਸਨ ਨੂੰ ਦੋ ਦਿਨ ਦਾ ਸਮਾਂ ਦਿੱਤਾ ਜਾਂਦਾ ਹੈ ਜੇਕਰ ਫਿਰ ਵੀ ਸਾਡੀਆਂ ਮੰਗਾਂ ਦਾ ਕੋਈ ਹੱਲ ਨਹੀਂ ਕੀਤਾ ਜਾਂਦਾ ਤਾਂ ਮੋਰਚਾ ਸੱਤ ਮਾਰਚ ਨੂੰ ਰੇਲਵੇ ਲਾਈਨ ਤੇ ਤਬਦੀਲ ਕਰ ਦਿੱਤਾ ਜਾਵੇਗਾ।ਮੋਰਚਾ ਮੰਗਾਂ ਮੰਨੇ ਜਾਣ ਤੱਕ ਜਾਰੀ ਰਹੇਗਾ, ਜਿਸ ਦੀ ਜ਼

7-March-11-Page-Majha-25.qxd 3/6/2025 11:11 PM Page 1

ਨਸ਼ਿਆਂ ਵਿਰੁੱਧ ਫੈਸਲਾਕੁੰਨ ਲੜਾਈ ਲੜ ਰਹੀ ਪੰਜਾਬ ਸਰਕਾਰ : ਸ਼ਮਸ਼ੇਰ ਸਿੰਘ

ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਅੰਦਰੋਂ ਨਸ਼ੇ ਦਾ ਖਾਤਮਾ ਕਰਨ ਲਈ ਫੈਸਲਾਕੁੰਨ ਲੜਾਈ ਲੜ ਰਹੀ ਹੈ ਅਤੇ ਇਸ ਲੜਾਈ ਦੌਰਾਨ ਨਸ਼ੇ ਦਾ ਕਾਰੋਬਾਰ ਕਰਨ ਵਾਲੇ ਕਿਸੇ ਵੀ ਵਿਅਕਤੀ ਨੂੰ ਬਖਸ਼ਿਆ ਨਹੀਂ ਜਾਵੇਗਾ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਸ਼ਹਿਰੀ ਤੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਵੱਲੋਂ ਪਿੰਡ ਝੜੋਲੀ ਵਿਖੇ ਸਰਕਾਰ ਤੁਹਾਡੇ ਦੁਆਰ ਯੋਜਨਾ ਤਹਿਤ ਪੰਜਾਬ ਸਰਕਾਰ ਵੱਲੋਂ ਲਾਏ ਗਏ ਜਨ ਸੁਵਿਧਾ ਕੈਂਪ ਦਾ ਨਿਰੀਖਣ ਕਰਨ ਮੌਕੇ ਕੀਤਾ ਗਿਆ। ਇਸ ਮੌਕੇ ਐਸ ਡੀ ਐਮ ਦੀਨਾਨਗਰ ਜਸਪਿੰਦਰ ਸਿੰਘ ਅਤੇ ਹੋਰ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਵੀ ਮੌਜੂਦ ਸਨ।ਇਸ ਮੌਕੇ ਉਹਨਾਂ ਕੈਂਪ ਵਿੱਚ ਆਪਣੇ ਕੰਮਾਂਕਾਰਾਂ ਲਈ ਆਏ ਲੋਕਾਂ ਨਾਲ ਗੱਲਬਾਤ ਵੀ ਕੀਤੀ ਅਤੇ ਲੋਕਾਂ ਦੀਆਂ ਮੁਸ਼ਕਲਾਂ ਸੁਣ ਕੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਉਹਨਾਂ ਦੇ ਫੌਰੀ ਹੱਲ ਲਈ ਵੀ ਕਿਹਾ। ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਨਸ਼ੇ ਦੇ ਕਾਰੋਬਾਰ ਨਾਲ ਜੁੜੇ ਲੋਕਾਂ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਜਾਂ ਤਾਂ ਉਹ ਇਹ ਕਾਰੋਬਾਰ ਛੱਡ ਦੇਣ ਨਹੀਂ ਤਾਂ ਜੇਲ੍ਹ ਦੀਆਂ ਸਲਾਖਾਂ ਪਿੱਛੇ ਜਾਣ ਲਈ ਤਿਆਰ ਰਹਿਣ ਕਿਉਂਕਿ ਹੁਣ ਪੰਜਾਬ ਦੀ ਜਵਾਨੀ ਦਾ ਹੋਰ ਘਾਣ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਉਹਨਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਪੰਜਾਬ ਸਰਕਾਰ ਦੀ ਇਸ ਫੈਸਲਾਕੁੰਨ ਲੜਾਈ ਵਿੱਚ ਸਾਥ ਦੇਣ ਅਤੇ ਖੁੱਲ੍ਹ ਕੇ ਅੱਗੇ ਆਉਣ। ਲੋਕ ਅਪਣੇ ਅਪਣੇ ਪਿੰਡਾਂ ਅਤੇ ਮੁਹੱਲਿਆਂ ਅੰਦਰ ਨਸ਼ੇ ਦੇ ਕਾਰੋਬਾਰ ਨਾਲ ਜੁੜੇ ਲੋਕਾਂ ਦਾ ਮੁਕੰਮਲ ਬਾਈਕਾਟ ਕਰਨ ਅਤੇ ਅਜਿਹੇ ਲੋਕਾਂ ਦੀ ਜਾਣਕਾਰੀ ਪੁਲਸ ਨਾਲ ਸਾਂਝੀ ਕਰਨ। ਇਸ ਤੋਂ ਇਲਾਵਾ ਨਸ਼ੇ ਦੀ ਗ੍ਰਿਫਤ ਵਿੱਚ ਫਸ ਚੁੱਕੇ ਲੋਕਾਂ ਬਾਰੇ ਵੀ ਪ੍ਰਸ਼ਾਸਨ ਨਾਲ ਜਾਣਕਾਰੀ ਸਾਂਝੀ ਕਰਨ ਤਾਂ ਜੋ ਨਸ਼ੇ ਤੋਂ ਪੀੜਤ ਲੋਕਾਂ ਨੂੰ ਨਸ਼ੇ ਦੇ ਚੁੰਗਲ ਚੋਂ ਬਾਹਰ ਕੱਢਣ ਲਈ ਉਪਰਾਲੇ ਕੀਤੇ ਜਾ ਸਕਣ। ਇਸ ਮੌਕੇ ਮੌਜੂਦ ਲੋਕਾਂ ਨੂੰ ਨਸ਼ੇ ਦੇ ਖਿਲਾਫ ਲੜਣ ਦੀ ਸਹੁੰ ਵੀ ਚੁਕਾਈ ਗਈ।

ਵਿੱਤ ਮੰਤਰੀ ਚੀਮਾ ਤੇ ਕੈਬਨਿਟ ਮੰਤਰੀ ਕਟਾਰੂਚੱਕ ਨੇ ਜੀ ਐਸ ਟੀ ਦਫਤਰ ਦੀ ਕੀਤੀ ਅਚਨਚੇਤ ਚੈਕਿੰਗ

ਪਠਾਨਕੋਟ (ਦਵਿੰਦਰ ਸਿੰਘ)-ਅੱਜ ਵਿੱਤ ਮੰਤਰੀ ਪੰਜਾਬ ਹਰਪਾਲ ਸਿੰਘ ਚੀਮਾ ਅਤੇ ਕੈਬਨਿਟ ਮੰਤਰੀ ਪੰਜਾਬ ਲਾਲ ਚੰਦ ਕਟਾਰੂਚੱਕ ਨੇ ਸਵੇਰੇ ਕਰੀਬ 9:26 'ਤੇ ਜੀ.ਐਸ.ਟੀ ਦਫਤਰ ਦੀ ਅਚਨਚੇਤ ਚੈਕਿੰਗ ਕੀਤੀ। ਚੈਕਿੰਗ ਦੌਰਾਨ 8 ਮੁਲਾਜ਼ਮ ਗੈਰ ਹਾਜ਼ਰ ਪਾਏ ਗਏ। ਇਹਨਾਂ ਵਿੱਚੋਂ ਇੱਕ ਮੁਲਾਜ਼ਮ ਨੇ ਆਪਣੀ ਛੁੱਟੀ ਰੱਖੀ ਹੋਈ ਸੀ। ਇਸ ਮੌਕੇ ਵਿੱਤ ਮੰਤਰੀ ਪੰਜਾਬ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਡਿਊਟੀ ਤੋਂ ਗੈਰ ਹਾਜ਼ਰ ਰਹਿਣ ਵਾਲੇ ਮੁਲਾਜ਼ਮਾਂ ਖਿਲਾਫ ਸਖਤ ਕਾਰਵਾਈ ਕੀਤੀ ਜਾਵੇਗੀ। ਉਹਨਾਂ ਨੇ ਕਿਹਾ ਕਿ ਡਿਊਟੀ ਤੋਂ ਕੁਤਾਹੀ ਕਰਨ ਵਾਲੇ ਕਿਸੇ ਵੀ ਮੁਲਾਜ਼ਮ ਨੂੰ ਬਖਸ਼ਿਆ ਨਹੀਂ ਜਾਵੇਗਾ। ਉਨ੍ਹਾਂ ਇਹ ਵੀ ਕਿਹਾ ਕਿ ਚੈਕਿੰਗ ਦੌਰਾਨ ਜੋ ਵੀ ਕਮੀ ਦੇਖਣ ਨੂੰ ਮਿਲੀ ਹੈ, ਉਸ ਸਬੰਧੀ ਅਧਿਕਾਰੀਆਂ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਦਿੱਤੇ ਗਏ ਹਨ।

ਇਸ ਮੌਕੇ ਕੈਬਨਿਟ ਮੰਤਰੀ ਪੰਜਾਬ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਇਸ ਤਰ੍ਹਾਂ ਦੀਆਂ ਅਚਨਚੇਤ ਚੈਕਿੰਗਾਂ ਚਲਦੀਆਂ ਰਹਿਣਗੀਆਂ ਤਾਂ ਜੋ ਆਮ ਲੋਕਾਂ ਨੂੰ ਪੰਜਾਬ ਸਰਕਾਰ ਦੀਆਂ ਵਧੀਆ ਸੁਵਿਧਾਵਾਂ ਉਪਲਬਧ ਹੋ ਸਕਣ। ਉਹਨਾਂ ਮੁਲਾਜ਼ਮਾਂ ਨੂੰ ਹਦਾਇਤ ਕੀਤੀ ਕਿ ਉਹ ਆਪਣੀ ਡਿਊਟੀ 'ਤੇ ਸਮੇਂ ਸਿਰ ਹਾਜ਼ਰ ਹੋਣ ਅਤੇ ਲੋਕਾਂ ਦੇ ਕੰਮ ਨੂੰ ਪਹਿਲ ਦੇ ਅਧਾਰ 'ਤੇ ਕਰਨ ਨੂੰ ਯਕੀਨੀ ਬਣਾਉਣ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨੂੰ ਪਾਰਦਰਸ਼ੀ ਤੇ ਵਧੀਆ ਪ੍ਰਸ਼ਾਸਨਿਕ ਸੇਵਾਵਾਂ ਪ੍ਰਦਾਨ ਕਰਵਾਉਣ ਲਈ ਬਚਨਵੱਧ ਹੈ।

ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਵਿਖੇ 56ਵਾਂ ਹੋਲਾ ਮਹੱਲਾ ਖਾਲਸਾਈ ਸ਼ਾਨੋ ਸ਼ੌਕਤ ਨਾਲ ਸੰਪੰਨ

ਮੱਤੇਵਾਲ (ਦਵਿੰਦਰ ਸਿੰਘ ਤਰਸਿੱਕਾ)-ਛੇਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੀ ਚਰਨ ਛੋਹ ਪ੍ਰਾਪਤ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਮੱਤੇਵਾਲ ਵਿਖੇ 56ਵਾਂ ਹੋਲਾ ਮਹੱਲਾ ਖਾਲਸਾਈ ਸ਼ਾਨੋ ਸ਼ੌਕਤ ਨਾਲ ਸਮਾਪਤ ਹੋ ਗਿਆ। ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਸੰਤ ਬਾਬਾ ਸੱਜਣ ਸਿੰਘ ਦੀ ਅਗਵਾਈ ਅਤੇ ਸਮੂਹ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ 27 ਫਰਵਰੀ ਤੋਂ ਆਰੰਭ ਹੋਏ 7 ਰੋਜ਼ਾ ਹੋਲਾ ਮਹੱਲਾ ਸਮਾਗਮ ਦੌਰਾਨ ਰੋਜ਼ਾਨਾ ਧਾਰਮਿਕ ਦੀਵਾਨ ਸਜਾਏ ਗਏ ਜਿਸ ਵਿੱਚ ਪੰਥ ਪ੍ਰਸਿੱਧ ਰਾਗੀ ਢਾਡੀ ਅਤੇ ਸੰਗਤਾਂ ਨੂੰ ਗੁਰਬਾਣੀ ਅਤੇ ਕਥਾ ਵਿਚਾਰਾਂ ਰਾਹੀਂ ਨਿਹਾਲ ਕੀਤਾ।

ਅੱਜ ਇਹਨਾਂ ਹੋਲਾ ਮਹੱਲਾ ਸਮਾਗਮਾਂ ਦੇ ਆਖਰੀ ਦਿਨ ਧਾਰਮਿਕ ਦੀਵਾਨ ਸਜਾਏ ਗਏ ਅਤੇ ਸ਼ਾਮ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਗੁਰਦੁਆਰਾ ਸਾਹਿਬ ਦੀ ਅਗਵਾਈ ਹੇਠ ਚੱਲ ਰਹੇ ਸੰਤ ਬਾਬਾ ਲਾਭ ਸਿੰਘ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਦੇ ਸਟੇਡੀਅਮ ਵਿੱਚ ਕਬੱਡੀ ਮੈਚ ਕਰਵਾਏ ਗਏ ਜਿਸ ਵਿੱਚ ਮਾਝੇ ਅਤੇ ਮਾਲਵੇ ਨਾਲ ਸੰਬੰਧਤ ਟੀਮਾਂ ਵੱਲੋਂ ਕਬੱਡੀ ਦੇ ਜੌਹਰ ਦਿਖਾਏ ਅਤੇ ਬਹੁਤ ਹੀ ਰੋਮਾਂਚਿਕ ਮੈਚ ਮਾਝੇ ਦੀ ਟੀਮ ਵੱਲੋਂ ਜਿੱਤ ਲਿਆ। ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਸੰਤ ਬਾਬਾ ਸੱਜਣ ਸਿੰਘ ਨੇ ਸਮਾਗਮ ਵਿੱਚ ਪਹੁੰਚੇ ਧਾਰਮਿਕ ਆਗੂਆਂ, ਦੇਸ਼ ਵਿਦੇਸ਼ ਦੀਆਂ ਸੰਗਤਾਂ ਦਾ ਧੰਨਵਾਦ ਕਰਦਿਆਂ ਦੱਸਿਆ ਕਿ ਦੇਸ਼ ਵਿਦੇਸ਼ ਅਤੇ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਇਹ ਸਮਾਗਮ ਕਰਵਾਏ ਜਾਂਦੇ ਹਨ ਜਿਸ ਵਿੱਚ ਪੁਰਾਤਨ ਰਵਾਇਤ ਅਨੁਸਾਰ ਸ੍ਰੀ ਅਨੰਦਪੁਰ ਸਾਹਿਬ ਦੇ ਹੋਲਾ ਮਹੱਲਾ ਤੋਂ 20 ਦਿਨ ਪਹਿਲਾਂ ਇਹ 7 ਰੋਜ਼ਾ ਹੋਲਾ ਮਹੱਲਾ ਕਰਾਇਆ ਜਾਂਦਾ ਹੈ। ਇਹਨਾਂ ਸਮਾਗਮਾਂ ਵਿੱਚ ਪਹੁੰਚੇ ਪ੍ਰਮੁੱਖ ਆਗੂਆਂ ਵਿੱਚ ਹੋਰਨਾਂ ਤੋਂ ਇਲਾਵਾ ਬਾਬਾ ਇਕਬਾਲ ਸਿੰਘ ਬਲਪੁਰੀਆ ਬਾਬਾ ਗੁਰਦੇਵ ਸਿੰਘ ਤਰਸਿੱਕਾ ਡੇਰਾ ਭਗਤਾਂ, ਸੁਖਵਿੰਦਰ ਸਿੰਘ ਗੋਲਡੀ ਸਿਆਸੀ ਸਲਾਹਕਾਰ ਬਿਕਰਮ ਸਿੰਘ ਮਜੀਠੀਆ, ਕੁਲਦੀਪ ਸਿੰਘ ਮੱਤੇਵਾਲ , ਅਮਰਪਾਲ ਸਿੰਘ ਪਾਲੀ, ਪ੍ਰੋਫੈਸਰ ਸਤਬੀਰ ਸਿੰਘ ਮੱਤੇਵਾਲ, ਪ੍ਰਿੰਸੀਪਲ ਗੁਰਸੇਵਕ ਸਿੰਘ, ਪ੍ਰਿੰਸੀਪਲ ਬਚਿੱਤਰ ਸਿੰਘ ਤਰਸਿੱਕਾ, ਅਵਤਾਰ ਸਿੰਘ ਤਾਰਪੁਰ, ਬਚਿੱਤਰ ਸਿੰਘ ਮੱਤੇਵਾਲ, ਸ਼ਰਨਬੀਰ ਸਿੰਘ ਢਪਈਆਂ ਆਦਿ ਆਗੂ ਸ਼ਾਮਲ ਸਨ।

ਚੇਅਰਮੈਨ ਰਮਨ ਬਹਿਲ ਦੇ ਯਤਨਾਂ ਸਦਕਾ ਪੰਜਾਬ ਸਰਕਾਰ ਨੇ ਵੱਖ-ਵੱਖ ਕੰਮਾਂ ਲਈ 2.03 ਕਰੋੜ ਰੁਪਏ ਕੀਤੇ ਮਨਜ਼ੂਰ

ਗੁਰਦਾਸਪੁਰ, (ਦਿਨੇਸ਼ ਕੁਮਾਰ)-ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ ਦੀਆਂ ਕੋਸ਼ਿਸ਼ਾਂ ਸਦਕਾ ਪੰਜਾਬ ਸਰਕਾਰ ਵੱਲੋਂ ਸਿਵਲ ਹਸਪਤਾਲ ਗੁਰਦਾਸਪੁਰ ਦੀ ਮੁਰੰਮਤ ਤੇ ਨਵੀਨੀਕਰਨ ਅਤੇ ਨਵੇਂ ਫੈਸਲੀਟੇਸ਼ਨ ਸੈਂਟਰ ਲਈ 2.03 ਕਰੋੜ ਰੁਪਏ ਮਨਜ਼ੂਰ ਕੀਤੇ ਗਏ ਹਨ। ਸਿਵਲ ਹਸਪਤਾਲ ਦੀ ਮੁਰੰਮਤ ਤੇ ਨਵੀਨੀਕਰਨ ਪ੍ਰੋਜੈਕਟ ਦੀ ਸ਼ੁਰੂਆਤ ਅਤੇ ਨਵੇਂ ਫੈਸਲੀਟੇਸ਼ਨ ਸੈਂਟਰ ਦਾ ਨੀਂਹ ਪੱਥਰ ਚੇਅਰਮੈਨ ਰਮਨ ਬਹਿਲ ਵੱਲੋਂ 8 ਮਾਰਚ ਨੂੰ ਸਵੇਰੇ 10:30 ਵਜੇ ਰੱਖਿਆ ਜਾਵੇਗਾ।

ਚੇਅਰਮੈਨ ਰਮਨ ਬਹਿਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਸਿਹਤ ਤੇ ਪਰਵਾਰ ਭਲਾਈ ਅਤੇ ਮੈਡੀਕਲ ਸਿੱਖਿਆ ਮੰਤਰੀ ਡਾ. ਬਲਬੀਰ ਸਿੰਘ ਦੀ ਅਗਵਾਈ ਹੇਠ ਸੂਬੇ ਵਿੱਚ ਸਿਹਤ ਕ੍ਰਾਂਤੀ ਤਹਿਤ ਸਰਕਾਰੀ ਹਸਪਤਾਲਾਂ ਤੇ ਸਿਹਤ ਸੰਸਥਾਵਾਂ ਦੀ ਕਾਇਆ ਕਲਪ ਕੀਤੀ ਜਾ ਰਹੀ ਹੈ। ਬਹਿਲ ਨੇ ਕਿਹਾ ਕਿ ਉਨ੍ਹਾਂ ਵੱਲੋਂ ਗੁਰਦਾਸਪੁਰ ਵਿਖੇ ਸਿਹਤ ਸੇਵਾਵਾਂ ਦੇ ਸੁਧਾਰ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ, ਜਿਸ ਸਦਕਾ ਪੰਜਾਬ ਸਰਕਾਰ ਵੱਲੋਂ ਸਿਵਲ ਹਸਪਤਾਲ ਗੁਰਦਾਸਪੁਰ ਲਈ 2.03 ਕਰੋੜ ਰੁਪਏ ਮਨਜ਼ੂਰ ਕੀਤੇ ਗਏ ਹਨ।ਉਨ੍ਹਾਂ ਦੱਸਿਆ ਕਿ 2.03 ਕਰੋੜ ਰੁਪਏ ਵਿੱਚੋਂ 1.27 ਕਰੋੜ ਰੁਪਏ ਸਿਵਲ ਹਸਪਤਾਲ ਦੀ ਮੁਰੰਮਤ ਤੇ ਨਵੀਨੀਕਰਨ ਉੱਪਰ ਖ਼ਰਚ ਕੀਤੇ ਜਾਣਗੇ।

ਇਸ ਤੋਂ ਇਲਾਵਾ 76.16 ਲੱਖ ਰੁਪਏ ਦੀ ਲਾਗਤ ਨਾਲ ਸਿਵਲ ਹਸਪਤਾਲ ਵਿੱਚ ਨਵਾਂ ਫੈਸਲੀਟੇਸ਼ਨ ਸੈਂਟਰ ਬਣਾਇਆ ਜਾਵੇਗਾ, ਜਿਸ ਦਾ ਨੀਂਹ ਪੱਥਰ 8 ਮਾਰਚ ਨੂੰ ਸਵੇਰੇ 10:30 ਵਜੇ ਰੱਖਿਆ ਜਾਵੇਗਾ। ਉਨ੍ਹਾਂ ਕਿਹਾ ਕਿ ਸਿਵਲ ਹਸਪਤਾਲ ਗੁਰਦਾਸਪੁਰ ਵਿੱਚ ਨਵਾਂ ਫੈਸਲੀਟੇਸ਼ਨ ਸੈਂਟਰ ਬਣਨ ਨਾਲ ਮਰੀਜ਼ਾਂ ਦੇ ਨਾਲ ਆਉਂਦੇ ਪਰਵਾਰਕ ਮੈਂਬਰਾਂ ਅਤੇ ਕੇਅਰ ਟੇਕਰਾਂ ਨੂੰ ਵੱਡੀ ਸਹੂਲਤ ਮਿਲੇਗੀ।

ਕੈਬਨਿਟ ਮੰਤਰੀ ਕਟਾਰੂਚੱਕ ਨੇ ਵੱਖ-ਵੱਖ ਵਿਕਾਸ ਕਾਰਜਾਂ ਦਾ ਲਿਆ ਜਾਇਜ਼ਾ

ਪਠਾਨਕੋਟ (ਦਵਿੰਦਰ ਸਿੰਘ)-ਜ਼ਿਲ੍ਹਾ ਪਠਾਨਕੋਟ ਅੰਦਰ ਵੱਖ ਵੱਖ ਖੇਤਰਾਂ ਅੰਦਰ ਵਿਕਾਸ ਕਾਰਜ ਚੱਲ ਰਹੇ ਹਨ ਅਤੇ ਅੱਜ ਉਨ੍ਹਾਂ ਵੱਲੋਂ ਵਿਧਾਨ ਸਭਾ ਹਲਕਾ ਭੋਆ ਅੰਦਰ ਚੱਲ ਰਹੇ ਵੱਖ ਵੱਖ ਮਾਰਗਾਂ ਦਾ ਨਿਰਮਾਣ ਕੀਤਾ ਜਾ ਰਿਹਾ ਹੈ। ਉਨ੍ਹਾਂ ਵੱਖ ਵੱਖ ਵਿਕਾਸ ਕਾਰਜਾਂ ਨੂੰ ਵੇਖਦਿਆਂ ਨਿਰਧਾਰਤ ਸਮੇਂ ਅੰਦਰ ਕਾਰਜ ਮੁਕੰਮਲ ਕਰਨ ਲਈ ਅਧਿਕਾਰੀਆਂ ਨੂੰ ਹਦਾਇਤ ਕੀਤੀ ਹੈ। ਇਹ ਪ੍ਰਗਟਾਵਾ ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਨੇ ਫਰੀਦਾ ਨਗਰ ਵਿਖੇ ਵਿਕਾਸ ਕਾਰਜਾਂ ਦਾ ਜਾਇਜ਼ਾ ਲੈਣ ਮਗਰੋਂ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਨਰੇਸ਼ ਸੈਣੀ ਜ਼ਿਲ੍ਹਾ ਪ੍ਰਧਾਨ ਬੀ.ਸੀ. ਵਿੰਗ, ਪਵਨ ਕੁਮਾਰ ਫੌਜੀ ਬਲਾਕ ਪ੍ਰਧਾਨ, ਸਰਪੰਚ ਗੁਜਰਾਤ ਰਿੰਕੂ, ਸਰਪੰਚ ਚਸਮਾਂ ਅਸ਼ਵਨੀ ਕੁਮਾਰ, ਸਰਪੰਚ ਜਕਰੰਡ ਅਸ਼ਵਨੀ ਸ਼ਰਮਾ, ਠਾਕੁਰ ਭੁਪਿੰਦਰ ਸਿੰਘ ਮੁੰਨਾ ਅਤੇ ਹੋਰ ਪਾਰਟੀ ਦੇ ਕਾਰਜ ਕਰਤਾ ਵੀ ਹਾਜ਼ਰ ਸਨ। ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਵੱਲੋਂ ਪਿੰਡ ਫਰੀਦਾਨਗਰ, ਸਰਨਾ ਤੋਂ ਭੀਮਪੁਰ ਰੋਡ 'ਤੇ ਬਣਾਏ ਜਾ ਰਹੇ ਡੰਗਿਆਂ ਦਾ ਕਾਰਜ, ਪਿੰਡ ਚਸਮਾਂ ਵਿਖੇ ਚੱਲ ਰਹੇ ਵਿਕਾਸ ਕਾਰਜ, ਸਰਨਾ ਤੋਂ ਭੀਮਪੁਰ ਰੋਡ 'ਤੇ ਚਲ ਰਿਹਾ ਆਰ.ਸੀ.ਸੀ. ਦਾ ਕੰਮ ਆਦਿ ਦਾ ਰੀਵਿਓ ਕੀਤਾ ਗਿਆ। ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਸਰਨਾ ਤੋਂ ਭੀਮਪੁਰ ਤੱਕ ਬਣਾਏ ਜਾ ਰਹੇ ਰੋਡ ਦਾ ਨਿਰਮਾਣ ਕਾਰਜ ਜੰਗੀ ਪੱਧਰ 'ਤੇ ਚੱਲ ਰਿਹਾ ਹੈ। ਮੌਜੂਦਾ ਸਮੇਂ ਵਿੱਚ ਰੋਡ ਦੀ ਹਾਲਤ ਬਹੁਤ ਹੀ ਖਸਤਾ ਸੀ ਅਤੇ ਦਰਜਨਾਂ ਪਿੰਡਾਂ ਨੂੰ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈਂਦਾ ਸੀ। ਉਨ੍ਹਾਂ ਕਿਹਾ ਕਿ ਇਸ ਰੋਡ ਦੇ ਨਿਰਮਾਣ ਦੇ ਨਾਲ ਨਾਲ ਨਹਿਰ ਦੇ ਕਿਨਾਰੇ ਤੇ ਰੇਲਿੰਗ ਵੀ ਲਗਾਈ ਜਾਵੇਗੀ। ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਫਰੀਦਾ ਨਗਰ ਤੋਂ ਵਾਇਆ ਚਸਮਾਂ, ਕੁੰਡੇ ਫਿਰੋਜ਼ਪੁਰ ਤੋਂ ਕਾਨਵਾਂ ਜੋ ਕਿ ਕਰੀਬ 10 ਕਿਲੋਮੀਟਰ ਲੰਬਾਈ ਦੇ ਰੋਡ ਦਾ ਕਾਰਜ ਚਲ ਰਿਹਾ ਹੈ ਇਹ ਪਹਿਲੀ ਵਾਰ ਹੈ ਕਿ ਇਸ ਰੋਡ ਨੂੰ 16 ਫੁੱਟ ਚੌੜਾ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪਿੰਡ ਢੋਲੋਵਾਲ ਸਰਪੰਚ ਬੈਨੀ ਵੱਲੋਂ ਬਹੁਤ ਹੀ ਵਧੀਆ ਕਾਰਜ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਲੱਖਾਂ ਰੁਪਏ ਦੀ ਲਾਗਤ ਨਾਲ ਛੱਪੜ ਦਾ ਨਿਰਮਾਣ ਕਾਰਜ ਚੱਲ ਰਿਹਾ ਹੈ ਅਤੇ ਲੋਕਾਂ ਨੂੰ ਇਸ ਛੱਪੜ ਦੇ ਨਿਰਮਾਣ ਨਾਲ ਸਮੱਸਿਆਵਾਂ ਤੋਂ ਰਾਹਤ ਮਿਲੇਗੀ।ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪਠਾਨਕੋਟ ਅੰਦਰ ਕਰੀਬ ਇੱਕ ਕਰੋੜ ਰੁਪਏ ਖਰਚ ਕਰਕੇ ਧਾਰ ਵਿਖੇ ਜੋ ਰੈਸਟ ਹਾਊਸ ਸਥਿਤ ਹੈ, ਉਸ ਨਜ਼ਦੀਕ ਇੱਕ ਹੋਰ ਬਿਲਡਿੰਗ ਦਾ ਨਿਰਮਾਣ ਕੀਤਾ ਜਾ ਰਿਹਾ ਹੈ, ਮਲਿਕਪੁਰ ਤੋਂ ਕਥਲੋਰ ਨੂੰ ਜਾਣ ਵਾਲੀ ਸੜਕ ਦਾ ਨਿਰਮਾਣ ਕਰੀਬ 15 ਕਰੋੜ ਰੁਪਏ ਖਰਚ ਕਰਕੇ ਕੀਤਾ ਗਿਆ ਹੈ। ਸਰਨਾ ਵਿਖੇ ਸਰਕਿੱਟ ਹਾਊਸ ਦਾ ਨਿਰਮਾਣ ਕਰੋੜਾਂ ਰੁਪਏ ਨਾਲ ਕੀਤਾ ਜਾ ਰਿਹਾ ਹੈ। ਇਹ ਪ੍ਰੋਜੰਕਟ ਆਉਣ ਵਾਲੇ ਦਿਨ੍ਹਾਂ ਵਿੱਚ ਮੁਕੰਮਲ ਕਰਕੇ ਜਨਤਾ ਨੂੰ ਸਮਰਪਤ ਕੀਤੇ ਜਾਣਗੇ।ਇਸ ਤੋਂ ਇਲਾਵਾ ਕਟਾਰੂਚੱਕ ਪਿੰਡ ਸ਼ਰੀਫ ਚੱਕ, ਸ਼ੇਰ ਦਾ ਝੁੰਮਰ ਅਤੇ ਪਿੰਡ ਧੁੱਪਛੜੀ ਵਿਖੇ ਪਹੁੰਚੇ। ਇਨ੍ਹਾਂ ਪਿੰਡਾਂ ਵਿੱਚ ਜਿੱਥੇ ਉਨ੍ਹਾਂ ਲੋਕਾਂ ਦੀਆਂ ਮੁਸ਼ਕਿਲਾਂ ਸੁਣੀਆਂ ਅਤੇ ਜੋ ਪਿੰਡ ਵਾਸੀਆਂ ਦੀਆਂ ਸਮੱਸਿਆਵਾਂ ਸਨ ਉਨ੍ਹਾਂ ਨੂੰ ਜਲਦੀ ਹੱਲ ਕਰਨ ਦਾ ਭਰੋਸਾ ਦਿੱਤਾ।

ਲੋਕ ਸੰਘਰਸ਼ ਅੱਗੇ ਝੁਕਦਿਆਂ ਮਾਨ ਸਰਕਾਰ ਨੇ ਕਿਸਾਨ ਤੇ ਮਜ਼ਦੂਰ ਆਗੂ ਕੀਤੇ ਰਿਹਾਅ

ਪਠਾਨਕੋਟ (ਦਵਿੰਦਰ ਸਿੰਘ)- ਪੰਜਾਬ ਸਰਕਾਰ ਨੇ ਕਿਸਾਨੀ ਮੰਗਾਂ ਨੂੰ ਮੰਨਣ ਦੀ ਬਜਾਏ ਬੁਖਲਾਹਟ ਵਿੱਚ ਆ ਕੇ ਪੁਰਅਮਨ ਤਰੀਕੇ ਨ

7 Mar Page-12.qxd 3/6/2025 11:21 PM Page 1

ਰਿਸ਼ਵਤਖੋਰੀ ਦੇ ਕੇਸ 'ਚ ਭਗੌੜਾ ਪਟਵਾਰੀ ਵਿਜੀਲੈਂਸ ਬਿਊਰੋ ਵੱਲੋਂ ਗ੍ਰਿਫ਼ਤਾਰ

ਨਵਾਂਸ਼ਹਿਰ, (ਕੁਲਵਿੰਦਰ ਸਿੰਘ ਦੁਰਗਾਪੁਰੀਆ)— ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਵਿੱਢੀ ਆਪਣੀ ਮੁਹਿੰਮ ਦੌਰਾਨ ਪੰਜਾਬ ਵਿਜੀਲੈਂਸ ਬਿਊਰੋ ਨੇ ਮਾਲ ਹਲਕਾ ਨਵਾਂਸ਼ਹਿਰ-1 ਵਿਖੇ ਤਾਇਨਾਤ ਇੱਕ ਪਟਵਾਰੀ ਵਿਪਨ ਕੁਮਾਰ ਨੂੰ ਗ੍ਰਿਫ਼ਤਾਰ ਕੀਤਾ ਹੈ ਜੋ ਰਿਸ਼ਵਤਖੋਰੀ ਦੇ ਮੁਕੱਦਮੇ ਵਿੱਚ ਤਿੰਨ ਹਫ਼ਤਿਆਂ ਤੋਂ ਫਰਾਰ ਚੱਲ ਰਿਹਾ ਸੀ। ਇਸ ਕੇਸ ਵਿੱਚ ਪਟਵਾਰੀ ਦੇ ਕਾਰਿੰਦੇ ਰਾਮਪਾਲ ਨੂੰ ਉਸ (ਪਟਵਾਰੀ) ਖਾਤਰ 3,000 ਰੁਪਏ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ ਗਿਆ ਸੀ।ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਇਹ ਮੁਕੱਦਮਾ ਐਸਬੀਐਸ ਨਗਰ ਜ਼ਿਲ੍ਹੇ ਦੇ ਨਵਾਂਸ਼ਹਿਰ ਦੀ ਨਵੀਂ ਆਬਾਦੀ ਖੇਤਰ ਦੇ ਇੱਕ ਵਸਨੀਕ ਦੀ ਸ਼ਿਕਾਇਤ ਦੇ ਆਧਾਰ 'ਤੇ ਦਰਜ ਕੀਤਾ ਗਿਆ ਸੀ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਦੋਸ਼ ਲਗਾਉਂਦਿਆਂ ਦੱਸਿਆ ਕਿ ਉਕਤ ਪਟਵਾਰੀ ਵਿਪਨ ਕੁਮਾਰ ਨੇ ਉਸਦੇ ਜੱਦੀ ਘਰ ਦਾ ਇੰਤਕਾਲ ਦਰਜ ਕਰਨ ਲਈ 5,000 ਰੁਪਏ ਦੀ ਰਿਸ਼ਵਤ ਮੰਗੀ ਸੀ। ਪਟਵਾਰੀ ਦੇ ਕਹੇ ਅਨੁਸਾਰ ਸ਼ਿਕਾਇਤਕਰਤਾ ਨੇ ਪਟਵਾਰੀ ਦੇ ਏਜੰਟ ਰਾਮਪਾਲ ਨੂੰ 2,000 ਰੁਪਏ ਪੇਸ਼ਗੀ ਅਦਾ ਕਰ ਦਿੱਤੇ ਸਨ। ਜਦੋਂ ਬਾਕੀ ਰਕਮ ਲਈ ਹੋਰ ਦਬਾਅ ਪਾਇਆ ਗਿਆ ਤਾਂ ਸ਼ਿਕਾਇਤਕਰਤਾ ਨੇ ਮਦਦ ਲਈ ਵਿਜੀਲੈਂਸ ਬਿਊਰੋ ਕੋਲ ਪਹੁੰਚ ਕੀਤੀ।ਬੁਲਾਰੇ ਨੇ ਅੱਗੇ ਕਿਹਾ ਕਿ ਸ਼ਿਕਾਇਤ ਦੀ ਮੁੱਢਲੀ ਤਸਦੀਕ ਤੋਂ ਬਾਅਦ, ਵਿਜੀਲੈਂਸ ਬਿਊਰੋ ਨੇ 14 ਫਰਵਰੀ, 2025 ਨੂੰ ਜਾਲ ਵਿਛਾਇਆ ਅਤੇ ਰਾਮਪਾਲ ਨੂੰ ਦੋ ਸਰਕਾਰੀ ਗਵਾਹਾਂ ਦੀ ਮੌਜੂਦਗੀ ਵਿੱਚ ਸ਼ਿਕਾਇਤਕਰਤਾ ਤੋਂ 3,000 ਰੁਪਏ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ। ਇਸ ਦੌਰਾਨ, ਪਟਵਾਰੀ ਵਿਪਨ ਕੁਮਾਰ ਗ੍ਰਿਫ਼ਤਾਰੀ ਤੋਂ ਬਚਦੇ ਹੋਏ ਮੌਕੇ ਤੋਂ ਭੱਜਣ ਵਿੱਚ ਕਾਮਯਾਬ ਹੋ ਗਿਆ। ਉਦੋਂ ਤੋਂ, ਵਿਜੀਲੈਂਸ ਬਿਊਰੋ ਵੱਲੋਂ ਉਸਦੇ ਘਰ ਅਤੇ ਹੋਰ ਟਿਕਾਣਿਆਂ 'ਤੇ ਛਾਪੇਮਾਰੀ ਕੀਤੀ ਜਾ ਰਹੀ ਸੀ, ਜਿਸ ਕਾਰਨ ਉਸਨੂੰ ਅੰਤ ਵਿੱਚ ਗ੍ਰਿਫ਼ਤਾਰ ਕਰ ਲਿਆ ਗਿਆ।ਇਸ ਸਬੰਧ ਵਿੱਚ ਵਿਜੀਲੈਂਸ ਬਿਊਰੋ ਪੁਲਸ ਥਾਣਾ, ਜਲੰਧਰ ਰੇਂਜ ਵਿਖੇ ਦੋਵਾਂ ਮੁਲਜ਼ਮਾਂ ਵਿਰੁੱਧ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਕੇਸ ਦਰਜ ਕੀਤਾ ਹੋਇਆ ਹੈ। ਗ੍ਰਿਫ਼ਤਾਰ ਕੀਤੇ ਗਏ ਪਟਵਾਰੀ ਦਾ ਅਦਾਲਤ ਵੱਲੋਂ ਇੱਕ ਦਿਨ ਦਾ ਪੁਲਸ ਰਿਮਾਂਡ ਦੇ ਦਿੱਤਾ ਗਿਆ ਹੈ ਅਤੇ ਇਸ ਮਾਮਲੇ ਦੀ ਹੋਰ ਜਾਂਚ ਜਾਰੀ ਹੈ।

ਮੇਅਰ ਵੱਲੋਂ ਨਗਰ ਨਿਗਮ ਦਫ਼ਤਰ ਦੀ ਚੈਕਿੰਗ

ਲੁਧਿਆਣਾ (ਰਾਜ ਸਿੰਗਲਾਂ) ਨਗਰ ਨਿਗਮ ਲੁਧਿਆਣਾ ਦੀ ਮੇਅਰ ਪ੍ਰਿੰਸੀਪਲ ਇੰਦਰਜੀਤ ਕੌਰ ਦੁਆਰਾ ਅੱਜ ਨਗਰ ਨਿਗਮ ਲੁਧਿਆਣਾ ਦੇ ਜ਼ੂਨ ਵੀ ਦੀ ਅਚਨਚੇਤ ਚੈਕਿੰਗ ਕੀਤੀ । ਗੈਰ ਹਾਜ਼ਰ ਜਾਂ ਦੇਰੀ ਨਾਲ ਆਉਣ ਵਾਲੇ ਅਧਿਕਾਰੀਆਂ ਨੂੰ ਚੇਤਾਵਨੀ ਦਿੱਤੀ ਉਨਾਂ ਚੇਤਾਵਨੀ ਦਿੱਤੀ । ਉਨ੍ਹਾ ਕਿਹਾ ਆਮ ਲੋਕ ਸਾਡੇ ਤੇ ਭਰੋਸਾ ਕਰਦੇ ਹਨ ਅਤੇ ਆਪਣੇ ਕੰਮ ਕਰਾਉਣ ਲਈ ਦਫਤਰਾਂ ਵਿੱਚ ਪਹੁੰਚ ਜਾਂਦੇ ਹਨ ।ਫਿਰ ਵੀ ਕਈ ਵਾਰ ਸ਼ਿਕਾਇਤ ਮਿਲਦੀ ਹੈ ਕਿ ਉਹਨਾਂ ਨੂੰ ਅਧਿਕਾਰੀ ਨਹੀਂ ਮਿਲੇ ਸੋ ਮੇਰੀ ਇਹ ਸਾਰੇ ਨਿਗਮ ਦੇ ਅਧਿਕਾਰੀਆਂ ਨੂੰ ਬੇਨਤੀ ਹੈ ਕਿ ਸਮੇਂ ਸਿਰ ਪਹੁੰਚ ਕੇ ਆਮ ਲੋਕਾਂ ਦਾ ਕੰਮ ਸਮੇਂ ਸਿਰ ਕਰਿਆ ਜਾਵੇ।

ਸੀ ਟੀ ਗਰੁੱਪ ਨੌਰਥ ਕੈਂਪਸ ਵਿਖੇ ਵਿਸ਼ਾਲ ਅੰਤਰ-ਕਾਲਜ ਤਿਉਹਾਰ ਮਨਾਇਆ

ਜਲੰਧਰ (ਸੈਲੀ ਐਲਬਰਟ)- : ਸੀ ਟੀ ਗਰੁੱਪ ਆਫ਼ ਇੰਸਟੀਚਿਊਸ਼ਨਜ਼, ਨਾਰਥ ਕੈਂਪਸ, ਮਕਸੂਦਨ, ਨੇ ਇੱਕ ਦਿਲਚਸਪ ਅਤੇ ਜੀਵੰਤ ਅੰਤਰ-ਕਾਲਜ ਤਿਉਹਾਰ, ਕਲਰਸ 2025 ਦੀ ਮੇਜ਼ਬਾਨੀ ਕੀਤੀ।। ਇਸ ਵਿੱਚ 50 ਤੋਂ ਵੱਧ ਕਾਲਜਾਂ ਅਤੇ ਪੂਰੇ ਖੇਤਰ ਦੇ 1,200 ਤੋਂ ਵੱਧ ਵਿਦਿਆਰਥੀਆਂ ਨੇ ਹਿੱਸਾ ਲਿਆ, ਆਪਣੀ ਪ੍ਰਤਿਭਾ ਅਤੇ ਰਚਨਾਤਮਕਤਾ ਦਾ ਪ੍ਰਦਰਸ਼ਨ ਕੀਤਾ, 11,000 ਰੁਪਏ ਦੇ ਨਕਦ ਇਨਾਮ ਦੇ ਨਾਲ ਵੱਕਾਰੀ ਓਵਰਆਲ ਟਰਾਫੀ ਕੇਐਮਵੀ ਕਾਲਜ ਨੂੰ ਦਿੱਤੀ ਗਈ, ਜਦੋਂ ਕਿ 5,100 ਰੁਪਏ ਦੇ ਇਨਾਮ ਵਾਲੀ ਰਨਰ-ਅੱਪ ਟਰਾਫੀ ਡੀਏਵੀ ਇੰਸਟੀਚਿਊਟ ਆਫ਼ ਇੰਜੀਨੀਅਰਿੰਗ ਐਂਡ ਟੈਕਨਾਲੋਜੀ ਨੂੰ ਦਿੱਤੀ ਗਈ।। ਇਸ ਸਮਾਗਮ ਵਿੱਚ ਕਈ ਪ੍ਰਮੁੱਖ ਮਹਿਮਾਨ ਸ਼ਾਮਲ ਹੋਏ, ਜਿਨ੍ਹਾਂ ਵਿੱਚ ਸੀਟੀ ਗਰੁੱਪ ਦੇ ਮੈਨੇਜਿੰਗ ਡਾਇਰੈਕਟਰ ਡਾ. ਮਨਬੀਰ ਸਿੰਘ, ਵਾਈਸ ਚੇਅਰਮੈਨ ਹਰਪ੍ਰੀਤ ਸਿੰਘ, ਸਹਿ-ਮੈਨੇਜਿੰਗ ਡਾਇਰੈਕਟਰ ਤਾਨਿਕਾ ਸਿੰਘ, ਜਲੰਧਰ ਸੈਂਟਰਲ ਦੇ ਵਿਧਾਇਕ ਰਮਨ ਅਰੋੜਾ, ਡੀਈਓ ਸੈਕੰਡਰੀ, ਜਲੰਧਰ ਡਾ. ਗੁਰਿੰਦਰਜੀਤ ਕੌਰ, ਪਿਮਸ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਰਾਜੀਵ ਅਰੋੜਾ, 91.1 ਐਫਐਮ ਰੇਡੀਓ ਸਿਟੀ ਤੋਂ ਆਰਜੇ ਵੇਲਾ ਵਿਕਰਾਂਤ, ਪ੍ਰਸਿੱਧ ਗਾਇਕ ਆਤਿਸ਼, ਅਤੇ ਸਿਕਸ ਈਚ ਫਿਲਮ ਦੀ ਸਟਾਰ ਕਾਸਟ, ਮੈਂਡੀ ਤੱਖਰ ਅਤੇ ਹਰਦੀਪ ਗਰੇਵਾਲ ਸ਼ਾਮਲ ਸਨ।। ਕਲਰਸ 2024 ਦਾ ਉਦੇਸ਼ ਵਿਦਿਆਰਥੀਆਂ ਨੂੰ ਉਨ੍ਹਾਂ ਦੀਆਂ ਕਲਾਤਮਕ ਅਤੇ ਅਕਾਦਮਿਕ ਯੋਗਤਾਵਾਂ ਨੂੰ ਪ੍ਰਦਰਸ਼ਿਤ ਕਰਨ ਲਈ ਇੱਕ ਪਲੇਟਫਾਰਮ ਪ੍ਰਦਾਨ ਕਰਨਾ ਸੀ।। ਇਸ ਸਮਾਗਮ ਵਿੱਚ ਪ੍ਰਸ਼ਨੋਤਰੀ-ਕੁਇਜ਼, ਟ੍ਰੇਜ਼ਰ ਟ੍ਰੋਵ, ਵਾਰ ਆਫ਼ ਵਰਡਜ਼ (ਬਹਿਸ), ਕੋਡ ਡੀਬਰਿੰਗ, ਅਲਪਨਾ (ਰੰਗੋਲੀ), ਮੇਂਦੀਕਾ (ਮਹਿੰਦੀ), ਕਲਾ ਕ੍ਰਿਤੀ (ਪੋਸਟਰ ਮੇਕਿੰਗ), ਫੂਡ ਪੋਕਰ (ਸਲਾਦ ਮੇਕਿੰਗ), ਫੇਸ ਪੇਂਟਿੰਗ, ਫੈਸ਼ਨ ਸ਼ੋਅ, ਸੋਲੋ ਸਿੰਗਿੰਗ, ਭੰਗੜਾ/ਗਿੱਧਾ, ਸੰਗੀਤ ਯੰਤਰ, ਸੋਲੋ ਡਾਂਸ, ਗਰੁੱਪ ਡਾਂਸ, ਅਤੇ ਹੋਰ ਬਹੁਤ ਸਾਰੇ ਮੁਕਾਬਲੇ ਸ਼ਾਮਲ ਸਨ। ਵਿਦਿਆਰਥੀਆਂ ਨੇ ਇਨ੍ਹਾਂ ਹਰੇਕ ਗਤੀਵਿਧੀ ਰਾਹੀਂ ਆਪਣੀ ਸਿਰਜਣਾਤਮਕਤਾ ਅਤੇ ਜਨੂੰਨ ਦਾ ਪ੍ਰਦਰਸ਼ਨ ਕੀਤਾ।। ਜੇਤੂਆਂ ਨੂੰ ਇਨਾਮ ਸਹਿ-ਚੇਅਰਪਰਸਨ ਮੈਡਮ ਪਰਮਿੰਦਰ ਕੌਰ, ਵਿਧਾਇਕ ਰਮਨ ਅਰੋੜਾ, ਸਹਾਇਕ ਨਿਰਦੇਸ਼ਕ ਡਾ. ਰਮਨਦੀਪ ਗੌਤਮ ਅਤੇ ਦਾਖਲੇ ਦੇ ਡਿਪਟੀ ਡਾਇਰੈਕਟਰ ਸ਼੍ਰੀ ਵਿਕਾਸ ਦੁਆਰਾ ਵੰਡੇ ਗਏ।। ਕੈਂਪਸ ਡਾਇਰੈਕਟਰ, ਡਾ. ਅਨੁਰਾਗ ਸ਼ਰਮਾ ਨੇ ਕਲਰਸ 2025 ਦੇ ਸੰਗਠਨ ਅਤੇ ਸਫਲਤਾ ਤੇ ਬਹੁਤ ਸੰਤੁਸ਼ਟੀ ਪ੍ਰਗਟ ਕੀਤੀ, ਇਸਨੂੰ ਕੈਂਪਸ ਦੁਆਰਾ ਆਯੋਜਿਤ ਸਭ ਤੋਂ ਵਧੀਆ ਸੱਭਿਆਚਾਰਕ ਮੇਲਿਆਂ ਵਿੱਚੋਂ ਇੱਕ ਦੱਸਿਆ।

ਜਨਮ ਦਿਨ ਮੁਬਾਰਕ

ਮਨਵੀਰ ਸਿੰਘ
ਪਿਤਾ : ਗੁਰਬਚਨ ਸਿੰਘ
ਮਾਤਾ : ਜਗਮੀਤ ਕੌਰ
ਵਾਸੀ : ਵਰਿਆਮ ਵਾਲਾ ਫਿਰੋਜ਼ਪੁਰ

ਅਸ਼ਮੀਤ ਸਿੰਘ
ਪਿਤਾ : ਜਸਬੀਰ ਸਿੰਘ
ਮਾਤਾ : ਧਰਮਜੀਤ ਕੌਰ
ਵਾਸੀ : ਅੰਮ੍ਰਿਤਸਰ

ਹਿਮਾਇਰਾ
ਪਿਤਾ : ਦੀਪਕ ਸਿੰਘ
ਮਾਤਾ : ਰਿੰਕੀ ਕੌਰ
ਵਾਸੀ : ਸੁਨਾਮ, ਊਧਮ ਸਿੰਘ ਵਾਲਾ

ਵਰ੍ਹੇਗੰਢ ਮੁਬਾਰਕ

ਬਹਾਦਰ ਸਿੰਘ ਬੱਬੀ ਤੇ ਹਰਪ੍ਰੀਤ ਕੌਰ ਵਾਸੀ ਜਲੰਧਰ ਨੇ ਆਪਣੇ ਵਿਆਹ ਦੀ 18ਵੀਂ ਵਰ੍ਹੇਗੰਢ ਮਨਾਈ।

ਗੁਰੂ ਨਾਨਕ ਮੋਦੀਖਾਨਾ ਚੈਰੀਟੇਬਲ ਟਰੱਸਟ ਨੂੰ ਸਲਵਿੰਦਰ ਸਿੰਘ ਜਾਲਫ਼ ਪਰਵਾਰ ਵੱਲੋਂ 51000 ਦਾ ਚੈੱਕ ਭੇਟ

ਲੋਹੀਆਂ ਖਾਸ, (ਯੋਗੇਸ਼ਵਰ, ਰੀਨਾ ਸ਼ਰਮਾ) : ਗੁਰੂ ਨਾਨਕ ਮੋਦੀਖਾਨਾ ਚੈਰੀਟੇਬਲ ਟਰੱਸਟ ਲੋਹੀਆਂ ਖਾਸ ਗੁ: ਸਿੱਖ ਸੈਂਟਰ ਆਫ਼ ਸਿਆਟਲ ਅਤੇ ਸੋਚ ਸੈਂਟਰ ਸਿਆਟਲ ਵੱਲੋਂ ਅਕਤੂਬਰ 2018 ਤੋਂ ਦਾਨੀ ਸੱਜਣਾਂ ਦੇ ਸਹਿਯੋਗ ਨਾਲ਼ ਲੋੜਵੰਦਾਂ ਦੀ ਮਦਦ ਲਈ ਹਰ ਪ੍ਰਕਾਰ ਦੀਆਂ ਸੇਵਾਵਾਂ ਦੇ ਨਾਲ਼ ਨਾਲ਼ ਮਹੀਨਾਵਾਰੀ ਰਾਸ਼ਨ ਦੀਆਂ ਸੇਵਾਵਾਂ ਵੀ ਜਾਰੀ ਹਨ ਅਤੇ ਇਨ੍ਹਾਂ ਸੇਵਾਵਾਂ ਨੂੰ ਲਗਾਤਾਰ ਬੇਰੋਕ ਟੋਕ ਜਾਰੀ ਰੱਖਣ ਵਾਸਤੇ ਬਹੁਤ ਸਾਰੇ ਦਾਨੀ ਸੱਜਣ ਅੱਗੇ ਆ ਰਹੇ ਹਨ। ਇਵੇਂ ਹੀ ਗੁਰੂ ਨਾਨਕ ਮੋਦੀਖਾਨਾ ਪਰਵਾਰ ਦੇ ਮੈਂਬਰ ਸਲਵਿੰਦਰ ਸਿੰਘ ਜਾਲਫ਼ ਦੇ ਲਾਡਲੇ ਪੋਤਰੇ ਅਤੇ ਅਮਰੀਕਾ ਨਿਵਾਸੀ ਗੁਰਪ੍ਰੀਤ ਸਿੰਘ ਜਾਲਫ਼ ਸਰਦਾਰਨੀ ਜਤਿੰਦਰ ਕੌਰ ਜਾਲਫ਼ ਦੇ ਬੇਟੇ ਅਰਵਿਨ ਸਿੰਘ ਜਾਲਫ਼, ਏਕਮ ਸਿੰਘ ਜਾਲਫ਼ ਦੇ ਜਨਮਦਿਨ ਦੀ ਖੁਸ਼ੀ ਵਿੱਚ ਪਰਿਵਾਰ ਦੇ ਗ੍ਰਹਿ ਵਿਖੇ ਕਰਵਾਏ ਗਏ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਮਹੀਨਾਵਾਰੀ ਰਾਸ਼ਨ ਦੀ ਸੇਵਾ ਵਾਸਤੇ 51000 (ਇਕਵੰਜਾ ਹਜ਼ਾਰ) ਰੁਪਏ ਦਾ ਚੈੱਕ ਟਰੱਸਟ ਨੂੰ ਸੌਂਪਿਆ ਗਿਆ, ਜਾਲਫ਼ ਪਰਵਾਰ ਵੱਲੋਂ ਅਗਾਂਹ ਤੋਂ ਵੀ ਹਰ ਪ੍ਰਕਾਰ ਦੇ ਸਹਿਯੋਗ ਦਾ ਭਰੋਸਾ ਦਿੱਤਾ ਗਿਆ। ਮੌਕੇ ਤੇ ਮੌਜੂਦ ਟਰੱਸਟ ਦੇ ਮੈਂਬਰਾਂ ਸਤਿੰਦਰ ਸਿੰਘ ਖ਼ਾਲਸਾ, ਸੁਖਵਿੰਦਰ ਸਿੰਘ ਸੈਂਹਬੀ, ਮਾਸਟਰ ਪਰਮਿੰਦਰ ਸਿੰਘ ਪਨੇਸਰ, ਅਮਰਜੀਤ ਸਿੰਘ ਅਹੂਜਾ ਅਤੇ ਦਵਿੰਦਰ ਸਿੰਘ ਬਿੱਲਾ ਵੱਲੋਂ ਜਾਲਫ਼ ਪਰਿਵਾਰ ਦਾ ਧੰਨਵਾਦ ਕੀਤਾ ਗਿਆ।

ਦੋਆਬਾ ਪਬਲਿਕ ਸਕੂਲ ਨੇ ਧੂਮਧਾਮ ਨਾਲ ਮਨਾਇਆ ਐਵਾਰਡ ਸਮਾਰੋਹ

ਮਾਹਿਲਪੁਰ/(ਸ.ਫ਼ਰੀ)- ਦੋਆਬਾ ਪਬਲਿਕ ਸਕੂਲ, ਦੋਹਲਰੋ, ਜੋ ਕਿ ਮੈਨੇਜ਼ਿੰਗ ਡਾਇਰੈਕਟਰ ਹਰਜਿੰਦਰ ਸਿੰਘ ਗਿੱਲ ਦੀ ਅਗਵਾਈ ਹੇਠ ਇਲਾਕੇ ਦੀ ਸਿਰਮੌਰ ਵਿੱਦਿਅਕ ਸੰਸਥਾ ਵਜੋਂ ਚਲ ਰਿਹਾ ਹੈ, ਵਿੱਚ ਐਵਾਰਡ ਸਮਾਰੋਹ 2023-24 ਬੜੀ ਧੂਮਧਾਮ, ਉਤਸ਼ਾਹ ਅਤੇ ਸ਼ਾਨਦਾਰ ਪੇਸ਼ਕਾਰੀਆਂ ਨਾਲ ਮਨਾਇਆ ਗਿਆ।ਇਸ ਮੌਕੇ ਸ਼੍ਰੀਮਤੀ ਬਰਿੰਦਰ ਕੌਰ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ ਅਤੇ ਸਮਾਰੋਹ ਦੀ ਪ੍ਰਧਾਨਗੀ ਕੀਤੀ। ਸਕੂਲ ਚੇਅਰਪਰਸਨ ਹਰਪ੍ਰੀਤ ਕੌਰ ਅਤੇ ਡਾਇਰੈਕਟਰ ਗੁਰਿੰਦਰ ਸਿੰਘ ਬੈਂਸ ਨੇ ਵੀ ਵਿਸ਼ੇਸ਼ ਰੂਪ ਵਿੱਚ ਸ਼ਾਮਿਲ ਹੋ ਕੇ ਵਿਦਿਆਰਥੀਆਂ ਦੀ ਹੌਸਲਾ ਅਫ਼ਜ਼ਾਈ ਕੀਤੀ। ਮੈਨੇਜਰ ਇਸ਼ਮੀਤ ਸਿੰਘ ਬੈਂਸ ਨੇ ਮੁੱਖ ਮਹਿਮਾਨ ਦਾ ਨਿੱਘਾ ਸਵਾਗਤ ਕੀਤਾ ਗਿਆ ।ਸਮਾਰੋਹ ਦੀ ਸ਼ੁਰੂਆਤ ਮੁੱਖ ਮਹਿਮਾਨ ਵਲੋਂ ਸ਼ਮ੍ਹਾਂ ਰੌਸ਼ਨ ਕਰਕੇ ਕੀਤੀ ਗਈ, ਜਿਸ ਉਪਰੰਤ ਵਿਦਿਆਰਥਣਾਂ ਵਲੋਂ ਰੂਸੀ ਡਾਂਸ ਪੇਸ਼ ਕਰਕੇ ਸਭ ਨੂੰ ਮੋਹ ਲਿਆ। ਪ੍ਰਿੰਸੀਪਲ ਅਰੁਣ ਗੁਪਤਾ ਨੇ ਆਏ ਹੋਏ ਮਹਿਮਾਨਾਂ ਅਤੇ ਮਾਪਿਆਂ ਦਾ ਮੋਹ ਭਿੱਜੇ ਸ਼ਬਦਾਂ ਰਾਹੀ ਸਵਾਗਤ ਕੀਤਾ । ਇਸ ਦੌਰਾਨ ਵਿਦਿਆਰਥੀਆਂ ਨੇ ਇੰਗਲਿਸ਼ ਪਲੇਅ ਪੇਸ਼ ਕਰਕੇ ਸਭ ਦਾ ਦਿਲ ਜਿੱਤ ਲਿਆ । ਕੇ. ਜੀ. ਕਲਾਸ ਦੇ ਵਿਦਿਆਰਥੀਆਂ ਵਲੋਂ ਜਦੋਂ ਨੰਨ੍ਹਾ ਮੁੰਨ੍ਹਾ ਰਾਹੀ ਹੂੰ , ਦੇਸ਼ ਕਾ ਸਿਪਾਹੀ ਹੂੰ ਤੇ ਪੇਸ਼ਕਾਰੀ ਕੀਤੀ ਗਈ ਤਾਂ ਮਾਹੌਲ ਦੇਸ਼ ਭਗਤੀ ਦੇ ਰੰਗ ਵਿੱਚ ਰੰਗਿਆ ਗਿਆ ।ਵਿੱਦਿਅਕ ਸੈਸ਼ਨ 2023-24 ਦੌਰਾਨ ਪਹਿਲਾ, ਦੂਜਾ ਅਤੇ ਤੀਜਾ ਸਥਾਨ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਇਨਾਮ ਅਤੇ ਸਰਟੀਫਿਕੇਟ ਵੰਡ ਕੇ ਸਨਮਾਨਿਤ ਕੀਤਾ ਗਿਆ। ਇਸ ਵਿਸ਼ੇਸ਼ ਦਿਨ ਨੂੰ ਹੋਰ ਯਾਦਗਾਰ ਬਣਾਉਣ ਲਈ ਹਰ ਵਿਦਿਆਰਥੀਆਂ ਨੇ ਕੰਨਵੋਕੇਸ਼ਨ ਲਿਬਾਸ ਪਹਿਨੇ, ਜਿਸ ਨਾਲ ਸਮਾਰੋਹ ਦੀ ਸ਼ਾਨ ਹੋਰ ਵੱਧ ਗਈ। ਮਾਪਿਆਂ ਅਤੇ ਵਿਦਿਆਰਥੀਆਂ ਦੀ ਖੁਸ਼ੀ ਦਾ ਅੰਦਾਜ਼ਾ ਹਾਲ ਵਿੱਚ ਗੂੰਜ ਰਹੀਆਂ ਤਾੜੀਆਂ ਤੋਂ ਲਾਇਆ ਜਾ ਸਕਦਾ ਸੀ। ਮੁੱਖ ਮਹਿਮਾਨ ਸ਼੍ਰੀਮਤੀ ਬਰਿੰਦਰ ਕੌਰ ਨੇ ਮਾਪਿਆਂ, ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੰਦਿਆਂ, ਅਧਿਆਪਕਾਂ ਦੀ ਮਿਹਨਤ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਉਚਾਈਆਂ ਹਾਸਲ ਕਰਨ ਲਈ ਪ੍ਰੇਰਿਤ ਕੀਤਾ ਅਤੇ ਵਿੱਦਿਅਕ ਖੇਤਰ ਵਿੱਚ ਕਾਮਯਾਬੀ ਦੀਆਂ ਸਿਖਰਾਂ ਛੂਹਣ ਦੀ ਅਪੀਲ ਕੀਤੀ। ਇਸ ਸਮਾਗਮ ਵਿੱਚ ਮੈਡਮ ਸੁਖਵਿੰਦਰ ਕੌਰ ਗਿੱਲ, ਪੂਜਾ ਰਾਣੀ, ਅਜੈ ਕੁਮਾਰੀ, ਸ਼ੈਲੀ ਸ਼ਰਮਾ, ਵਿਨੋ ਕੁਮਾਰ, ਦੀਪਿਕਾ, ਪੂਨਮ ਬਾਲਾ, ਸੁਹੇਲ ਗਾਂਧੀ, ਸੰਜਨਾ ਸੈਣੀ,ਸਿੰਮੀ ਸਹੋਤਾ , ਲਲਿਤਾ ਸ਼ਰਮਾ, ਰੇਨੂੰ ਪ੍ਰਿਆ, ਅਮਨਦੀਪ ਕੌਰ, ਰਵੀ ਕੁਮਾਰ, ਅਨੂਪ ਕੁਮਾਰ, ਕਮਲਪ੍ਰੀਤ ਸਿੰਘ ਕੋਚ ਸਮੇਤ ਸਮੂਹ ਅਧਿਆਪਕ ਸਟਾਫ ਹਾਜ਼ਰ ਸੀ।

ਵਪਾਰੀਆਂ ਲਈ 'ਵਨ ਟਾਈਮ ਸੈਟਲਮੈਂਟ ਯੋਜਨਾ' ਸਰਕਾਰ ਦਾ ਚੰਗਾ ਉਪਰਾਲਾ : ਇੰਦਰਜੀਤ ਕੌਰ

ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)- ਹਲਕਾ ਨਕੋਦਰ ਦੇ ਐਮ ਐਲ ਏ ਮੈਡਮ ਇੰਦਰਜੀਤ ਕੌਰ ਮਾਨ ਨੇ ਦੱਸਿਆ ਕਿ ਪੰਜਾਬ ਦੇ ਵਪਾਰੀਆਂ ਲਈ ਵਨ ਟਾਈਮ ਸੈਟਲਮੈਂਟ ਯੋਜਨਾ ਬਹੁਤ ਹੀ ਵਧੀਆ ਯੋਜਨਾ ਹੈ ਇਸ ਨਾਲ ਆਮ ਵਪਾਰੀਆਂ ਨੂੰ ਵਪਾਰ ਵਿੱਚ ਲਾਭ ਮਿਲੇਗਾ। ਇਹ ਮਸਲਾ ਪਿਛਲੇ 40 ਸਾਲਾਂ ਤੋਂ ਲਟਕਦਾ ਆ ਰਿਹਾ ਸੀ । ਇਸ ਨਾਲ ਸੂਬੇ ਦੇ 1145 ਵਪਾਰੀਆਂ ਨੂੰ ਲਾਭ ਹੋਵੇਗਾ ਕਿਉਂਕਿ ਉਦਯੋਗਪਤੀ 8% ਸਧਾਰਨ ਵਿਆਜ ਦੇ ਨਾਲ ਭੁਗਤਾਨ ਕਰ ਸਕਣਗੇ ਅਤੇ 100% ਜੁਰਮਾਨੇ ਤੋਂ ਛੂਟ ਮਿਲੇਗੀ। ਇਸ ਤੋਂ ਇਲਾਵਾ ਬਕਾਏ ਦਾ ਭੁਗਤਾਨ ਕਰਕੇ ਪਲਾਂਟਾਂ ਦੀਆਂ ਰੱਦ ਹੋਈਆਂ ਐਲਾਟਮੈਂਟ ਨੂੰ ਮੁੜ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ ਪੀ ਐਸ ਆਈ ਈਸੀ ਬਣਾਏ ਉਦਯੋਗਿਕ ਫੋਕਲ ਪੁਆਇੰਟਾ 'ਚ ਉਦਯੋਗੀ ਪਲਾਟ, ਸ਼ੈਡ ਅਤੇ ਰਹਾਇਸ਼ੀ ਪਲਾਟ ਆਉਣਗੇ। ਇਸ ਯੋਜਨਾ ਦੇ ਅਧੀਨ ਵਪਾਰੀਆਂ ਨੂੰ ਵਿੱਤੀ ਬੋਝ ਅਤੇ ਕਾਨੂੰਨ